ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 17 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੨ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੀਂਹ ਦਾ ਕਹਿਰ, ਸੁੱਤੇ ਪਏ ਪਰਿਵਾਰ 'ਤੇ ਡਿੱਗੀ ਕਮਰੇ ਦੀ ਛੱਤ, 2 ਬੱਚਿਆਂ ਸਮੇਤ ਪਤੀ-ਪਤਨੀ ਮਲਬੇ ਹੇਠ ਆਏ

**ਸ੍ਰੀ ਮੁਕਤਸਰ ਸਾਹਿਬ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਦੋ ਦਿਨਾਂ ਤੋਂ ਲਗਾਤਾਰ ਪੈ ਰਹੀ ਬਾਰਿਸ਼ ਨੇ ਸ੍ਰੀ ਮੁਕਤਸਰ ਸਾਹਿਬ 'ਚ ਇੱਕ ਗਰੀਬ ਪਰਿਵਾਰ ਦੀ ਜ਼ਿੰਦਗੀ ਨੂੰ ਹਿਲਾ ਕੇ ਰੱਖ ਦਿੱਤਾ ਹੈ। ਗੋਨਿਆਨਾ ਰੋਡ 'ਤੇ ਇੱਕ ਘਰ ਦੀ ਕਮਰੇ ਦੇ ਘਰ ਦੀ ਛੱਤ ਅਚਾਨਕ ਤੜਕਸਾਰ ਡਿੱਗ ਪਈ, ਜਿਸ ਕਾਰਨ ਪੂਰਾ ਪਰਿਵਾਰ ਮਲਬੇ ਹੇਠ ਦੱਬ ਗਿਆ। ਇਹ ਹਾਦਸਾ ਅੱਜ ਤੜਕ ਕਰੀਬ 5 ਵਜੇ ਵਾਪਰਿਆ, ਜਦ ਗੋਨਿਆਨਾ ਰੋਡ 'ਤੇ ਇਕ ਗਰੀਬ ਪਰਿਵਾਰ, ਜੋ ਕਿ ਦਿਹਾੜੀ-ਮਜ਼ਦੂਰੀ ਕਰਕੇ ਆਪਣਾ ਪੇਟ ਪਾਲ ਰਿਹਾ ਸੀ, ਆਪਣੇ ਇਕੋ ਕਮਰੇ ਵਾਲੇ ਘਰ ਵਿੱਚ ਆਪਣੇ ਪਰਿਵਾਰ ਸਮੇਤ ਸੁੱਤਾ ਹੋਇਆ ਸੀ। ਅਚਾਨਕ ਛੱਤ ਡਿੱਗ ਪਈ ਤੇ ਘਰ ਦੇ ਮਾਲਕ, ਉਸ ਦੀ ਘਰਵਾਲੀ ਅਤੇ ਦੋ ਬੱਚੇ ਉਸ ਛੱਤ ਹੇਠਾਂ ਦੱਬ ਗਏ। ਗਲੀ ਦੇ ਆਸ-ਪਾਸ ਦੇ ਲੋਕ ਜਦ ਤੱਕ ਉਥੇ ਪੁੱਜੇ, ਤਦ ਤੱਕ ਉਹਨਾਂ ਦੀ ਹਾਲਤ ਡਰਾਵਨੀ ਹੋ ਚੁੱਕੀ ਸੀ। ਗਾਵਾਂਡ ਦੇ ਲੋਕਾਂ ਨੇ ਬੜੀ ਮੁਸ਼ਕਲ ਨਾਲ ਛੱਤ ਹੇਠੋਂ ਕੱਢਿਆ। ਸਭ ਤੋਂ ਵੱਡੀ ਗੱਲ ਇਹ ਰਹੀ ਕਿ ਕਿਸੇ ਦੀ ਜਾਨ ਨਹੀਂ ਗਈ, ਪਰ ਪਰਿਵਾਰ ਨੂੰ ਸੱਟਾਂ ਲੱਗੀਆਂ ਹਨ। ਪਰ ਜਿੰਨਾ ਭਾਰੀ ਨੁਕਸਾਨ ਹੋਇਆ ਹੈ, ਉਹ ਕਿਸੇ ਜਾਨੀ ਨੁਕਸਾਨ ਤੋਂ ਘੱਟ ਨਹੀਂ। ਉਹ ਕਹਿੰਦੇ ਹਨ ਕਿ ਉਹ ਸਿਰਫ ਇੱਕ ਕਮਰੇ 'ਚ ਹੀ ਰਹਿੰਦੇ ਸਨ ਤੇ ਉਨ੍ਹਾਂ ਦਾ ਸਾਰਾ ਸਮਾਨ - ਸਜ਼ਾ-ਸਮਾਨ, ਰਜਾਈਆਂ, ਬਿਸਤਰ, ਕੱਪੜੇ, ਕੂਲਰ, ਫਰਿਜ਼, ਸਭ ਕੁਝ ਛੱਤ ਹੇਠਾਂ ਆ ਕੇ ਤਬਾਹ ਹੋ ਗਿਆ। ਉਹਨਾਂ ਨੇ ਦੱਸਿਆ ਕਿ ਦਿਹਾੜੀ ਕਰਕੇ ਘਰ ਚਲਾਉਣ ਵਾਲੇ ਇਸ ਹਾਦਸੇ ਤੋਂ ਬਾਅਦ ਹੁਣ ਉਹਨਾਂ ਕੋਲ ਨਾ ਛੱਤ ਰਹੀ, ਨਾ ਹੀ ਰੋਟੀ ਬਣਾਉਣ ਦੀ ਥਾਂ।

# ਸ੍ਰੀ ਹਰਿਮੰਦਰ ਸਾਹਿਬ ਨੂੰ ਤੀਜੀ ਵਾਰ ਬੰਬ ਧਮਾਕੇ ਦੀ ਧਮਕੀ

**ਅੰਮ੍ਰਿਤਸਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸ੍ਰੀ ਹਰਿਮੰਦਰ ਸਾਹਿਬ ਨੂੰ ਇੱਕ ਵਾਰ ਮੁੜ ਬੰਬ ਧਮਾਕੇ ਦੀ ਧਮਕੀ ਮਿਲੀ ਹੈ। ਧਮਕੀ ਦੀ ਇਹ ਈਮੇਲ 72 ਘੰਟਿਆਂ 'ਚ ਤੀਜੀ ਵਾਰ ਮਿਲੀ ਹੈ, ਜਿਸ ਦੀ ਤੋਂ ਬਾਅਦ ਪੁਲਿਸ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਆਲੇ-ਦੁਆਲੇ ਦੇ ਇਲਾਕੇ ਵਿੱਚ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਹਰ ਸ਼ੱਕੀ ਵਸਤਾਂ ਅਤੇ ਲੋਕਾਂ ਦੀ ਤਲਾਸ਼ੀ ਮੁਹਿੰਮ ਤਹਿਤ ਜਾਂਚ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਇਸਤੋਂ ਪਹਿਲਾਂ ਬੀਤੀ 14 ਅਤੇ 15 ਜੁਲਾਈ ਨੂੰ ਵੀ ਸ੍ਰੀ ਦਰਬਾਰ ਸਾਹਿਬ ਦੇ ਲੰਗਰ ਹਾਲ ਨੂੰ ਉਡਾਉਣ ਅਤੇ ਧਮਾਕਾ ਕਰਨ ਦੀ ਧਮਕੀ ਭਰੀਆਂ ਈਮੇਲ ਮਿਲੀਆਂ ਸਨ। ਉਪਰੰਤ 16 ਜੁਲਾਈ ਨੂੰ ਐਸਜੀਪੀਸੀ ਪ੍ਰਧਾਨ ਹਰਜਿੰਦਰ ਧਾਮੀ ਦੇ ਦੱਸਣ ਅਨੁਸਾਰ, ਧਮਕੀ ਦੀਆਂ 3 ਈਮੇਲ ਮਿਲੀਆਂ ਹਨ। ਲਗਾਤਾਰ ਮਿਲ ਰਹੀਆਂ ਧਮਕੀਆਂ ਦੇ ਮੱਦੇਨਜ਼ਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨੇ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਦੀ ਸੁਰੱਖਿਆ ਵਧਾ ਦਿੱਤੀ ਹੈ। ਸਖ਼ਤ ਜਾਂਚ ਨੂੰ ਯਕੀਨੀ ਬਣਾਉਣ ਲਈ ਉੱਥੇ ਬੰਬ ਨਿਰੋਧਕ ਦਸਤੇ ਅਤੇ ਖੋਜੀ ਕੁੱਤੇ ਤਾਇਨਾਤ ਕੀਤੇ ਗਏ ਹਨ। ਐਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸਥਿਤੀ ਦਾ ਜਾਇਜ਼ਾ ਲੈਂਦੇ ਹੋਏ ਕਿਹਾ, "ਪ੍ਰਬੰਧਕਾਂ ਨੂੰ ਪਿਛਲੇ ਤਿੰਨ ਦਿਨਾਂ ਵਿੱਚ ਤਿੰਨ ਧਮਕੀ ਭਰੇ ਈਮੇਲ ਮਿਲੇ ਹਨ, ਜਿਨ੍ਹਾਂ ਦੀ ਜਾਣਕਾਰੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਦੇ ਦਿੱਤੀ ਗਈ ਹੈ। ਅੰਮ੍ਰਿਤਸਰ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੂੰ ਵੀ ਸੂਚਿਤ ਕੀਤਾ ਗਿਆ ਹੈ, ਪਰ ਅਜੇ ਤੱਕ ਕਿਸੇ ਵੱਲੋਂ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਗਈ ਹੈ।" ਉਨ੍ਹਾਂ ਅੱਗੇ ਕਿਹਾ, "ਸ਼ਰਧਾਲੂਆਂ ਦੀ ਗਿਣਤੀ ਘਟਾਉਣ ਲਈ ਇਨ੍ਹਾਂ ਧਮਕੀਆਂ ਪਿੱਛੇ ਕੋਈ ਸਾਜ਼ਿਸ਼ ਹੋ ਸਕਦੀ ਹੈ।" ਉਨ੍ਹਾਂ ਨੇ ਮੁਲਜ਼ਮਾਂ ਵਿਰੁੱਧ ਜਲਦੀ ਕਾਰਵਾਈ ਦੀ ਮੰਗ ਕੀਤੀ ਹੈ। ਐਸਜੀਪੀਸੀ ਅਤੇ ਅੰਮ੍ਰਿਤਸਰ ਪੁਲਿਸ ਦੋਵੇਂ ਹਾਈ ਅਲਰਟ 'ਤੇ ਹਨ। ਸੁਰੱਖਿਆ ਕਾਰਨਾਂ ਕਰਕੇ ਈਮੇਲਾਂ ਦੇ ਪੂਰੇ ਵੇਰਵੇ ਜਨਤਕ ਨਹੀਂ ਕੀਤੇ ਗਏ ਹਨ। ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਦੇ ਆਲੇ-ਦੁਆਲੇ ਪੁਲਿਸ ਅਤੇ ਅਰਧ ਸੈਨਿਕ ਬਲ ਤਾਇਨਾਤ ਕੀਤੇ ਗਏ ਹਨ ਅਤੇ ਉੱਥੇ ਆਉਣ-ਜਾਣ ਵਾਲੇ ਹਰ ਵਿਅਕਤੀ 'ਤੇ ਸਖ਼ਤ ਨਜ਼ਰ ਰੱਖੀ ਜਾ ਰਹੀ ਹੈ। ਇਸ ਦੌਰਾਨ, ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਇਸ ਮਾਮਲੇ ਵਿੱਚ ਜਲਦੀ ਹੀ ਕੁਝ ਮਹੱਤਵਪੂਰਨ ਸੁਰਾਗ ਮਿਲਣ ਦੀ ਉਮੀਦ ਹੈ। ਉਨ੍ਹਾਂ ਕਿਹਾ "ਅਸੀਂ ਕੇਸ ਨੂੰ ਜਲਦੀ ਹੀ ਸੁਲਝਾਉਣ ਦੇ ਬਹੁਤ ਨੇੜੇ ਹਾਂ।"



## ਪਾਕਿਸਤਾਨ 'ਚ ਮੁੜ ਤਿੰਨ ਹਿੰਦੂ ਕੁੜੀਆ ਅਗਵਾ, ਮੁਸਲਿਮ ਮੁੰਡਿਆਂ ਨਾਲ ਕਰਾ 'ਤਾ ਵਿਆਹ

**ਲਾਹੌਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਪਾਕਿਸਤਾਨ ਵਿਚ ਘੱਟ ਗਿਣਤੀ ਹਿੰਦੂ ਭਾਈਚਾਰਾ ਸੁਰੱਖਿਅਤ ਨਹੀਂ ਹੈ। ਹਿੰਦੂ ਭਾਈਚਾਰੇ ਦੀਆਂ ਕੁੜੀਆਂ ਨੂੰ ਅਗਵਾ ਕਰਨ, ਧਰਮ ਪਰਿਵਰਤਨ ਕਰਾਉਣ ਅਤੇ ਜ਼ਬਰਦਸਤੀ ਮੁਸਲਿਮ ਵਿਅਕਤੀਆਂ ਨਾਲ ਵਿਆਹ ਕਰਾਏ ਜਾਣ ਦੇ ਮਾਮਲੇ ਸਾਹਮਣੇ ਆਉਂਦੇ ਰਹਿੰਦੇ ਹਨ। ਤਾਜ਼ਾ ਮਾਮਲਾ ਸਿੰਧ ਸੂਬੇ ਵਿਚ ਹਿੰਦੂ ਭਾਈਚਾਰੇ ਦੀਆਂ ਤਿੰਨ ਕੁੜੀਆਂ ਦਾ ਹੈ। ਸਿੰਧ ਸੂਬੇ ਦੇ ਟੰਡੋ ਅੱਲ੍ਹਾਯਾਰ ਜ਼ਿਲ੍ਹੇ ਵਿੱਚ ਇੱਕ ਨਹੀਂ ਸਗੋਂ ਤਿੰਨ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿੱਥੇ ਕੁੜੀਆਂ ਨੂੰ ਅਗਵਾ ਕਰਕੇ ਧਰਮ ਪਰਿਵਰਤਨ ਕਰਾਇਆ ਗਿਆ ਅਤੇ ਫਿਰ ਮੁਸਲਿਮ ਮੁੰਡਿਆਂ ਨਾਲ ਉਨ੍ਹਾਂ ਦਾ ਵਿਆਹ ਕਰਾ ਦਿੱਤਾ ਗਿਆ। ਜਾਣਕਾਰੀ ਮੁਤਾਬਕ ਕੁੜੀਆਂ ਨਾਬਾਲਗ ਦੱਸੀਆਂ ਗਈਆਂ ਹਨ। ਕੁੜੀਆਂ ਦੇ ਪਰਿਵਾਰ ਵਾਲਿਆਂ ਨੇ ਇਸ ਸਬੰਧ ਵਿਚ ਐੱਫ.ਆਈ.ਆਰ ਵੀ ਦਰਜ ਕਰਾਈ ਹੈ। 13 ਜੁਲਾਈ ਐਤਵਾਰ ਨੂੰ ਜ਼ਿਲ੍ਹੇ ਦੇ ਸੁਲਤਾਨਾਬਾਦ ਪੁਲਸ ਸਟੇਸ਼ਨ ਵਿੱਚ ਤਿੰਨ ਵੱਖ-ਵੱਖ ਐਫ.ਆਈ.ਆਰ ਦਰਜ ਕਰਾਈਆਂ ਗਈਆਂ, ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਕੁੜੀਆਂ ਨੂੰ ਉਸੇ ਥਾਣੇ ਦੇ ਵੱਖ-ਵੱਖ ਇਲਾਕਿਆਂ ਤੋਂ ਅਗਵਾ ਕੀਤਾ ਗਿਆ ਅਤੇ ਜ਼ਬਰਦਸਤੀ ਮੁਸਲਿਮ ਮੁੰਡਿਆਂ ਨਾਲ ਵਿਆਹ ਕਰਵਾ ਦਿੱਤਾ ਗਿਆ। ਪੁਲਸ ਸਟੇਸ਼ਨ ਵਿੱਚ ਦਰਜ ਐਫ.ਆਈ.ਆਰ ਅਨੁਸਾਰ ਤਿੰਨ ਕੁੜੀਆਂ ਖੇਂਚੀ ਕੋਲਹੀ, ਲਤਾ ਮੇਘਵਧ ਅਤੇ ਮੀਨਾ ਮੇਘਵਧ ਨੂੰ ਅਗਵਾ ਕਰਨ ਤੋਂ ਬਾਅਦ, ਉਨ੍ਹਾਂ ਦਾ ਜ਼ਬਰਦਸਤੀ ਧਰਮ ਪਰਿਵਰਤਨ ਕਰਾਇਆ ਗਿਆ ਅਤੇ ਫਿਰ ਉਸੇ ਦਿਨ ਉਨ੍ਹਾਂ ਦਾ ਵਿਆਹ ਮੁਸਲਿਮ ਮੁੰਡਿਆਂ ਨਾਲ ਕਰ ਦਿੱਤਾ ਗਿਆ। ਪਾਕਿਸਤਾਨ ਦੇ ਅਖ਼ਬਾਰ 'ਐਕਸਪ੍ਰੈਸ ਟ੍ਰਿਬਿਊਨ' ਦੀ ਇੱਕ ਰਿਪੋਰਟ ਅਨੁਸਾਰ ਪਰਿਵਾਰਕ ਮੈਂਬਰ ਜ਼ਬਰਦਸਤੀ ਧਰਮ ਪਰਿਵਰਤਨ ਦਾ ਵਿਰੋਧ ਕਰ ਰਹੇ ਹਨ ਅਤੇ ਮੰਗ ਕਰ ਰਹੇ ਹਨ ਕਿ ਅਗਵਾਕਾਰਾਂ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ। ਪੁਲਸ ਕੋਲ ਐਫ.ਆਈ.ਆਰ ਦਰਜ ਕਰਵਾਉਣ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਪੁਲਸ ਸਟੇਸ਼ਨ ਦੇ ਬਾਹਰ ਵਿਰੋਧ ਪ੍ਰਦਰਸ਼ਨ ਕੀਤਾ। ਪਰਿਵਾਰਕ ਮੈਂਬਰਾਂ ਨੇ ਮੰਗ ਕੀਤੀ ਕਿ ਉਹ ਅਗਵਾਕਾਰਾਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਤੱਕ ਆਪਣਾ ਵਿਰੋਧ ਪ੍ਰਦਰਸ਼ਨ ਖਤਮ ਨਹੀਂ ਕਰਨਗੇ। ਪਰ ਫਿਰ ਪੁਲਸ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਤਿੰਨਾਂ ਕੁੜੀਆਂ ਦੇ ਅਗਵਾਕਾਰਾਂ ਨੂੰ ਗ੍ਰਿਫ਼ਤਾਰ ਕਰ ਲੈਣਗੇ, ਉਦੋਂ ਹੀ ਪਰਿਵਾਰਕ ਮੈਂਬਰਾਂ ਨੇ ਆਪਣਾ ਵਿਰੋਧ ਪ੍ਰਦਰਸ਼ਨ ਖਤਮ ਕੀਤਾ।

## ਸੀਬੀਆਈ ਕਰੇਗੀ ਕਰਨਲ ਬਾਠ ਮਾਮਲੇ ਦੀ ਜਾਂਚ, ਹਾਈਕੋਰਟ ਨੇ ਚੰਡੀਗੜ੍ਹ ਪੁਲਿਸ ਦੇ ਜਾਂਚ ਅਧਿਕਾਰੀ ਨੂੰ ਪਾਈ ਤਿੱਖੀ ਝਾੜ

**ਚੰਡੀਗੜ੍ਹ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਪੰਜਾਬ-ਹਰਿਆਣਾ ਹਾਈਕੋਰਟ ਨੇ ਕਰਨਲ ਬਾਠ ਮਾਮਲੇ ਵਿੱਚ ਬੁੱਧਵਾਰ ਸੁਣਵਾਈ ਦੌਰਾਨ ਚੰਡੀਗੜ੍ਹ ਪੁਲਿਸ ਦੇ ਜਾਂਚ ਅਧਿਕਾਰੀ ਨੂੰ ਕੇਸ ਵਿੱਚੋਂ ਧਾਰਾ 307 ਹਟਾਉਣ 'ਤੇ ਤਿੱਖੀ ਝਾੜ ਪਾਈ ਅਤੇ ਕੇਸ ਦੀ ਜਾਂਚ ਸੀਬੀਆਈ ਨੂੰ ਸੌਂਪਣ ਦੇ ਹੁਕਮ ਦਿੱਤੇ ਹਨ। ਦੱਸ ਦਈਏ ਕਿ ਬੀਤੇ ਦਿਨੀ ਕਰਨਲ ਬਾਠ ਦੇ ਪਰਿਵਾਰ ਵੱਲੋਂ ਮਾਮਲੇ ਦੀ ਜਾਂਚ ਸਹੀ ਨਾਲ ਨਾ ਹੋਣ ਬਾਰੇ ਹਾਈਕੋਰਟ 'ਚ ਅਰਜ਼ੀ ਦਾਖਲ ਕਰਕੇ ਸੀਬੀਆਈ ਨੂੰ ਸੌਂਪੇ ਜਾਣ ਦੀ ਮੰਗ ਕੀਤੀ ਗਈ ਸੀ, ਜਿਸ 'ਤੇ ਅੱਜ ਮੁੜ ਸੁਣਵਾਈ ਹੋਈ। ਸੁਣਵਾਈ ਦੌਰਾਨ ਕੇਸ ਦੀ ਜਾਂਚ ਕਰ ਰਹੇ ਐਸਪੀ ਨੇ ਹਾਈ ਕੋਰਟ ਨੂੰ ਦੱਸਿਆ ਕਿ ਜਾਂਚ ਜਾਰੀ ਹੈ ਅਤੇ ਨਿਰਧਾਰਤ ਸਮੇਂ ਵਿੱਚ ਪੂਰੀ ਹੋ ਜਾਵੇਗੀ। ਇਸ 'ਤੇ ਹਾਈ ਕੋਰਟ ਨੇ ਕਿਹਾ ਕਿ ਭਾਵੇਂ ਤੁਹਾਡੀ ਜਾਂਚ ਚੱਲ ਰਹੀ ਹੈ, ਪਰ ਇਹ ਸਹੀ ਤਰੀਕੇ ਨਾਲ ਨਹੀਂ ਹੋ ਰਹੀ ਜਾਪਦੀ। ਬਾਠ ਦੇ ਵਕੀਲ ਨੇ ਕਿਹਾ ਕਿ ਇਸ ਮਾਮਲੇ ਦੇ ਮੁਲਜ਼ਮ ਇੰਸਪੈਕਟਰ ਰੌਨੀ ਸਿੰਘ ਦੀ ਜ਼ਮਾਨਤ ਦੀ ਸੁਣਵਾਈ ਦੌਰਾਨ ਚੰਡੀਗੜ੍ਹ ਪੁਲਿਸ ਨੇ ਕਿਹਾ ਸੀ ਕਿ ਉਹ ਰੌਨੀ ਸਿੰਘ ਨੂੰ ਗ੍ਰਿਫ਼ਤਾਰ ਕਰਨ ਦੀ ਪੂਰੀ ਕੋਸ਼ਿਸ਼ ਕਰ ਰਹੀ ਹੈ ਅਤੇ ਉਸਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ, ਪਰ ਇਸ ਦੇ ਬਾਵਜੂਦ ਅਜੇ ਤੱਕ ਚੰਡੀਗੜ੍ਹ ਪੁਲਿਸ ਇੰਸਪੈਕਟਰ ਰੌਨੀ ਸਿੰਘ ਨੂੰ ਗ੍ਰਿਫ਼ਤਾਰ ਨਹੀਂ ਕਰ ਰਹੀ, ਇਹ ਸਪੱਸ਼ਟ ਹੈ ਕਿ ਪੁਲਿਸ ਸਹੀ ਢੰਗ ਨਾਲ ਕੰਮ ਨਹੀਂ ਕਰ ਰਹੀ। ਵਕੀਲ ਨੇ ਹਾਈਕੋਰਟ ਨੂੰ ਦੱਸਿਆ ਕਿ ਕਰਨਲ ਬਾਠ ਨੂੰ 5 ਸੱਟਾਂ ਲੱਗੀਆਂ ਸਨ ਅਤੇ ਉਸਦੀ ਬਾਂਹ ਟੁੱਟ ਗਈ ਸੀ। ਹਮਲੇ 'ਚ ਪੁੱਤਰ ਦਾ ਨੱਕ ਟੁੱਟ ਗਿਆ ਸੀ, ਉਸਨੂੰ 8 ਸੱਟਾਂ ਲੱਗੀਆਂ ਸਨ। ਫਿਰ ਵੀ ਪੂਰੀ ਜਾਂਚ ਸਿਰਫ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਬਚਾਉਣ ਲਈ ਹੀ ਕੀਤੀ ਜਾ ਰਹੀ ਹੈ। ਬਾਠ ਦੇ ਵਕੀਲ ਨੇ ਕਿਹਾ ਕਿ ਇਹ ਸਿਰਫ਼ ਹਮਲੇ ਦਾ ਮਾਮਲਾ ਨਹੀਂ ਹੈ, ਇਹ ਸਿਰਫ਼ ਇੱਕ ਸੀਨੀਅਰ ਫੌਜੀ ਅਧਿਕਾਰੀ 'ਤੇ ਹਮਲੇ ਦਾ ਮਾਮਲਾ ਨਹੀਂ ਹੈ, ਜਿਸ ਵਿੱਚ ਪੰਜਾਬ ਪੁਲਿਸ ਦੇ ਅਧਿਕਾਰੀ ਦੋਸ਼ੀ ਹਨ। ਹਾਈ ਕੋਰਟ ਨੇ ਇਸ ਪੂਰੇ ਮਾਮਲੇ ਵਿੱਚ ਆਈਪੀਸੀ ਦੀ ਧਾਰਾ 307 ਹਟਾਉਣ 'ਤੇ ਸਵਾਲ ਉਠਾਏ। ਹਾਈ ਕੋਰਟ ਨੇ ਪੁੱਛਿਆ ਕਿ ਇੰਸਪੈਕਟਰ ਰੋਨੀ ਸਿੰਘ ਅਤੇ ਹੋਰ ਮੁਲਜ਼ਮ ਪੁਲਿਸ ਅਧਿਕਾਰੀ ਕਿੱਥੇ ਹਨ। ਇਸ 'ਤੇ ਚੰਡੀਗੜ੍ਹ ਪ੍ਰਸ਼ਾਸਨ ਨੇ ਕਿਹਾ ਕਿ ਉਹ ਸਾਰੇ ਹੁਣ ਗੈਰ-ਹਾਜ਼ਰ ਹਨ। ਇਸ 'ਤੇ ਹਾਈ ਕੋਰਟ ਨੇ ਪੁੱਛਿਆ ਕਿ ਤੁਸੀਂ ਉਨ੍ਹਾਂ ਨੂੰ ਕਦੋਂ ਗ੍ਰਿਫ਼ਤਾਰ ਕਰੋਗੇ। ਹਾਈ ਕੋਰਟ ਨੇ ਜਾਂਚ ਅਧਿਕਾਰੀ ਨੂੰ ਫਟਕਾਰ ਲਗਾਈ ਅਤੇ ਕਿਹਾ ਕਿ ਹੁਣ ਤੁਹਾਡੀ ਧਾਰਾ 307 ਹਟਾ ਕੇ, ਤੁਸੀਂ ਉਨ੍ਹਾਂ ਦੇ ਭੱਜਣ ਦਾ ਪ੍ਰਬੰਧ ਕਰ ਲਿਆ ਹੈ। ਹਾਈ ਕੋਰਟ ਨੇ ਕਿਹਾ ਕਿ ਤੁਸੀਂ ਇੱਕ ਆਈਪੀਐਸ ਅਧਿਕਾਰੀ ਹੋ, ਤੁਹਾਡੇ ਤੋਂ ਬਿਹਤਰ ਜਾਂਚ ਦੀ ਉਮੀਦ ਸੀ। ਹਾਈ ਕੋਰਟ ਨੇ ਕਿਹਾ ਕਿ ਇਸ ਮਾਮਲੇ ਵਿੱਚ ਢਾਬੇ ਦੇ ਮਾਲਕ ਦੇ ਬਿਆਨ 'ਤੇ ਪਹਿਲੀ ਐਫਆਈਆਰ ਦਰਜ ਕੀਤੀ ਗਈ ਸੀ, ਇੱਥੋਂ ਪੂਰਾ ਮਾਮਲਾ ਖਰਾਬ ਹੋ ਗਿਆ। ਹਾਈ ਕੋਰਟ ਨੇ ਕਿਹਾ ਕਿ ਹੁਣ ਇਸ ਮਾਮਲੇ ਦੀ ਜਾਂਚ ਸੀਬੀਆਈ ਕਰੇਗੀ।




## ਹੁਣ ਕੈਨੇਡਾ ਵਿੱਚ ਲਾਰੈਂਸ ਬਿਸ਼ਨੋਈ ਗੈਂਗ 'ਤੇ ਕਸਿਆ ਜਾਵੇਗਾ ਸ਼ਿਕੰਜਾ, ਛੇਤੀ ਹੀ ਐਲਾਨਿਆ ਜਾਵੇਗਾ ਅੱਤਵਾਦੀ ਸੰਗਠਨ ?



**ਟੋਰਾਂਟੋ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਕੈਨੇਡਾ ਵਿੱਚ ਲਾਰੈਂਸ ਬਿਸ਼ਨੋਈ ਗੈਂਗ ਦੀਆਂ ਮੁਸੀਬਤਾਂ ਵਧ ਸਕਦੀਆਂ ਹਨ। ਕੈਨੇਡੀਅਨ ਸੂਬੇ ਅਲਬਰਟਾ ਵਿੱਚ ਲਾਰੈਂਸ ਗੈਂਗ ਨੂੰ ਅੱਤਵਾਦੀ ਸੰਗਠਨ ਐਲਾਨਣ ਦੀ ਮੰਗ ਤੇਜ਼ ਹੋ ਗਈ ਹੈ। ਸੂਬਾਈ ਸਰਕਾਰ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਵਿਸ਼ੇਸ਼ ਅਪੀਲ ਕੀਤੀ ਹੈ। ਸਰਕਾਰ ਦਾ ਕਹਿਣਾ ਹੈ ਕਿ ਇਹ ਗੈਂਗ ਕੈਨੇਡਾ ਵਿੱਚ ਕਈ ਤਰ੍ਹਾਂ ਦੀਆਂ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇ ਰਿਹਾ ਹੈ। ਹਿੰਸਾ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਟਾਰਗੇਟ ਕਿਲਿੰਗ ਵੀ ਇਸਦਾ ਇੱਕ ਹਿੱਸਾ ਹਨ। ਅਲਬਰਟਾ ਦੇ ਪ੍ਰੀਮੀਅਰ ਡੈਨੀਅਲ ਸਮਿਥ ਅਤੇ ਜਨਤਕ ਸੁਰੱਖਿਆ ਤੇ ਐਮਰਜੈਂਸੀ ਸੇਵਾਵਾਂ ਮੰਤਰੀ ਮਾਈਕ ਐਲਿਸ ਨੇ ਮੰਗ ਕੀਤੀ ਹੈ ਕਿ ਲਾਰੈਂਸ ਗੈਂਗ ਨੂੰ ਅੱਤਵਾਦੀ ਸੰਗਠਨ ਐਲਾਨਿਆ ਜਾਵੇ।

ਡੈਨੀਅਲ ਸਮਿਥ ਨੇ ਇਸ ਸੰਬੰਧੀ ਇੱਕ 'ਐਕਸ' ਪੋਸਟ ਵੀ ਸਾਂਝੀ ਕੀਤੀ ਹੈ। ਉਨ੍ਹਾਂ ਨੇ ਪੋਸਟ ਵਿੱਚ ਲਿਖਿਆ, "ਲਾਰੈਂਸ ਬਿਸ਼ਨੋਈ ਗੈਂਗ ਇੱਕ ਅੰਤਰਰਾਸ਼ਟਰੀ ਅਪਰਾਧਿਕ ਨੈੱਟਵਰਕ ਹੈ ਜੋ ਹਿੰਸਾ, ਜਬਰੀ ਵਸੂਲੀ, ਨਸ਼ੀਲੇ ਪਦਾਰਥਾਂ ਦੀ ਤਸਕਰੀ ਤੇ ਟਾਰਗੇਟ ਕਿਲਿੰਗ ਦੀਆਂ ਘਟਨਾਵਾਂ ਨੂੰ ਅੰਜਾਮ ਦਿੰਦਾ ਹੈ, ਉਹ ਕੈਨੇਡਾ ਵਿੱਚ ਵੀ ਅਜਿਹਾ ਹੀ ਕਰ ਰਹੇ ਹਨ।"

ਲਾਰੈਂਸ ਗੈਂਗ ਨੂੰ ਚੇਤਾਵਨੀ ਦਿੰਦੇ ਹੋਏ ਡੈਨੀਅਲ ਸਮਿਥ ਨੇ ਕਿਹਾ, ਅਸੀਂ ਜਾਣਦੇ ਹਾਂ ਕਿ ਅਜਿਹੇ ਗੈਂਗ ਨਾ ਤਾਂ ਸਰਹੱਦਾਂ ਨੂੰ ਜਾਣਦੇ ਹਨ ਅਤੇ ਨਾ ਹੀ ਕਿਸੇ ਸਰਹੱਦ ਦਾ ਸਤਿਕਾਰ ਕਰਦੇ ਹਨ। ਅਲਬਰਟਾ ਉਨ੍ਹਾਂ ਨੂੰ ਸਪੱਸ਼ਟ ਸੰਦੇਸ਼ ਦੇਣਾ ਚਾਹੁੰਦਾ ਹੈ। ਤੁਹਾਡਾ ਇੱਥੇ ਸਵਾਗਤ ਨਹੀਂ ਕੀਤਾ ਜਾਵੇਗਾ।

ਸਮਿਥ ਅਤੇ ਐਲਿਸ ਨੇ ਪ੍ਰਧਾਨ ਮੰਤਰੀ ਕਾਰਨੀ ਤੋਂ ਬਿਸ਼ਨੋਈ ਗੈਂਗ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਹੁਣ ਕਾਰਵਾਈ ਦਾ ਸਮਾਂ ਆ ਗਿਆ ਹੈ। ਇਹ ਕਦਮ ਕੈਨੇਡਾ ਅਤੇ ਅਲਬਰਟਾ ਦੇ ਲੋਕਾਂ ਦੀ ਸੁਰੱਖਿਆ ਲਈ ਬਹੁਤ ਮਹੱਤਵਪੂਰਨ ਹੈ। ਤੁਹਾਨੂੰ ਦੱਸ ਦੇਈਏ ਕਿ ਲਾਰੈਂਸ ਗੈਂਗ ਦੁਨੀਆ ਦੇ ਕਈ ਦੇਸ਼ਾਂ ਵਿੱਚ ਸਰਗਰਮ ਹੈ ਅਤੇ ਹੁਣ ਤੱਕ ਕਈ ਵੱਡੇ ਅਪਰਾਧਾਂ ਨੂੰ ਅੰਜਾਮ ਦੇ ਚੁੱਕਾ ਹੈ।

**ਪੰਜਾਬ 'ਚ ਵੱਧ ਰਿਹਾ ਗੈਂਗਸਟਰਾਂ ਦਾ ਆਤੰਕ !**

ਪੰਜਾਬ ਦੇ ਲੁਧਿਆਣਾ ਜ਼ਿਲ੍ਹੇ ਦੇ ਜਗਰਾਉਂ ਦੇ ਕੱਚਾ ਮਲਕ ਰੋਡ 'ਤੇ ਸਥਿਤ ਸੈਂਟਰ ਸਿਟੀ ਕਲੋਨੀ ਵਿੱਚ ਰਹਿਣ ਵਾਲੇ ਇਮੀਗ੍ਰੇਸ਼ਨ ਕਾਰੋਬਾਰੀ ਬਲਵੰਤ ਸਿੰਘ ਨੂੰ ਇੱਕ ਵਿਦੇਸ਼ੀ ਨੰਬਰ ਤੋਂ ਧਮਕੀ ਭਰਿਆ ਫੋਨ ਆਇਆ ਹੈ। ਫੋਨ ਕਰਨ ਵਾਲੇ ਨੇ ਪੈਸੇ ਦੀ ਮੰਗ ਕੀਤੀ ਅਤੇ ਪੈਸੇ ਨਾ ਦੇਣ 'ਤੇ ਨਤੀਜੇ ਭੁਗਤਣ ਦੀ ਧਮਕੀ ਦਿੱਤੀ। ਕਾਰੋਬਾਰੀ ਨੇ ਮਾਮਲੇ ਦੀ ਸ਼ਿਕਾਇਤ ਪੁਲਿਸ ਨੂੰ ਕੀਤੀ। ਸ਼ਿਕਾਇਤ ਦੇ ਆਧਾਰ 'ਤੇ ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਬਲਵੰਤ ਸਿੰਘ ਦੇ ਜਗਰਾਉਂ ਅਤੇ ਰਾਏਕੋਟ ਵਿੱਚ ਇਮੀਗ੍ਰੇਸ਼ਨ ਸੈਂਟਰ ਹਨ। ਧਮਕੀ ਮਿਲਦੇ ਹੀ ਉਨ੍ਹਾਂ ਨੇ ਪੁਲਿਸ ਨੂੰ ਸੂਚਿਤ ਕੀਤਾ। ਥਾਣਾ ਇੰਚਾਰਜ ਇੰਸਪੈਕਟਰ ਵਰਿੰਦਰ ਸਿੰਘ ਉੱਪਲ ਰਾਤ ਨੂੰ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਡੀਐਸਪੀ ਸਿਟੀ ਜਸਜੋਤ ਸਿੰਘ ਨੇ ਕਿਹਾ ਕਿ ਕਾਲ ਵਿਦੇਸ਼ ਤੋਂ ਆਈ ਸੀ। ਫਿਰੌਤੀ ਦੀ ਰਕਮ ਅਜੇ ਸਪੱਸ਼ਟ ਨਹੀਂ ਹੈ।

## ਸਿੱਖ ਦੌੜਾਕ ਫੌਜਾ ਸਿੰਘ ਨੂੰ ਟੱਕਰ ਮਾਰਨ ਵਾਲਾ ਮੁਲਜ਼ਮ ਗ੍ਰਿਫ਼ਤਾਰ, ਹਾਲ ਹੀ 'ਚ ਕੈਨੇਡਾ ਤੋਂ ਆਇਆ ਸੀ ਪੰਜਾਬ

**ਜਲੰਧਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-** 114 ਸਾਲਾ ਬਜ਼ੁਰਗ ਸਿੱਖ ਐਥਲੀਟ ਫੌਜਾ ਸਿੰਘ ਦੀ ਸੜਕ ਹਾਦਸੇ ਵਿੱਚ ਹੋਈ ਮੌਤ ਦੇ ਮਾਮਲੇ ਵਿੱਚ ਪੁਲਿਸ ਨੂੰ ਵੱਡੀ ਸਫਲਤਾ ਮਿਲੀ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਐਨ. ਆਰ. ਆਈ. ਅੰਮ੍ਰਿਤਪਾਲ ਸਿੰਘ ਢਿੱਲੋਂ ਨੂੰ ਗ੍ਰਿਫ਼ਤਾਰ ਕੀਤਾ ਹੈ। ਹਾਦਸੇ ਸਮੇਂ ਮੁਲਜ਼ਮ ਤੇਜ਼ ਰਫ਼ਤਾਰ ਨਾਲ ਫਾਰਚੂਨਰ ਕਾਰ ਚਲਾ ਰਿਹਾ ਸੀ ਅਤੇ ਪੀੜਤ ਨੂੰ ਟੱਕਰ ਮਾਰਨ ਤੋਂ ਬਾਅਦ ਮੌਕੇ ਤੋਂ ਭੱਜ ਗਿਆ। ਪੁਲਿਸ ਨੇ ਮੰਗਲਵਾਰ ਦੇਰ ਰਾਤ ਉਸਨੂੰ ਉਸਦੇ ਪਿੰਡ ਕਰਤਾਰਪੁਰ ਤੋਂ ਗ੍ਰਿਫ਼ਤਾਰ ਕੀਤਾ। ਹਾਦਸੇ ਤੋਂ ਬਾਅਦ ਉਹ ਕਾਰ ਸਮੇਤ ਫਰਾਰ ਸੀ। ਦੱਸਿਆ ਜਾ ਰਿਹਾ ਹੈ ਕਿ ਅੰਮ੍ਰਿਤਪਾਲ ਨੇ ਕਪੂਰਥਲਾ ਨਿਵਾਸੀ ਰਵਿੰਦਰ ਸਿੰਘ ਤੋਂ ਲਗਭਗ ਦੋ ਸਾਲ ਪਹਿਲਾਂ ਫਾਰਚੂਨਰ ਕਾਰ ਖਰੀਦੀ ਸੀ, ਜਿਸ ਨੂੰ ਉਹ ਹਾਦਸੇ ਸਮੇਂ ਚਲਾ ਰਿਹਾ ਸੀ। ਕਾਰ ਦੀ ਰਫ਼ਤਾਰ ਬਹੁਤ ਤੇਜ਼ ਸੀ, ਜਿਸ ਕਾਰਨ ਇਹ ਫੌਜਾ ਸਿੰਘ ਨੂੰ ਟੱਕਰ ਮਾਰ ਗਈ। ਜਾਣਕਾਰੀ ਅਨੁਸਾਰ ਅੰਮ੍ਰਿਤਪਾਲ ਸਿੰਘ ਢਿੱਲੋਂ ਹਾਲ ਹੀ ਵਿੱਚ ਕੈਨੇਡਾ ਤੋਂ ਭਾਰਤ ਆਇਆ ਸੀ ਅਤੇ ਕਰਤਾਰਪੁਰ ਵਿੱਚ ਰਹਿ ਰਿਹਾ ਸੀ। ਪੁਲਿਸ ਸੂਤਰਾਂ ਅਨੁਸਾਰ ਹਾਦਸੇ ਸਮੇਂ ਉਹ ਭੋਗਪੁਰ ਤੋਂ ਆਪਣਾ ਮੋਬਾਈਲ ਵੇਚ ਕੇ ਘਰ ਪਰਤ ਰਿਹਾ ਸੀ। ਪੁਲਿਸ ਸੂਤਰਾਂ ਅਨੁਸਾਰ ਅੰਮ੍ਰਿਤਪਾਲ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਟੱਕਰ ਤੋਂ ਬਾਅਦ ਉਹ ਬਹੁਤ ਘਬਰਾ ਗਿਆ ਸੀ ਅਤੇ ਇਸ ਡਰ ਕਾਰਨ ਉਹ ਬਿਨਾਂ ਰੁਕੇ ਮੌਕੇ ਤੋਂ ਭੱਜ ਗਿਆ। ਪੁਲਿਸ ਨੇ ਕਾਰ ਨੂੰ ਵੀ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਫੋਰੈਂਸਿਕ ਜਾਂਚ ਲਈ ਭੇਜ ਦਿੱਤਾ ਹੈ। ਦੱਸਣਯੋਗ ਹੈ ਕਿ ਸੀਨੀਅਰ ਐਥਲੀਟ ਫੌਜਾ ਸਿੰਘ ਸੋਮਵਾਰ ਦੁਪਹਿਰ ਨੂੰ ਇਸ ਟੱਕਰ ਦਾ ਸ਼ਿਕਾਰ ਹੋ ਗਏ, ਜਦੋਂ ਉਹ ਸੜਕ ਕਿਨਾਰੇ ਪੈਦਲ ਜਾ ਰਹੇ ਸਨ। ਟੱਕਰ ਇੰਨੀ ਭਿਆਨਕ ਸੀ ਕਿ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਿਸ ਨੇ ਮੁਲਜ਼ਮਾਂ ਵਿਰੁੱਧ ਹਿੱਟ ਐਂਡ ਰਨ, ਲਾਪਰਵਾਹੀ ਕਾਰਨ ਮੌਤ ਅਤੇ ਮੌਕੇ ਤੋਂ ਫਰਾਰ ਹੋਣ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਮਾਮਲਾ ਮਾਤਾ ਰਮਾਈ ਬਾਈ ਅੰਬੇਡਕਰ ਮਾਰਗ ਥਾਣੇ ਵਿੱਚ ਦਰਜ ਕੀਤਾ ਗਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ। 114 ਸਾਲਾਂ ਬਜ਼ੁਰਗ ਸਿੱਖ ਦੌੜਾਕ ਫੌਜਾ ਸਿੰਘ ਨੂੰ ਟੱਕਰ ਮਾਰਨ ਵਾਲੇ ਆਰੋਪੀ ਨੂੰ ਅੱਜ ਜਲੰਧਰ ਦੀ ਅਦਾਲਤ ਵਿਚ ਪੇਸ਼ ਕੀਤਾ ਗਿਆ ਸੀ। ਜਿੱਥੇ ਅਦਾਲਤ ਨੇ ਆਰੋਪੀ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ 'ਚ ਭੇਜਿਆ ਹੈ।



ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

**RAGHBIR SINGH (Call : +44 7976 210161)**
121. Broadway west Walsall, West Midlands, WS1 4DW, England uk


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ਼੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ਼੍ਰੀ ਪਟਨਾ ਸਾਹਿਬ ਤੋਂ ਚੰਡੀਗੜ੍ਹ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਨਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ੍ਹ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

**RAGHBIR SINGH**
+44 7458 381111, +44 7976 210161

**PARAMJIT SHERGILL**
+44 7858 198159

**INDERJIT KAUR**
+44 7883 635835

**KULWINDER MANN**
+44 7900 982906

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**




ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM


### JOURNEY OF A LIFE TIME

## PANJ TAKHT YATRA

**5 TAKHAT YATRA - 10 NIGHTS / 11 DAYS**

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**


**FOR MORE INFORMATION PLS. CONTACT**

**RAGHBIR SINGH**
**+44 7458 381111, +44 7976 210161**

**PARAMJIT SHERGILL**
**+44 7858 198159**

**INDERJIT KAUR**
**+44 7883 635835**

**KULVINDER MANN**
**+44 7900 982906**

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ


ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK




**SRI GURU SINGH SABHA SOUTHALL, PARK AVENUE I UB13AG**

ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰੰਟੋ (ਕੈਨੇਡਾ)

**ਸਿੱਖ ਫੈਡਰੇਸ਼ਨ ਯੂ. ਕੇ.**

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ

ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

# ★ ਸ਼ਹੀਦੀ ਸਮਾਗਮ ★

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS









ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ









--✶ ਗੁਰੂ ਪੰਥ ਦਾ ਸੇਵਾਦਾਰ ✶--

ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

ਮੁਖੀ ਦਮਦਮੀ ਟਕਸਾਲ,
, ਜਥਾ ਭਿੰਡਰਾਂ, ਮਹਿਤਾ

ਅਤੇ ਪ੍ਰਧਾਨ ਸੰਤ ਸਮਾਜ

### ਤਲਵੰਡੀ ਸਾਬੋ ਵਿੱਚ ਦਿਨ ਦਿਹਾੜੇ

# ਲੁੱਟਾਂ-ਖੋਹਾਂ ਦਾ ਸਿਲਸਿਲਾ ਬੇਖੌਫ ਜਾਰੀ



**ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਕਸਬੇ ਅੰਦਰ ਚੋਰਾਂ ਦੇ ਹੌਂਸਲੇ ਐਨੇ ਵਧ ਗਏ ਹਨ ਕਿ ਉਹ ਦਿਨ ਦਿਹਾੜੇ ਲੁੱਟਾਂ ਖੋਹਾਂ ਕਰਨ ਲੱਗੇ ਹਨ।ਆਏ ਦਿਨ ਵਾਪਰ ਰਹੀਆਂ ਘਟਨਾਵਾਂ ਨੇ ਲੋਕਾਂ ਵਿੱਚ ਆਤੰਕ ਵਰਗਾ ਮਾਹੌਲ ਸਿਰਜ ਦਿੱਤਾ ਤੇ ਲੋਕ ਇਕੱਲੇ ਇਕਹਿਰੇ ਵਿਆਕਤੀ, ਬੱਚੇ, ਬਜੁਰਗ ਘਰੋਂ ਬਾਹਰ ਜਾਣ ਤੋਂ ਡਰਨ ਲੱਗੇ ਹਨ। ਦੱਸਣਯੋਗ ਹੈ ਕਿ ਜੱਗਾ ਸਿੰਘ ਮਿਸਤਰੀ ਵਾਸੀ ਸੀਂਗੋ ਜੋ ਕਚਿਹਰੀ ਸਾਹਮਣੇ ਵਾਸ਼ਿੰਗ ਦਾ ਕੰਮ ਕਰਦਾ ਹੈ ਦਾ ਨਵਾਂ ਡੀਲਕਸ ਮੋਟਰਸਾਈਕਲ ਉਸ ਦੀ ਦੁਕਾਨ ਦੇ ਅੱਗੋਂ ਚਿੱਟੇ ਦਿਨ ਚੁੱਕਕੇ ਲੈ ਗਏ ਹਨ ਜਿਸਦੀ ਕਿ ਉਸ ਨੇ ਪੁਲਿਸ ਰਿਪੋਰਟ ਕਰਵਾ ਦਿੱਤੀ ਸੀ। ਇੱਕ ਹੋਰ ਵਿਆਕਤੀ ਮਜ਼ਦੂਰ ਆਗੂ ਬਾਬੂ ਰਾਮ ਦੀ ਧਰਮ ਪਤਨੀ ਜੋ ਕਿ ਬੌਂਗੀਆ ਸਿੱਖ ਧਰਮਸ਼ਾਲਾ ਕੋਲ ਕਰਿਆਨੇ ਦੀ ਦੁਕਾਨ ਕਰਦੀ ਹੈ ਪਾਸੋਂ ਬੀਤੀ 5 ਜੁਲਾਈ ਨੂੰ ਸੋਨੇ ਦੀਆਂ ਵਾਲੀਆਂ ਅਤੇ ਗਲੇ ਵਿਚੋਂ ਦਿਨ ਦਿਹਾੜੇ ਨਗਦੀ ਰੁਪਏ ਖੋਹਕੇ ਲੈ ਗਏ ਹਨ। ਹੋਰ ਵੀ ਦੱਸਣਯੋਗ ਹੈ ਕਿ ਪੂਰੇ ਕਸਬੇ ਵਿੱਚ ਆਰਓ ਦਾ ਪਾਣੀ ਸਪਲਾਈ ਕਰਦੇ ਸ਼ਿਵਾ ਆਰਓ ਕੰਪਨੀ ਦੇ ਦਫਤਰ 'ਚੋਂ ਚੋਰ ਨਗਦੀ ਤਕਰੀਬਨ 25000 ਤੋਂ ਵੱਧ ਰੁਪਏ ਸਨ ਚੋਰੀ ਕਰਕੇ ਲੈ ਗਏ ਹਨ ਅਤੇ ਸ਼ਹਿਰ ਵਿੱਚ ਕਬਾੜ ਦਾ ਕੰਮ ਕਰਦੇ ਜੀਤ ਕਬਾੜੀਏ ਕੋਲੋਂ ਮਹਿੰਗਾ ਟੱਚ ਫੋਨ ਦਿਨ ਦਿਹਾੜੇ ਖੋਹਕੇ ਲੈ ਗਏ ਹਨ। ਦਿਨ ਦਿਹਾੜੇ ਲੁੱਟਾਂ ਖੋਹਾਂ ਦਾ ਸਿਲਸਿਲਾ ਸ਼ਹਿਰ ਵਿੱਚ ਲਗਾਤਾਰ ਜਾਰੀ ਹੈ ਜਿੰਨਾਂ ਦੀ ਆਮ ਲੋਕ ਪੁਲਿਸ ਰਿਪੋਰਟ ਕਰਵਾ ਰਹੇ ਹਨ ਪਰੰਤੂ ਪੁਲਿਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਘਟਨਾਵਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ।ਮਜਦੂਰ ਮੁਕਤੀ ਮੋਰਚਾ ਪੰਜਾਬ ਅਤੇ ਸੀਪੀਆਈ ਐਮਐਲ ਲਿਬਰੇਸ਼ਨ ਦੇ ਆਗੂਆਂ ਨੇ ਪੁਲਿਸ ਪ੍ਰਸ਼ਾਸ਼ਨ ਦੀ ਢਿੱਲੀ ਕਾਰਗੁਜਾਰੀ ਦੇ ਖਿਲਾਫ ਧਰਨਾ ਦੇਣ ਦੇ ਫੈਸਲਾ ਕੀਤਾ ਹੈ।ਮਜਦੂਰ ਮੁਕਤੀ ਮੋਰਚਾ ਆਇਰਲਾ ਬਠਿੰਡਾ ਜਿਲਾ ਦੇ ਆਗੂ ਅਮੀ ਲਾਲ ਬਲਾਹੜ ਮਹਿਮਾ, ਬਲਵਿੰਦਰ ਸਿੰਘ ਘਰਾਂਗਣਾ, ਸੇਵਕ ਮਾਨ, ਬਾਬੂ ਰਾਮ ਤਲਵੰਡੀ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਪੁਲਿਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਮਜ਼ਦੂਰ ਮੁਕਤੀ ਮੋਰਚਾ ਆਇਰਲਾ ਅਤੇ ਲਿਬਰੇਸ਼ਨ ਦੀ ਅਗਵਾਈ ਵਿਚ ਪੁਲਿਸ ਥਾਣਾ ਤਲਵੰਡੀ ਸਾਬੋ ਦਾ ਘਿਰਾਓ ਕਰਕੇ ਧਰਨਾ ਦਿੱਤਾ ਜਾਵੇਗਾ ਅਤੇ ਜੇਕਰ ਫਿਰ ਵੀ ਮਸਲਾ ਹੱਲ ਨਾ ਹੋਇਆ ਤਾਂ ਐੱਸਐੱਸਪੀ ਬਠਿੰਡਾ ਦੇ ਦਫਤਰ ਅੱਗੇ ਧਰਨਾ ਲਗਾਵਾਂਗੇ।

**ਪੁਲਿਸ ਦੀ ਢਿੱਲੀ ਕਾਰਵਾਈ ਦੇ ਖਿਲਾਫ ਮਜ਼ਦੂਰ ਆਗੂ ਲਗਾਉਣਗੇ ਧਰਨਾ**

ਆਵਾਜ਼ਿ ਕੌਮ AWAZE QAUM International Newspaper & WEB TV

### ਅਧੂਰੇ ਪੇਅ ਸਕੇਲਾਂ 'ਤੇ ਕੰਮ ਕਰਦੇ ਮੁਲਾਜਮਾਂ ਵੱਲੋਂ ਅੱਜ ਮਨਾਇਆ ਜਾਵੇਗਾ ਕਾਲਾ ਦਿਵਸ- ਜਗਮੀਤ ਕੌਰ ਬਠਿੰਡਾ

# ਅਧੂਰੇ ਪੇਅ ਸਕੇਲਾਂ ਦੀਆਂ ਸਾੜੀਆਂ ਗਈਆਂ ਕਾਪੀਆਂ




ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)- 13 ਜੁਲਾਈ ਨੂੰ ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਵੱਲੋਂ ਆਨਲਾਈਨ ਸੂਬਾ ਪੱਧਰੀ ਮੀਟਿੰਗ ਕਰਕੇ 17 ਜੁਲਾਈ ਨੂੰ ਕਾਲੇ ਦਿਵਸ ਵੱਜੋਂ ਮਨਾਉਣ ਦਾ ਐਲਾਨ ਕੀਤਾ ਤੇ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਦੀ ਸੁਪਰੀਮ ਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਲਾਗੂ ਨਾ ਕਰਨ ਤੇ ਸਖਤਾਂ ਸ਼ਬਦਾਂ ਵਿੱਚ ਨਿਖੇਧੀ ਕੀਤੀ।ਫਰੰਟ ਦੀ ਸੂਬਾ ਕਮੇਟੀ ਨੇ ਦੋਸ਼ ਲਗਾਇਆ ਕਿ 23 ਮਾਰਚ ਨੂੰ ਫ਼ਰੰਟ ਵਲੋਂ ਸੰਗਰੂਰ ਮੁੱਖ ਮੰਤਰੀ ਪੰਜਾਬ ਦੀ ਕੋਠੀ ਦਾ ਘਿਰਾਓ ਕੀਤਾ ਗਿਆ ਤੇ ਸਭ ਕਮੇਟੀ ਦੀ ਲਿਖਤੀ ਮੀਟਿੰਗ ਸੰਗਰੂਰ ਪ੍ਰਸ਼ਾਸ਼ਨ ਵੱਲੋਂ ਦਿੱਤੀ ਗਈ ਜੋ ਕਿ ਬਾਅਦ ਵਿੱਚ ਦੋ ਵਾਰ ਅੱਗੇ ਪਾਉਣ ਤੋਂ ਬਾਅਦ ਵੀ ਲਾਰਾ ਸਾਬਿਤ ਹੋਈ। ਉਸ ਤੋਂ ਬਾਅਦ ਜ਼ਿਮਨੀ ਚੋਣਾਂ ਸਮੇਂ ਫ਼ਿਰ ਤੋਂ 25 ਜੂਨ ਦੀ ਮੀਟਿੰਗ ਸਭ ਕਮੇਟੀ ਨਾਲ ਤਹਿ ਹੋਈ ਜੋ ਕਿ ਹਰ ਵਾਰ ਦੀ ਤਰ੍ਹਾਂ ਫਿਰ ਨਾ ਹੋਈ। ਇਸ ਕਰਕੇ ਵਾਰ-ਵਾਰ ਮੀਟਿੰਗਾਂ ਦੇ ਕੇ ਮੁਕਰਨਾ ਪੰਜਾਬ ਸਰਕਾਰ ਦੀ ਆਮ ਤੋਂ ਖ਼ਾਸ ਬਣੀ ਸਰਕਾਰ ਲਈ ਇੱਕ ਛੋਟੀ ਜਿਹੀ ਗੱਲ ਹੀ ਬਣ ਗਈ। ਫ਼ਰੰਟ ਆਗੂਆਂ ਜਗਮੀਤ ਕੌਰ ਬਠਿੰਡਾ, ਕਿਰਨ ਕੌਰ ਤਲਵੰਡੀ ਸਾਬੋ, ਧਰਮਿੰਦਰ ਰਾਣੀ, ਰਮਨਦੀਪ ਕੌਰ ਢਿੱਲੋਂ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਤੇ ਉਸ ਦੇ ਨੇਤਾਵਾਂ ਵੱਲੋਂ ਵਾਅਦਾ ਕੀਤਾ ਗਿਆ ਸੀ ਕਿ ਆਉਂਦਿਆਂ ਹੀ ਪੰਜਾਬ ਪੇਅ ਸਕੇਲ ਬਹਾਲ ਕਰਾਗੇ, ਪ੍ਰੰਤੂ ਸੁਪਰੀਮ ਕੋਰਟ ਵਿੱਚ ਸਰਕਾਰ ਵੱਲੋਂ ਕੇਸ ਹਾਰਨ ਤੋਂ ਬਾਅਦ ਵੀ ਪੰਜਾਬ ਪੇਅ ਸਕੇਲ ਲਾਗੂ ਨਹੀਂ ਕੀਤਾ ਜਾ ਰਿਹਾ, ਸਗੋਂ ਵੱਖ-ਵੱਖ ਵਿਭਾਗਾਂ ਦੇ ਸਰਵਿਸ ਰੂਲਾਂ ਨੂੰ ਸੋਧ ਕੇ ਡੰਗ ਟਪਾਊ ਨੀਤੀ ਅਪਣਾਈ ਜਾ ਰਹੀ ਹੈ, ਜਿਸ ਕਰਕੇ ਵੱਖ-ਵੱਖ ਕੇਸਾਂ ਵਿੱਚ ਜਿੱਤੇ ਮੁਲਾਜਮਾਂ ਦੇ ਮਨਾਂ ਵਿੱਚ ਸਰਕਾਰ ਖ਼ਿਲਾਫ਼ ਭਾਰੀ ਰੋਸ ਹੈ।ਜੇਕਰ ਪੰਜਾਬ ਸਰਕਾਰ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਛਿੱਕੇ ਟੰਗ ਕੇ ਪੰਜਾਬ ਦੇ ਸਕੇਲ ਲਾਗੂ ਨਹੀਂ ਕਰਦੀ ਤਾਂ ਸਰਕਾਰ ਤੇ ਇਹ ਗੱਲ ਪੱਕੀ ਢੁਕਦੀ ਹੈ ਕਿ ਹਾਥੀ ਦੇ ਦੰਦ ਖਾਣ ਨੂੰ ਹੋਰ, ਵਿਖਾਉਣ ਨੂੰ ਹੋਰ। ਫਰੰਟ ਆਗੂਆਂ ਨੇ ਵਿੱਤ ਮੰਤਰੀ ਹਰਪਾਲ ਚੀਮਾ ਨੂੰ ਕਾਂਗਰਸ ਸਰਕਾਰ ਸਮੇਂ ਰਹੇ ਵਿੱਤ ਮੰਤਰੀ ਮਨਪ੍ਰੀਤ ਬਾਦਲ ਦਾ ਭਰਾ ਕਹਿੰਦਿਆਂ ਕਿਹਾ ਕਿ ਓਸੇ ਤਰਜ਼ 'ਤੇ ਚੱਲ ਰਹੇ ਹਨ ਵਿੱਤ ਮੰਤਰੀ ਖ਼ਜਾਨਾ ਖਾਲੀ ਹੈ ਤੇ ਪੀਪਾ ਮੰਤਰੀ ਬਣਨ ਦੀ ਪੂਰੀ ਤਿਆਰੀ ਵਿੱਚ ਹਨ ਮੌਜੂਦਾ ਵਿੱਤ ਮੰਤਰੀ ਵੀ।ਫਰੰਟ ਆਗੂਆਂ ਨੇ 17 ਜੁਲਾਈ ਨੂੰ ਮੁਲਾਜਮਾਂ ਲਈ ਕਾਲੇ ਦਿਵਸ ਵੱਜੋਂ ਕਰਾਰ ਦਿੰਦਿਆਂ ਮਨਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਕਾਲੇ ਬਿੱਲੇ ਤੇ ਕਾਲੇ ਰਿਬਨ ਬੰਨ ਕੇ ਡਿਊਟੀ ਕਰਦੇ ਸਮੇਂ ਵੱਖ-ਵੱਖ ਵਿਭਾਗਾਂ ਦੇ ਮੁਲਾਜਮਾਂ ਨੂੰ ਸਰਕਾਰ ਖ਼ਿਲਾਫ਼ ਭਾਰੀ ਰੋਸ ਵਿਖਾਉਣ ਦੀ ਫਰੰਟ ਆਗੂਆਂ ਨੇ ਅਪੀਲ ਕੀਤੀ। ਸੋਸ਼ਲ ਮੀਡੀਆ ਦੇ ਹਰ ਪਲੇਟਫਾਰਮ 'ਤੇ ਵੱਧ ਤੋਂ ਵੱਧ ਸਰਕਾਰ ਖ਼ਿਲਾਫ਼ ਇਸ ਪ੍ਰਦਰਸ਼ਨ ਦੀਆਂ ਤਸਵੀਰਾਂ ਵਾਇਰਲ ਕਰਨ ਦੀ ਵੀ ਅਪੀਲ ਕੀਤੀ ਗਈ ਤਾਂ ਜੋ ਇਸ ਰੋਸ ਪ੍ਰਦਰਸ਼ਨ ਰਾਹੀਂ ਸਰਕਾਰ ਨੂੰ ਮੁਲਾਜਮਾਂ ਦਾ ਆਰਥਿਕ ਸੋਸ਼ਣ ਕੀਤਾ ਜਾ ਰਿਹਾ ਹੈ। ਇਸ ਮੌਕੇ ਹਰਜੀਤ ਕੌਰ, ਬੇਅੰਤ ਕੌਰ, ਅਮਨਦੀਪ ਕੌਰ, ਦਵਿੰਦਰ ਕੌਰ, ਗੁਰਮੀਤ ਕੌਰ, ਰਾਜਵੀਰ ਕੌਰ, ਸਪਿੰਦਰਜਿਤ ਕੌਰ, ਸ਼ਰਨਜੀਤ ਕੌਰ, ਮਮਤਾ ਰਾਣੀ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਡਲ ਤਿਆਰ ਕਰਨ ਵਾਲੇ ਬੱਚਿਆਂ ਦਾ ਕੀਤਾ ਸਨਮਾਨ



**ਚੌਂਕ ਮਹਿਤਾ, 15 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰੂ ਨਾਨਕ ਪਬਲਿਕ ਹਾਈ ਸਕੂਲ ਮਹਿਤਾ ਵਿਖੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਵਲੋਂ ਵੱਖ-ਵੱਖ ਤਰ੍ਹਾਂ ਦੇ ਮਾਡਲ ਤਿਆਰ ਕੀਤੇ। ਉਨ੍ਹਾਂ ਬੱਚਿਆਂ ਨੂੰ ਸਕੂਲ ਮੈਨੇਜਮੈਂਟ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਸਮੇਂ ਦਾ ਸਦਉਪਯੋਗ ਕਰਦਿਆਂ ਵੱਖੋ-ਵੱਖ ਤਿਆਰ ਕਰ ਕੇ ਸਰੋਤਿਆਂ ਨੂੰ ਪ੍ਰਦਰਸ਼ਿਤ ਵਿਸ਼ਿਆਂ 'ਤੇ ਮਾਡਲ ਅਤੇ ਚਾਰਟ ਕਰਕੇ ਵਾਹ-ਵਾਹ ਖੱਟਿਆ। ਇਸ ਸਮੇਂ ਪ੍ਰਿੰ: ਸ਼ਾਮ ਲਾਲ ਤੇ ਸਕੂਲ ਮੈਨੇਜਮੈਂਟ ਨੇ ਪਹਿਲੇ ਪੰਜ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਤੇ ਕਿਹਾ ਕੇ ਇਸ ਪ੍ਰਾਪਤੀ ਦਾ ਸਿਹਰਾ ਮਾਪਿਆਂ ਦਾ ਸਹਿਯੋਗ, ਅਧਿਆਪਕਾਂ ਦੀਆਂ ਕੋਸ਼ਿਸ਼ਾਂ ਅਤੇ ਵਿਦਿਆਰਥੀਆਂ ਦੀਆਂ ਲਗਨ ਨਾਲ ਮਿਹਨਤ 'ਤੇ ਜਾਂਦਾ ਅਤੇ ਸਮੂਹ ਸਟਾਫ ਮੈਂਬਰ ਵੀ ਇਸ ਮੁਬਾਰਕਬਾਦ ਦੇ ਹੱਕਦਾਰ ਹਨ। ਇਸ ਮੌਕੇ ਪ੍ਰਿੰ: ਸ਼ਾਮ ਲਾਲ ਤੋਂ ਇਲਾਵਾ ਵੀਨਾ ਕਮਾਰੀ, ਮਾ. ਅਵਤਾਰ ਸਿੰਘ, ਮੈਡਮ ਹਰਪ੍ਰੀਤ ਕੌਰ ਅਤੇ ਮੈਡਮ ਲਖਵਿੰਦਰ ਕੌਰ ਆਦਿ ਸਮੂਹ ਸਕੂਲ ਸਟਾਫ਼ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਕਰਵਾਈ ਦੋ ਰੋਜ਼ਾ ਟ੍ਰੇਨਿੰਗ



**ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਅੱਜ ਮਾਨਯੋਗ ਐੱਸਐੱਮਓ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਵੱਲੋਂ ਪੰਜਾਬ ਸਰਕਾਰ ਦੁਆਰਾ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਵਿਖੇ ਬਲਾਕ ਤਲਵੰਡੀ ਸਾਬੋ ਦੇ ਸਮੂਹ ਅਧਿਆਪਕਾਂ ਦੀ ਰੱਖੀ ਯੁੱਧ ਨਸ਼ਿਆਂ ਵਿਰੁੱਧ ਦੋ ਰੋਜ਼ਾ ਟ੍ਰੇਨਿੰਗ ਦੇ ਵਿੱਚ ਪ੍ਰਧਾਨਗੀ ਕਰਕੇ ਸਮਾਜ ਵਿੱਚ ਚੱਲ ਰਹੇ ਨਸ਼ਿਆਂ ਸਬੰਧੀ ਜਾਣਕਾਰੀ ਦਿੱਤੀ ਅਤੇ ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਅਧਿਆਪਕਾਂ ਰਾਹੀਂ ਬੱਚਿਆਂ ਨੂੰ ਸਕੂਲਾਂ ਦੇ ਨਸ਼ਿਆ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਨਸ਼ਾਮੁਕਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ। ਇਸ ਦੌਰਾਨ ਅਧਿਆਪਕਾਂ ਨੂੰ ਦੱਸਿਆ ਗਿਆ ਕਿ ਕਿਵੇ ਉਹਨਾਂ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਣ ਦੇ ਲਈ ਸੁਚੇਤ ਕਰਨਾ ਹੈ। ਇਸ ਦੇ ਨਾਲ ਹੀ ਐੱਸਐੱਮਓ ਡਾ. ਰਵੀ ਕਾਂਤ ਗੁਪਤਾ ਨੇ ਸਮੂਹ ਅਧਿਆਪਕ ਸਾਹਿਬਾਨ ਨੂੰ ਨਸ਼ਿਆਂ ਦੀਆਂ ਕਿਸਮਾਂ ਬਾਰੇ ਜਾਣਕਾਰੀ ਦਿੱਤੀ, ਉਹਨਾਂ ਨੇ ਦੱਸਿਆ ਕਿ ਅੱਜ ਕੱਲ ਸਕੂਲੀ ਬੱਚੇ ਵੀ ਨਸ਼ਿਆਂ ਦੀ ਲਪੇਟ ਵਿੱਚ ਆ ਰਹੇ ਹਨ, ਜਿਸ ਕਰਕੇ ਅਧਿਆਪਕਾਂ ਦਾ ਨਸ਼ਿਆਂ ਨੂੰ ਕੰਟਰੋਲ ਕਰਨ ਦੇ ਵਿੱਚ ਬਹੁਤ ਵੱਡਾ ਰੋਲ ਅਦਾ ਕਰ ਸਕਦੇ ਹਨ, ਅਧਿਆਪਕਾਂ ਨੂੰ ਨਸ਼ਾ ਛੱਡਾਉਣ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਸਾਹਿਬ ਨੇ ਦੱਸਿਆ ਕਿ ਆਪਣੇ ਬਲਾਕ ਤਲਵੰਡੀ ਸਾਬੋ ਸਰਕਾਰੀ ਹਸਪਤਾਲ ਦੇ ਵਿੱਚ ਨਸ਼ਾ ਛੁਡਾਊ ਕੇਂਦਰ ਵੀ ਚੱਲ ਰਿਹਾ ਹੈ, ਉਥੇ ਪਹੁੰਚ ਕਰਕੇ ਬੱਚਿਆਂ ਨੂੰ ਜਾਂ ਵੱਡਿਆਂ ਨਸ਼ਾ ਛਡਾਉਣ ਸਬੰਧੀ ਲਿਆਂਦਾ ਜਾ ਸਕਦਾ ਹੈ। ਉਹਨਾਂ ਇਹ ਵੀ ਦੱਸਿਆ ਕਿ ਜ਼ਿਲੇ ਦੇ ਸਭ ਤੋਂ ਵਧੀਆ ਸਾਈਕਟਰਿਕ ਡਾਕਟਰ ਅੰਕੁਰ ਸਿੰਗਲਾ ਨਸ਼ਾ ਛਡਾਓ ਕੇਂਦਰ ਨੂੰ ਚਲਾ ਰਹੇ ਹਨ ਐੱਸਐੱਮਓ ਵੱਲੋਂ ਦੱਸਿਆ ਕਿ ਜੇਕਰ ਬਲਾਕ ਦੇ ਵਿੱਚ ਕਿਤੇ ਵੀ ਚੰਗੇ ਕੰਮਾਂ ਦੇ ਲਈ ਉਹਨਾਂ ਦੇ ਸਹਿਯੋਗ ਦੀ ਲੋੜ ਪੈਂਦੀ ਹੈ ਤਾਂ ਉਹ ਹਮੇਸ਼ਾ ਹਾਜ਼ਰ ਹਨ ਅਤੇ ਕਦੇ ਵੀ ਜ਼ਰੂਰਤ ਪੈਣ ਤੇ ਉਹਨਾਂ ਨਾਲ ਕਦੇ ਵੀ ਸਪੰਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਮੌਜੂਦ ਟ੍ਰੇਨਿੰਗ ਕਰਵਾ ਰਹੇ ਬਲਾਕ ਰਿਸੋਰਸ ਐਜੂਕੇਟਰ ਸ੍ਰੀ ਅੰਮ੍ਰਿਤਪਾਲ ਸਿੰਘ ਬਰਾੜ ਅਤੇ ਸਮੂਹ ਅਧਿਆਪਕਾਂ ਵੱਲੋਂ ਐੱਸਐੱਮਓ ਰਵੀ ਕਾਂਤ ਦਾ ਟ੍ਰੇਨਿੰਗ ਦੇ ਵਿੱਚ ਆਉਣ 'ਤੇ ਧੰਨਵਾਦ ਕੀਤਾ ਗਿਆ ਅਤੇ ਅੱਗੇ ਅਜਿਹੇ ਪ੍ਰੋਗਰਾਮਾਂ ਦੇ ਆਪਣੀਆਂ ਸੇਵਾਵਾਂ ਦੇਣ ਦੇ ਲਈ ਕਿਹਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਸੱਚਖੰਡ ਵਾਸੀ ਮਹੰਤ ਬਾਬਾ ਹਰੀ ਸਿੰਘ ਤੇ ਮਹੰਤ ਬਾਬਾ ਭਗਤ ਸਿੰਘ ਦੀ 120ਵੀਂ ਤੇ 118ਵੀਂ ਯਾਦ ਮਨਾਈ

**ਹੁਸ਼ਿਆਰਪੁਰ,16 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸੇਵਾ ਪੰਥੀ ਸੰਪਰਦਾ ਦੇ ਪ੍ਰਸਿਧ ਅਸਥਾਨ ਡੇਰਾ ਹਰੀ ਭਗਤ ਪੁਰਾ ਗੁਰਦੁਆਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ ਵਿਖੇ ਸੱਚਖੰਡ ਵਾਸੀ ਮਹੰਤ ਬਾਬਾ ਹਰੀ ਸਿੰਘ ਜੀ ਤੇ ਮਹੰਤ ਬਾਬਾ ਭਗਤ ਸਿੰਘ ਦੀ 130ਵੀਂ ਤੇ 118ਵੀਂ ਯਾਦ ਵਿੱਚ ਸਲਾਨਾ ਯੱਗ ਸਮਾਗਮ ਸੰਪਨ ਹੋ ਗਿਆ, ਜੁੱਗੋ ਜੁੱਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਰਪ੍ਰਸਤੀ ਅਤੇ ਸੇਵਾ ਪੰਥੀ ਅਸਥਾਨ ਦੇ ਮੁਖੀ ਸ੍ਰੀਮਾਨ ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਦੀ ਅਗਵਾਈ 'ਚ ਹੋਏ ਇਸ ਸਲਾਨਾ ਯੱਗ ਸਮਾਗਮ ਵਿੱਚ ਦੇਸ਼ ਅਤੇ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀਆਂ ਭਰੀਆਂ, ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬਾਨ ਦੀ ਲੜੀ ਦੇ ਭੋਗ ਉਪਰੰਤ ਸਜਾਏ ਗਏ ਵਿਸ਼ੇਸ਼ ਕੀਰਤਨ ਦੀਵਾਨ ਵਿੱਚ ਪੰਥ ਪ੍ਰਸਿੱਧ ਕੀਰਤਨੀ ਪਦਮ ਸ੍ਰੀ ਭਾਈ ਹਰਜਿੰਦਰ ਸਿੰਘ ਜੀ ਸ਼੍ਰੀਨਗਰ ਵਾਲੇ, ਭਾਈ ਮਨਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ , ਭਾਈ ਸਤਨਾਮ ਸਿੰਘ ਕੁਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜਬਰਤੋੜ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਭਾਈ ਸਰਵਣ ਸਿੰਘ ਜੀ ਹਜਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ,ਭਾਈ ਕੁਲਦੀਪ ਸਿੰਘ ਜੀ, ਭਾਈ ਤਰਨਦੀਪ ਸਿੰਘ ਅਤੇ ਮਿੱਠਾ ਟਿਵਾਣਾ ਕੀਰਤਨ ਕੌਂਸਲ ਅਤੇ ਇਸਤਰੀ ਸਤਸੰਗ ਸਭਾ ਦੀਆਂ ਬੀਬੀਆਂ ਦੇ ਜਥਿਆਂ ਨੇ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ, ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਸੰਤ ਬਾਬਾ ਸਰਬਜੋਤ ਸਿੰਘ ਊਨਾ ਸਾਹਿਬ ਵਾਲੇ, ਮਹੰਤ ਰਮਿੰਦਰ ਦਾਸ ਮੁਖੀ ਡੇਰਾ ਬਾਬਾ ਚਰਨ ਸ਼ਾਹ ਬਹਾਦਰਪੁਰ, ਗਿਆਨੀ ਗੁਰਬਚਨ ਸਿੰਘ ਜੀ ਆਦਿ ਮਹਾਂਪੁਰਸ਼ ਪਹੁੰਚੇ।

### ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਬਾਰੇ ਧਮਕੀ ਭਰੀਆਂ ਈਮੇਲਾਂ ਚਿੰਤਾ ਦਾ ਵਿਸ਼ਾ- ਐਡਵੋਕੇਟ ਧਾਮੀ

# ਈਮੇਲਾਂ ਭੇਜਣ ਵਾਲੇ ਸਾਜ਼ਿਸ਼ਕਰਤਾ ਦਾ ਤੁਰੰਤ ਪਤਾ ਲਗਾਏ ਸਰਕਾਰ



**ਨਵੀਂ ਦਿੱਲੀ 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਸਰਬਸਾਂਝਾ ਕੇਂਦਰ ਹੈ, ਜਿਥੇ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਰੋਜ਼ਾਨਾ ਨਤਮਸਤਕ ਹੁੰਦੀਆਂ ਹਨ। ਇਸ ਅਸਥਾਨ 'ਤੇ ਧਮਾਕੇ ਕਰਨ ਦੀਆਂ ਧਮਕੀਆਂ ਸਬੰਧੀ ਲਗਾਤਾਰ ਆ ਰਹੀਆਂ ਈਮੇਲਾਂ ਗਹਿਰੀ ਚਿੰਤਾ ਦਾ ਵਿਸ਼ਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਦੱਸਿਆ ਕਿ ਬੀਤੀ 14 ਜੁਲਾਈ ਤੋਂ ਲਗਾਤਾਰ ਈਮੇਲਾਂ ਆ ਰਹੀਆਂ ਹਨ, ਜਿਸ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰੰਤੂ ਦੁੱਖ ਦੀ ਗੱਲ ਹੈ ਕਿ ਅਜੇ ਤੀਕ ਇਹ ਈਮੇਲਾਂ ਭੇਜਣ ਵਾਲੇ ਦਾ ਕੋਈ ਪਤਾ ਨਹੀਂ ਲੱਗ ਸਕਿਆ। ਉਨ੍ਹਾਂ ਕਿਹਾ ਕਿ ਇਹ ਵੱਡਾ ਸਵਾਲ ਹੈ ਕਿ ਆ ਰਹੀਆਂ ਈਮੇਲਾਂ ਕੇਵਲ ਕਿਸੇ ਸ਼ੈਤਾਨੀ ਦਿਮਾਗ ਦੀ ਸ਼ਰਾਰਤ ਹੈ ਜਾਂ ਕਿਸੇ ਵੱਡੀ ਸਾਜ਼ਿਸ਼ ਦਾ ਹਿੱਸਾ। ਉਨ੍ਹਾਂ ਕਿਹਾ ਕਿ ਕਿਤੇ ਸਰਬਸਾਂਝੀਵਾਲਤਾ ਦੇ ਇਸ ਪਾਵਨ ਕੇਂਦਰ ਵਿਖੇ ਵੱਡੀ ਗਿਣਤੀ ਵਿਚ ਨਤਮਸਤਕ ਹੋਣ ਆਉਂਦੀਆਂ ਸੰਗਤਾਂ ਦੇ ਅੰਦਰ ਡਰ ਪੈਦਾ ਕਰਨ ਦੀ ਕੋਸ਼ਿਸ਼ ਤਾਂ ਨਹੀਂ ਕੀਤੀ ਜਾ ਰਹੀ, ਇਹ ਵੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਜ਼ੁੰਮੇਵਾਰੀ ਹੈ ਕਿ ਉਹ ਤੁਰੰਤ ਇਹ ਪਤਾ ਲਗਾਏ ਕਿ ਇਹ ਈਮੇਲਾਂ ਕਿਸ ਥਾਂ ਤੋਂ ਆ ਰਹੀਆਂ ਹਨ ਅਤੇ ਇਸ ਲਈ ਕਿਸ ਸਰਵਰ, ਆਈਪੀ ਐਡਰੈਸ ਤੇ ਦੇਸ਼ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 15 ਅਤੇ 16 ਜੁਲਾਈ ਨੂੰ ਆਈਆਂ ਈਮੇਲਾਂ ਸ਼੍ਰੋਮਣੀ ਕਮੇਟੀ ਦੇ ਨਾਲ-ਨਾਲ ਅੰਮ੍ਰਿਤਸਰ ਦੇ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਅਤੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੂੰ ਵੀ ਭੇਜੀਆਂ ਗਈਆਂ ਹਨ, ਪਰੰਤੂ ਉਨ੍ਹਾਂ ਵੱਲੋਂ ਇਸ 'ਤੇ ਚੁੱਪੀ ਸਵਾਲ ਪੈਦਾ ਕਰਦੀ ਹੈ। ਉਨ੍ਹਾਂ ਕਿਹਾ ਕਿ ਹੈਰਾਨੀਜਨਕ ਗੱਲ ਇਹ ਹੈ ਕਿ ਇਹ ਈਮੇਲਾਂ ਅਹਿਮ ਸ਼ਖ਼ਸੀਅਤਾਂ ਦੇ ਨਾਵਾਂ ਦੀ ਦੁਰਵਰਤੋਂ ਕਰਕੇ ਭੇਜੀਆਂ ਜਾ ਰਹੀਆਂ ਹਨ, ਪਰ ਸਰਕਾਰ ਵੱਲੋਂ ਅਜੇ ਤੀਕ ਕੁਝ ਵੀ ਪਤਾ ਨਹੀਂ ਲਗਾਇਆ ਜਾ ਸਕਿਆ ਕਿ ਇਸ ਪਿੱਛੇ ਕਿਹੜੀ ਸ਼ਕਤੀ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਆਪਣੇ ਨਾਂ 'ਤੇ ਬਣਾਏ ਗਏ ਸੋਸ਼ਲ ਮੀਡੀਆ 'ਤੇ ਜਾਅਲੀ ਖ਼ਾਤਿਆਂ ਬਾਰੇ ਪਹਿਲਾਂ ਵੀ ਕਈ ਵਾਰ ਪੰਜਾਬ ਪੁਲਿਸ ਨੂੰ ਸ਼ਿਕਾਇਤਾਂ ਕੀਤੀਆਂ ਹਨ, ਪਰੰਤੂ ਸਾਈਬਰ ਸੈੱਲ ਵੱਲੋਂ ਕੋਈ ਪੁਖ਼ਤਾ ਕਾਰਵਾਈ ਨਹੀਂ ਕੀਤੀ ਗਈ ਜੋ ਕਿ ਇਹ ਦਰਸਾਉਂਦਾ ਹੈ ਕਿ ਪੁਲਿਸ ਪ੍ਰਸ਼ਾਸਨ ਤੇ ਸਰਕਾਰ ਸਿੱਖ ਸੰਸਥਾ ਦੇ ਸਰੋਕਾਰਾਂ ਪ੍ਰਤੀ ਸੰਜੀਦਾ ਪਹੁੰਚ ਨਹੀਂ ਰੱਖਦੀਆਂ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੂਰੀ ਸੁਹਿਰਦਤਾ ਨਾਲ ਆਪਣੀ ਜ਼ੁੰਮੇਵਾਰੀ ਨਿਭਾਅ ਰਹੀ ਹੈ ਅਤੇ ਪ੍ਰਬੰਧਕਾਂ ਵੱਲੋਂ ਪੂਰੀ ਮੁਸਤੈਦੀ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਦਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਣ ਸਮੇਂ ਕਿਸੇ ਤਰ੍ਹਾਂ ਦਾ ਵੀ ਡਰ ਨਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਸੰਗਤਾਂ ਹਮੇਸ਼ਾ ਦੀ ਤਰ੍ਹਾਂ ਵੱਡੀ ਗਿਣਤੀ ਵਿਚ ਨਤਮਸਤਕ ਹੋਣ ਪੁੱਜ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਐਡਵੋਕੇਟ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਬੇਅਦਬੀ ਸਬੰਧੀ ਬਣਾਏ ਜਾ ਰਹੇ ਕਾਨੂੰਨ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਚੰਗਾ ਉਪਰਾਲਾ ਹੈ, ਜਿਸ ਪ੍ਰਤੀ ਸਰਕਾਰ ਨੂੰ ਸੰਜੀਦਾ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ 'ਤੇ ਕਾਨੂੰਨ ਬਨਾਉਣ ਦਾ ਮਾਮਲਾ ਪਹਿਲੀ ਵਾਰ ਨਹੀਂ ਇਸ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਵੀ ਇਸ 'ਤੇ ਚਰਚਾ ਕੀਤੀ ਹੈ, ਜਿਸ ਨੂੰ ਅਗਾਂਹ ਵਧਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਬੇਅਦਬੀ ਦੀਆਂ ਘਟਨਾਵਾਂ ਜ਼ਿਆਦਾਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਹਨ, ਪਰੰਤੂ ਸਰਕਾਰ ਵੱਲੋਂ ਬਣਾਏ ਜਾ ਰਹੇ ਕਾਨੂੰਨ ਵਿਚ ਕੇਵਲ ਪਵਿੱਤਰ ਗ੍ਰੰਥ ਲਿਖਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ, ਜੋ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਸਭ ਧਰਮਾਂ ਦੇ ਗ੍ਰੰਥ ਸਤਿਕਾਰਤ ਹਨ, ਲੇਕਿਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਸਾਹਿਬ ਨੇ ਆਪ ਗੁਰਤਾਗੱਦੀ ਸੌਂਪੀ ਹੈ। ਸਿੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਜਾਗਤ-ਜੋਤਿ ਗੁਰੂ ਮੰਨਦੇ ਹਨ, ਇਸ ਲਈ ਬਣਾਏ ਜਾਣ ਵਾਲੇ ਕਾਨੂੰਨ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿਚ ਵਿਸ਼ੇਸ਼ ਵਿਧਾਨ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਸਿੱਖ ਗੁਰੂ ਸਾਹਿਬਾਨ ਤੋਂ ਇਲਾਵਾ ਵੱਖ-ਵੱਖ ਭਾਈਚਾਰਿਆਂ ਨਾਲ ਸਬੰਧਤ ਭਗਤਾਂ, ਭੱਟਾਂ ਅਤੇ ਗੁਰਸਿੱਖਾਂ ਦੀ ਬਾਣੀ ਵੀ ਅੰਕਿਤ ਹੈ, ਜੋ ਮਨੁੱਖਤਾ ਨੂੰ ਸਰਬਸਾਂਝਾ ਉਪਦੇਸ਼ ਦਿੰਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਅਮਰਜੀਤ ਸਿੰਘ ਭਲਾਈਪੁਰ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਅਮਰਜੀਤ ਸਿੰਘ ਬੰਡਾਲਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸਿੱਖ ਵਿਦਵਾਨ ਡਾ. ਅਮਰਜੀਤ ਸਿੰਘ ਆਦਿ ਮੌਜੂਦ ਸਨ।

### ਕੇਜਰੀਵਾਲ ਦਾ ਬੇਅਦਬੀ ਬਿੱਲ

# ਧਾਰਮਿਕ ਭਾਵਨਾਵਾਂ ਨਾਲ ਰਾਜਨੀਤਿਕ ਸਟੰਟ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)-**ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਬੇਅਦਬੀ ਸੰਬੰਧੀ ਬਿੱਲ ਨੂੰ

ਆਵਾਜ਼ਿ ਕੌਮ AWAZE QAUM International Newspaper & WEB TV

ਅਰਵਿੰਦ ਕੇਜਰੀਵਾਲ ਵੱਲੋਂ ਧਾਰਮਿਕ ਭਾਵਨਾਵਾਂ ਨਾਲ ਖੇਡਣ ਵਾਲਾ ਸਿਰਫ਼ ਇੱਕ ਰਾਜਨੀਤਿਕ ਸਟੰਟ ਕਰਾਰ ਦਿੰਦਿਆਂ ਕਿਹਾ ਕਿ ਜੇ ਆਮ ਆਦਮੀ ਪਾਰਟੀ ਅਤੇ ਸਰਕਾਰ ਦੀ ਨੀਅਤ ਵਿੱਚ ਕੋਈ ਖੋਟ ਨਹੀਂ ਤਾਂ ਫਿਰ 2015 ਤੋਂ ਲੈ ਕੇ ਹੁਣ ਤੱਕ ਦੇ ਬੇਅਦਬੀ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸਜ਼ਾ ਕਿਉਂ ਨਹੀਂ ਮਿਲੀ?

ਉਹਨਾਂ ਤੰਜ਼ ਕਰਦੇ ਹੋਏ ਕਿਹਾ ਕਿ 'ਆਪ' ਦੀ ਸਰਕਾਰ ਦੌਰਾਨ ਜੇ ਕਿਸੇ ਇੱਕ ਮਾਮਲੇ ਵਿੱਚ ਸਜ਼ਾ ਹੋਈ ਹੈ, ਤਾਂ ਉਹ ਵੀ 'ਆਪ' ਦੇ ਆਪਣੇ ਵਿਧਾਇਕ ਨਰੇਸ਼ ਯਾਦਵ ਨੂੰ ਹੀ ਹੋਈ ਹੈ, ਜਿਸਨੂੰ ਅਦਾਲਤ ਨੇ ਦੋ ਸਾਲ ਦੀ ਕੈਦ ਸੁਣਾਈ।

ਪ੍ਰੋ. ਖਿਆਲਾ ਨੇ ਦੱਸਿਆ ਕਿ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਕੇਜਰੀਵਾਲ ਨੇ 24 ਘੰਟਿਆਂ ਵਿੱਚ ਬੇਅਦਬੀ ਦੇ ਮਾਮਲੇ ਹੱਲ ਕਰਨ ਦਾ ਵਾਅਦਾ ਕੀਤਾ ਸੀ, ਪਰ ਸਰਕਾਰ ਬਣਨ ਮਗਰੋਂ ਇਸ ਗੰਭੀਰ ਮਸਲੇ ਨੂੰ ਸੰਜੀਦਗੀ ਨਾਲ ਨਹੀਂ ਲਿਆ ਗਿਆ। ਉਨ੍ਹਾਂ ਕਿਹਾ ਕਿ ਮੌਜੂਦਾ ਬਿੱਲ ਦਾ ਮਕਸਦ ਸਿਰਫ਼ 2027 ਦੀਆਂ ਚੋਣਾਂ ਦੇ ਮੱਦੇਨਜ਼ਰ ਕੇਂਦਰ ਸਰਕਾਰ ਅਤੇ ਭਾਜਪਾ ਨੂੰ ਨਿਸ਼ਾਨਾ ਬਣਾਉਣਾ ਹੈ। ਉਹਨਾਂ ਯਾਦ ਦਿਵਾਇਆ ਕਿ 2016 ਅਤੇ 2018 ਵਿੱਚ ਪਾਸ ਹੋਏ ਅਜਿਹੇ ਹੀ ਦੋ ਬਿੱਲ ਰਾਸ਼ਟਰਪਤੀ ਵੱਲੋਂ ਸੰਵਿਧਾਨਕ ਆਪਤੀਆਂ ਕਾਰਨ ਰੱਦ ਕੀਤੇ ਗਏ ਸਨ, ਹੁਣ ਉਹੀ ਰਣਨੀਤੀ ਦੁਹਰਾਈ ਜਾ ਰਹੀ ਹੈ।

**ਧਰਮ ਦੇ ਆੜ 'ਚ ਵੋਟਾਂ ਦੀ ਰਾਜਨੀਤੀ ਨਹੀਂ — ਪੰਜਾਬ ਨੂੰ ਚਾਹੀਦਾ ਹੈ ਇਨਸਾਫ਼ ਅਤੇ ਸਨਮਾਨ**

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਨਵਾਂ ਬਿੱਲ ਭਾਰਤੀ ਨਿਆਂ ਸੰਹਿਤਾ (BNS) ਵਰਗੇ ਰਾਸ਼ਟਰੀ ਕਾਨੂੰਨਾਂ ਨੂੰ ਬਾਈਪਾਸ ਕਰਦਾ ਹੈ, ਜਿਸ ਨਾਲ ਸੰਵਿਧਾਨਕ ਟਕਰਾਅ ਪੈਦਾ ਹੋ ਸਕਦਾ ਹੈ। ਇਹ ਬਿੱਲ ਭਾਰਤੀ ਸੰਵਿਧਾਨ ਦੀਆਂ ਧਾਰਾਵਾਂ - ਧਾਰਾ 25 ਤੋਂ 28 (ਧਾਰਮਿਕ ਆਜ਼ਾਦੀ), ਧਾਰਾ 19 (ਪ੍ਰਗਟਾਵੇ ਦੀ ਆਜ਼ਾਦੀ), ਧਾਰਾ 14 (ਸਮਾਨਤਾ ਦਾ ਅਧਿਕਾਰ) ਅਤੇ BNS ਵਰਗੇ ਮੌਜੂਦਾ ਕਾਨੂੰਨਾਂ ਨਾਲ ਟਕਰਾ ਦੀਆਂ ਸੰਭਾਵਨਾਵਾਂ ਮੌਜੂਦ ਹਨ।

ਉਹਨਾਂ ਅਫ਼ਸੋਸ ਜਤਾਇਆ ਕਿ ਵਿਧਾਨ ਸਭਾ ਵਿੱਚ ਇਸ ਸੰਵੇਦਨਸ਼ੀਲ ਵਿਸ਼ੇ 'ਤੇ ਕੋਈ ਗੰਭੀਰ ਚਰਚਾ ਨਹੀਂ ਹੋਈ। ਸਰਕਾਰ ਕੋਲ ਦੱਸਣ ਲਈ ਕੋਈ ਪ੍ਰਾਪਤੀ ਨਹੀਂ ਸੀ, ਇਸ ਲਈ ਸਿਰਫ਼ ਵਿਰੋਧੀਆਂ ਕੋਸਣ ਉੱਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਦੋਸ਼ ਲਾਇਆ ਕਿ 'ਆਪ' ਦੇ ਸੂਬਾ ਪ੍ਰਧਾਨ ਅਤੇ ਵਿਧਾਇਕ ਅਮਨ ਅਰੋੜਾ ਨੇ ਵਿਧਾਨ ਸਭਾ ਵਿੱਚ ਝੂਠ ਬੋਲ ਕੇ ਪਵਿੱਤਰ ਸਦਨ ਨੂੰ ਗੁਮਰਾਹ ਕੀਤਾ। ਅਰੋੜਾ ਨੇ ਦਾਅਵਾ ਕੀਤਾ ਕਿ 9 ਅਪਰੈਲ 2025 ਨੂੰ ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਦੀ ਗੱਲ ਨਹੀਂ ਮੰਨੀ, ਜਦਕਿ ਅਸਲ ਮਾਮਲਾ 29 ਅਪਰੈਲ 2025 ਦਾ ਹੈ, ਜਿਸ ਵਿੱਚ ਪੰਜਾਬ ਸਰਕਾਰ ਦੇ ਵਕੀਲਾਂ ਨੇ ਡੇਰਾ ਸਿਰਸਾ ਦੇ ਵਕੀਲਾਂ ਨਾਲ ਮਿਲ ਕੇ ਅੰਤਿਮ ਸੁਣਵਾਈ ਤੱਕ ਕੋਈ ਕਾਰਵਾਈ ਨਾ ਕਰਨ ਦੀ ਸਾਂਝੀ ਸਹਿਮਤੀ ਵਾਲੀ ਅੰਡਰਟੇਕਿੰਗ ਦੇਣਾ ਮੰਨਿਆ।

ਉਹਨਾਂ ਸਾਫ਼ ਕਿਹਾ ਕਿ ਇਹ ਬਿੱਲ ਕਈ ਗੰਭੀਰ ਕਮੀਆਂ ਨਾਲ ਭਰਿਆ ਹੋਇਆ ਹੈ - ਜਿਵੇਂ ਕਿ ਇਸ ਵਿੱਚ ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ, ਗੁਟਕਾ ਸਾਹਿਬ, ਪੋਥੀਆਂ, ਸ੍ਰੀਮਦ ਭਗਵਦ ਗੀਤਾ, ਕੁਰਾਨ ਅਤੇ ਬਾਈਬਲ ਨੂੰ ਹੀ ਸ਼ਾਮਿਲ ਕੀਤਾ ਗਿਆ ਹੈ, ਜਦਕਿ ਬੌਧ, ਜੈਨ ਅਤੇ ਪਾਰਸੀ ਧਰਮ ਦੇ ਪਵਿੱਤਰ ਗ੍ਰੰਥਾਂ ਦੀ ਅਣਦੇਖੀ ਕੀਤੀ ਗਈ ਹੈ। ਇਨ੍ਹਾਂ ਤੋਂ ਇਲਾਵਾ ਪੰਜਾਬੀ ਲੋਕਧਾਰਾ ਅਤੇ ਸੱਭਿਆਚਾਰਕ ਧਾਰਮਿਕ ਪ੍ਰਤੀਕਾਂ ਦੀ ਵੀ ਬਿੱਲ ਵਿੱਚ ਕੋਈ ਚਰਚਾ ਨਹੀਂ।

ਧਰਮ ਇਤਿਹਾਸਿਕ ਖੇਤਰ ਦੀ ਗੱਲ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਧਰਮ ਵਿੱਚ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਦਸਮ ਗ੍ਰੰਥ ਅਤੇ ਹੋਰ ਗ੍ਰੰਥਾਂ ਦਾ ਵੀ ਮਹੱਤਵਪੂਰਨ ਅਸਥਾਨ ਹੈ। ਉਹਨਾਂ ਦੱਸਿਆ ਕਿ ਥਾਣਾ ਬਾਜੇਖਾਨਾ ਵਿੱਚ ਦਰਜ ਮਾਮਲਿਆਂ ਲਈ ਪੰਜਾਬ ਪੁਲੀਸ ਨੇ ਮਈ 2022 ਵਿੱਚ ਧਾਰਾ 196 ਅਧੀਨ ਰਾਜ ਗ੍ਰਹਿ ਵਿਭਾਗ ਕੋਲ ਇਜਾਜ਼ਤ ਲਈ ਅਰਜ਼ੀ ਦਿੱਤੀ ਸੀ, ਜਿਸ ਦੀ ਮਨਜ਼ੂਰੀ 21 ਅਕਤੂਬਰ 2024 ਨੂੰ ਮਿਲੀ। ਪਰ ਰਾਮ ਰਹੀਮ ਸਮੇਤ 11 ਦੋਸ਼ੀਆਂ ਦੇ ਖਿਲਾਫ਼ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਇੱਥੋਂ ਤੱਕ ਕਿ 'ਆਪ' ਵੱਲੋਂ ਨਿਯੁਕਤ ਚਾਰ ਵਿੱਚੋਂ ਦੋ ਐਡਵੋਕੇਟ ਜਨਰਲ ਐਸੇ ਸਨ ਜਿਨ੍ਹਾਂ ਨੇ ਡੇਰਾ ਸਿਰਸਾ ਦੇ ਪੱਖ 'ਚ ਵਕਾਲਤ ਕੀਤੀ। ਅਖੀਰ ਵਿੱਚ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅਰਵਿੰਦ ਕੇਜਰੀਵਾਲ ਨੂੰ ਚੇਤਾਵਨੀ ਦਿੱਤੀ ਕਿ ਉਹ ਪੰਜਾਬੀ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖੇਡਣ ਦੀ ਥਾਂ ਉਨ੍ਹਾਂ ਨੂੰ ਇਨਸਾਫ਼, ਸੱਚਾਈ ਅਤੇ ਸੰਵੈਧਾਨਕ ਸਨਮਾਨ ਦੇਣ ਤੇ ਧਿਆਨ ਦੇਣ। ਸਿੱਖ ਅਤੇ ਪੰਜਾਬੀ ਭਾਈਚਾਰਾ ਹੁਣ ਸੁਚੇਤ ਹੈ - ਉਨ੍ਹਾਂ ਨੂੰ ਝੂਠੀ ਹਮਦਰਦੀ ਨਹੀਂ, ਸੱਚਾ ਇਨਸਾਫ਼ ਚਾਹੀਦਾ ਹੈ - ਜੋ 'ਆਪ' ਸਰਕਾਰ ਤੋਂ ਉਮੀਦ ਨਹੀਂ।

# ਰਿਫਾਇਨਰੀ ਪੁਲਿਸ ਚੌਂਕੀ ਵਿਖੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਆਯੋਜਨ ਕੀਤਾ

### ਪੁਲਿਸ ਵਿਭਾਗ ਵਿਚ ਡਿਊਟੀ ਦੇ ਪ੍ਰਤੀ ਇਮਾਨਦਾਰੀ ਦੀ ਇੱਕ ਮਿਸਾਲ ਹਨ ਇੰਚਾਰਜ ਰਵਨੀਤ ਸਿੰਘ ਸਿੱਧੂ- ਰਾਜੇਸ਼ ਸਨੇਹੀ





**ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)-**ਰਿਫਾਇਨਰੀ ਪੁਲਿਸ ਚੌਂਕੀ ਰਾਮਾਂ ਮੰਡੀ ਵਿਖੇ ਚੌਂਕੀ ਇੰਚਾਰਜ ਸ੍. ਰਵਨੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਪੁਲਿਸ ਮੁਲਾਜ਼ਮਾਂ ਵੱਲੋਂ ਸਰਬੱਤ ਦੇ ਭਲੇ ਲਈ ਅੱਜ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਰਾਜੇਸ਼ ਸਨੇਹੀ ਡੀਐਸਪੀ ਤਲਵੰਡੀ ਸਾਬੋ ਅਤੇ ਰਾਮਾਂ ਥਾਣੇ ਦੇ ਸਮੂਹ ਪੁਲਿਸ ਮੁਲਾਜ਼ਮਾਂ ਨੇ ਵਿਸ਼ੇਸ਼ ਤੌਰ ਤੇ ਸ਼ਮੂਲਿਅਤ ਕੀਤੀ। ਇਸ ਦੌਰਾਨ ਬਾਬਾ ਗੁਰਜੰਟ ਸਿੰਘ ਰੋੜੀ ਵਾਲੇ ਦੇ ਜੱਥੇ ਨੇ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਆਪਣੇ ਬੱਚਿਆਂ ਨੂੰ ਮਾੜੀ ਸੰਗਤ ਤੋਂ ਬਚਾਉਣ ਲਈ ਬਾਣੀ ਤੇ ਬਾਣੇ ਨਾਲ ਜੋੜਿਆ ਜਾਵੇ। ਇਸ ਮੌਕੇ ਡੀਐਸਪੀ ਰਾਜੇਸ਼ ਸਨੇਹੀ ਨੇ ਪੁਲਿਸ ਮੁਲਾਜ਼ਮਾਂ ਵੱਲੋਂ ਆਯੋਜਿਤ ਕੀਤੇ ਗਏ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਲਈ ਸ਼ਲਾਘਾ ਕੀਤੀ ਅਤੇ ਕਿਹਾ ਕਿ ਚੌਂਕੀ ਇੰਚਾਰਜ ਸ੍. ਰਵਨੀਤ ਸਿੰਘ ਸਿੱਧੂ ਆਪਣੀ ਡਿਊਟੀ ਦੇ ਪ੍ਰਤੀ ਇਮਾਨਦਾਰੀ ਅਤੇ ਮਿਹਨਤ ਦੀ ਇੱਕ ਮਿਸਾਲ ਹਨ, ਜੋ ਪੁਲਿਸ ਵਿਭਾਗ ਲਈ ਮਾਣ ਵਾਲੀ ਗੱਲ ਹੈ। ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿਚ ਪੁਲਿਸ ਮੁਲਾਜ਼ਮਾਂ ਸਮੇਤ ਆਪ ਆਗੂ ਥਾਣਾ ਸਿੰਘ ਸੁਖਲੱਧੀ, ਸੁਖਵੰਤ ਸਿੰਘ ਕਾਲਾ ਹੋਲਸੇਲ ਕੂਲਰ ਵਿਕ੍ਰੇਤਾ, ਲਖਵਿੰਦਰ ਲੱਖੀ ਟਰਾਂਸਪੋਰਟਰ, ਤੇਲੂ ਰਾਮ ਲਹਿਰੀ ਐਮਸੀ, ਨੰਬਰਦਾਰ ਹਰਦੀਪ ਸਿੰਘ ਸਰਾਂ ਚੱਕ ਹੀਰਾ ਸਿੰਘ ਵਾਲਾ, ਸਰਦੂਲ ਸਿੰਘ ਸਰਪੰਚ ਰਾਮਸਰਾ, ਡਾ. ਹਰਜਿੰਦਰ ਸਿੰਘ ਸਿੱਧੂ ਰਾਮਸਰਾ, ਗਨੇਸ਼ ਕੁਮਾਰ ਸਾਬਕਾ ਸਰਪੰਚ ਰਾਮਸਰਾ, ਗੁਰਜੀਤ ਸਿੰਘ ਸਾਬਕਾ ਸਰਪੰਚ ਸੇਖੂ, ਨੰਬਰਦਾਰ ਬਲਜੀਤ ਸਿੰਘ ਚੱਕ ਹੀਰਾ ਸਿੰਘ ਵਾਲਾ, ਸਰਪੰਚ ਵੀਰਪਾਲ ਕੌਰ ਚੱਕ ਹੀਰਾ ਸਿੰਘ ਵਾਲਾ, ਨਿਰਮਲ ਸਿੰਘ ਸਰਪੰਚ ਸੇਖੂ, ਆਸ ਪਾਸ ਦੇ ਪਿੰਡਾਂ ਦੀਆਂ ਪੰਚਾਇਤਾਂ ਤੋਂ ਇਲਾਵਾ ਹਰਿਆਣਾ ਸੂਬੇ ਦੇ ਪਿੰਡ ਚੱਠਾ, ਤਿੱਗੜੀ ਅਤੇ ਨੌਰੰਗ ਦੀਆਂ ਪੰਚਾਇਤਾਂ ਅਤੇ ਪਤਵੰਤੇ ਸੱਜਣ ਹਾਜ਼ਰ ਸਨ। ਚੌਂਕੀ ਇੰਚਾਰਜ ਰਵਨੀਤ ਸਿੰਘ ਸਿੱਧੂ ਅਤੇ ਪਰਵਿੰਦਰ ਸਿੰਘ ਚੱਠਾ ਏਐਸਆਈ ਨੇ ਹਾਜ਼ਰ ਸੰਗਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਡਾ. ਨਿਤਿਨ ਬਾਂਸਲ ਨੇ ਆਈ.ਐਸ.ਏ.ਕੇ.ਓ.ਐਸ. ਕਾਨਫਰੰਸ ਜਰਮਨੀ ਵਿਖੇ ਖੋਜ ਪੱਤਰ ਪੜ੍ਹਿਆ

**ਤਲਵੰਡੀ ਸਾਬੋ/ਬਠਿੰਡਾ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)-**ਹੱਡੀਆਂ ਦੇ ਆਪ੍ਰੇਸ਼ਨਾਂ ਵਿੱਚ ਮਰੀਜ਼ਾਂ ਨੂੰ ਦਰਪੇਸ਼ ਆ ਰਹੀਆਂ ਦਿੱਕਤਾਂ, ਤਕਲੀਫ ਅਤੇ ਦਰਦਾਂ ਤੋਂ ਛੁਟਕਾਰਾ ਪਾਉਣ ਲਈ ਬਠਿੰਡਾ ਦੇ ਹੱਡੀਆਂ ਦੇ ਆਪ੍ਰੇਸ਼ਨਾਂ ਦੇ ਮਾਹਿਰ ਡਾ. ਨਿਤਿਨ ਬਾਂਸਲ ਨੇ ਮਿਊਨਿਖ, ਜਰਮਨੀ ਵਿਖੇ ਆਯੋਜਿਤ ਪ੍ਰਸਿੱਧ ਆਈ.ਐਸ.ਏ.ਕੇ.ਓ.ਐਸ. ਕਾਨਫਰੰਸ ਵਿਖੇ ਆਪਣਾ ਖੋਜ ਪੱਤਰ ਪੜ੍ਹ ਕੇ ਹਾਜ਼ਰ ਮਾਹਿਰਾਂ ਨੂੰ ਪ੍ਰਭਾਵਿਤ ਕੀਤਾ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਬਾਂਸਲ ਨੇ ਦੱਸਿਆ ਕਿ ਉਨ੍ਹਾਂ ਦਾ ਖੋਜ ਪੱਤਰ ਹੱਡੀਆਂ ਦੇ ਆਪ੍ਰੇਸ਼ਨ ਵਿੱਚ ਇਸਤੇਮਾਲ ਹੋਣ ਵਾਲੀ ਧਾਤੂਆਂ ਦਾ ਮਨੁੱਖੀ ਸਰੀਰ 'ਤੇ ਪ੍ਰਭਾਵ ਵਿਸ਼ੇ 'ਤੇ ਅਧਾਰਿਤ ਸੀ ਜੋ ਇਸ ਖੇਤਰ ਵਿੱਚ ਕ੍ਰਾਂਤੀਕਾਰੀ ਅਤੇ ਨਵੀਨ ਧਾਰਨਾ ਮੰਨੀ ਗਈ ਹੈ। ਜਿਸ ਦਾ ਪੇਟੈਂਟ ਡਾ. ਬਾਂਸਲ ਦੇ ਨਾਮ ਤੇ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਹ ਖੋਜ ਸਿੱਧ ਕਰਦੀ ਹੈ ਕਿ ਹੱਡੀਆਂ ਦੇ ਆਪ੍ਰੇਸ਼ਨ ਅਤੇ ਜੋੜ ਵੇਲੇ ਜੇਕਰ ਇਸਤੇਮਾਲ ਹੋਣ ਵਾਲੀ ਧਾਤੂ ਦੀ ਸਾਵਧਾਨੀ ਪੂਰਵਕ ਜਾਂਚ-ਪਰਖ ਕਰ ਲਈ ਜਾਵੇ ਤਾਂ ਮਰੀਜ਼ ਨੂੰ ਅਲੈਰਜ਼ੀ, ਦਰਦ ਅਤੇ ਬਾਅਦ ਵਿੱਚ ਪੇਸ਼ ਆਉਣ ਵਾਲੀਆਂ ਦਿੱਕਤਾਂ ਤੋਂ ਬਚਾਇਆ ਜਾ ਸਕਦਾ ਹੈ। ਕਿਉਂਕਿ ਜੇਕਰ ਆਪ੍ਰੇਸ਼ਨ ਵੇਲੇ ਮਰੀਜ਼ ਨੂੰ ਉਸ ਧਾਤੂ ਤੋਂ ਅਲੈਰਜ਼ੀ ਹੋਵੇ ਤਾਂ ਬਦਲਵੀਂ ਧਾਤੂ ਇਸਤੇਮਾਲ ਕਰਕੇ ਆਪ੍ਰੇਸ਼ਨ ਜਿਆਦਾ ਸੁਰੱਖਿਅਤ ਪ੍ਰਭਾਵਸ਼ਾਲੀ ਤੇ ਸਫਲ ਕੀਤਾ ਜਾ ਸਕਦਾ ਹੈ। ਇਸ ਨਾਲ ਮਰੀਜ਼ ਦਾ ਪੈਸਾ, ਤਕਲੀਫ ਅਤੇ ਸਮੇਂ ਦੀ ਬੱਚਤ ਹੋਵੇਗੀ। ਉਨ੍ਹਾਂ ਦੱਸਿਆ ਕਿ ਕਾਨਫਰੰਸ ਵਿੱਚ ਵੱਖ-ਵੱਖ ਦੇਸ਼ਾਂ ਦੇ ਹੱਡੀਆਂ ਦੇ ਮਾਹਿਰ ਡਾਕਟਰਾਂ ਨੇ ਵੱਖ-ਵੱਖ ਵਿਸ਼ਿਆਂ ਤੇ ਵਿਚਾਰ ਵਟਾਂਦਰਾ ਕੀਤਾ ਤੇ ਇਲਾਜ ਲਈ ਇੱਕ ਦੂਜੇ ਨੂੰ ਸਹਿਯੋਗ ਕਰਨ ਦਾ ਪ੍ਰਣ ਲਿਆ। ਉਨ੍ਹਾਂ ਕਾਨਫਰੰਸ ਨੂੰ ਪ੍ਰਭਾਵਸ਼ਾਲੀ ਤੇ ਲਾਹੇਵੰਦ ਦੱਸਦੇ ਹੋਏ ਕਿਹਾ ਕਿ ਵਿਚਾਰਾਂ ਦੇ ਆਦਾਨ ਪ੍ਰਦਾਨ ਨਾਲ ਸਰਜਰੀ ਦੇ ਖੇਤਰ ਵਿੱਚ ਆ ਰਹੇ ਬਦਲਾਵਾਂ ਅਤੇ ਨਵੀਆਂ ਤਕਨੀਕਾਂ ਬਾਰੇ ਬਹੁਮੁੱਲੀ ਜਾਣਕਾਰੀ ਹਾਸਿਲ ਹੋਈ ਹੈ ਜੋ ਮਰੀਜ਼ਾਂ ਦੇ ਇਲਾਜ ਲਈ ਲਾਹੇਵੰਦ ਸਾਬਿਤ ਹੋਵੇਗੀ।




ਆਵਾਜ਼ਿ ਕੌਮ AWAZE QAUM International Newspaper & WEB TV









**ਚੰਡੀਗੜ੍ਹ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਈ ਦਹਾਕਿਆਂ ਤੋਂ ਦੁਨੀਆ ਭਰ ਵਿਚੋਂ ਪ੍ਰਸਿੱਧ ਕੀਰਤਨ ਕਥਾ ਜਥਾ ਬਲਵਿੰਦਰ ਸਿੰਘ ਰੰਗੀਲਾ ਜੀ ਚੰਡੀਗੁੜ ਵਾਲੇ ਜਦੋਂ ਵੀ ਬਰਤਾਨੀਆ ਸਿੱਖ ਧਰਮ ਦਾ ਪ੍ਰਚਾਰ ਕਰਨ ਆਉਂਦੇ ਨੇ ਉਹ ਹਮੇਸ਼ਾ ਹੀ ਲੈਸਟਰ ਸ਼ਹਿਰ ਦੇ ਗੁਰਦਵਾਰਾ ਸਾਹਿਬ ਜ਼ਰੂਰ ਆਉਂਦੇ ਹਨ। ਉਨ੍ਹਾ ਨੇ ਲ਼ੈਸਟਰ ਦੇ ਹੈਮਿਲਟਨ, ਓਡਬੀ ਅਤੇ ਈਸਟ ਪਾਰਕ ਰੋਡ ਸਥਿੱਤ ਗੁਰਦਵਾਰਾ ਸਾਹਿਬ ਵਿਖੇ ਕੀਰਤਨ ਕਥਾ ਕੀਤਾ ਜਿਸ ਸਮੇ ਦੀਵਾਨ ਹਾਲ ਭਰੇ ਹੋਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਸ ਕੁ ਸਾਲ ਪਹਿਲਾਂ ਗੁਰੂ ਤੇਗ ਬਹਾਦਰ ਗੁਰਦਵਾਰਾ ਸਾਹਿਬ ਵਿਖੇ ਪੰਜਾਬੀ ਲਿਸਨਰਜ ਕਲੱਬ ਵਲੋਂ ਰੰਗੀਲਾ ਜੀ ਹੁਣਾਂ ਨੂੰ ਜਿੰਦਗੀ ਭਰ ਦੀਆਂ ਪ੍ਰਾਪਤੀਆਂ ਲਈ ਸ਼ਾਨਦਾਰ ਟਰੋਫੀ ਨਾਲ ਸਨਮਾਨਿੱਤ ਕੀਤਾ ਗਿਆ ਸੀ।

ਸ਼ਨਿਚਰਵਾਰ 12 ਜੁਲਾਈ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਉਨ੍ਹਾ ਨੇ "ਭਗਤ ਧੰਨਾ ਜੱਟ" ਅਤੇ ਐਤਵਾਰ 13 ਜੁਲਾਈ ਨੂੰ "ਰਾਮ ਰਾਮ ਕਰਤਾ ਸੱਭ ਜੱਗ ਫਿਰੇ" ਦੀ ਵਿਆਖਿਆ ਕੀਤੀ।

ਭਗਤ ਕਬੀਰ ਜੀ ਬਾਰੇ ਊਨ੍ਹਾਂ ਨੇ ਦੱਸਿਆ ਕਿ ਉਹ ਬਨਾਰਸ 'ਚ ਰਹਿੰਦੇ ਸਨ ਅਤੇ ਉਨ੍ਹਾ ਦਾ ਜਨਮ ਵੀ ਓਥੇ ਹੀ ਹੋਇਆ ਸੀ। ਬਨਾਰਸ ਬਾਰੇ ਮਸ਼ਹੂਰ ਗੱਲ ਹੈ ਕਿ ਜਿਹੜਾ ਬਨਾਰਸ 'ਚ ਮਰਦਾ ਹੈ ਉਹ ਸਵਰਗਾਂ ਨੂੰ ਜਾਂਦਾ ਹੈ। ਕਬੀਰ ਜੀ ਬ੍ਰਹਮ ਗਿਆਨੀ ਸਨ ਸੱਚ ਬੋਲਦੇ ਸਨ। ਪਰ ਜਿਨ੍ਹਾਂ ਨੂੰ ਸੱਚ ਪਸੰਦ ਨਹੀਂ ਆਖੀਰ ਉਨ੍ਹਾਂ ਨੇ ਕਬੀਰ ਜੀ ਨੂੰ ਇੰਨਾ ਤੰਗ ਕੀਤਾ ਕਿ ਭਗਤ ਕਬੀਰ ਜੀ ਨੂੰ ਬਨਾਰਸ ਛੱਡ ਕੇ ਇੱਕ ਹੋਰ ਸ਼ਹਿਰ ਮਗਹਰ ਆ ਕੇ ਰਹਿਣਾ ਪਿਆ। ਅਤੇ ਮੰਗਹਰ ਬਾਰੇ ਇਹ ਗੱਲ ਮਸ਼ਹੂਰ ਹੈ ਕਿ ਜਿਹੜਾ ਮਗਹਰ ਮਰਦਾ ਹੈ ਉਹ ਖੋਤੇ ਦੀ ਜੂਨ 'ਚ ਪੈਦਾ ਹੁੰਦਾ ਹੈ।

ਭਗਤ ਕਬੀਰ ਜੀ ਕਹਿੰਦੇ ਹਨ " ਤੇਰੇ ਭਰੋਸੇ ਮਗਹਰ ਬਸਿਓ ਮੇਰੇ ਤਨ ਕੀ ਤਪਤਿ ਬੁਝਾਈ"। ਹੇ ਵਾਹਿਗੁਰੂ, ਜਿਹੜੇ ਕਹਿੰਦੇ ਨੇ ਜਿਹੜਾ ਬਨਾਰਸ ਮਰਦਾ ਓਹ ਸਵਰਗ ਜਾਏਗਾ ਅਤੇ ਜਿਹੜਾ ਮਗਹਰ ਮਰਦਾ ਓਹ ਖੋਤੇ ਦੀ ਜੂਨ 'ਚ ਪਏਗਾ, ਇਹਦਾ ਮਤਲਬ ਤਾਂ ਇਹ ਹੋਇਆ ਪਈ ਤੇਰੇ ਨਾਮ ਦੀ ਤਾਂ ਫਿਰ ਕੋਈ ਕੀਮਤ ਹੀ ਨਹੀਂ ਹੋਈ। ਪਰ ਮੈਨੂੰ ਤੇਰੇ ਤੇ ਵਾਹਿਗੁਰੂ ਜੀ ਭਰੋਸਾ ਹੈ ਜਿਹੜਾ ਤੇਰਾ ਨਾਮ ਨਹੀਂ ਜਪੇਗਾ ਬੇਸ਼ੱਕ ਓਹ ਬਨਾਰਸ ਵਿੱਚ ਮਰੇ ਓਹ ਸਚਖੰਡ ਨਹੀਂ ਜਾਵੇਗਾ, ਤੇਰੇ ਚਰਨਾ ਵਿੱਚ ਓਹੀ ਪਹੁੰਚੇਗਾਂ ਜਿਹੜਾ ਤੇਰੀ ਬੰਦਗੀ ਕਰੇਗਾ। ਤੇਰੇ ਭਰੋਸੇ ਤੇ ਮਗਹਰ ਆ ਕੇ ਵਸ ਗਿਆ ਕਿਓਂ ਕਿ ਮੈਨੂੰ ਆਪ ਜੀ ਤੇ ਭਰੋਸਾ ਹੈ ਤੁਸੀਂ ਮੈਨੂੰ ਆਪਣੇ ਕੋਲ ਹੀ ਲੈ ਜਾਵੋਂਗੇ।

ਬੁਧਵਾਰ 9 ਜੁਲਾਈ ਨੂੰ ਅਮਰ ਸ਼ਹੀਦ ਭਾਈ ਮਨੀ ਸਿੰਘ ਜੀ ਦੀ ਸ਼ਹੀਦੀ ਦੀ ਵਿਆਖਿਆ ਸੁਣ ਕੇ ਇੱਕ ਨੌਜਵਾਨ ਅਤੇ ਇੱਕ ਹੋਰ ਸਿੱਖ ਨੇ ਖੰਡੇ ਬਾਟੇ ਦਾ ਅਮ੍ਰਿਤ ਛਕਣ ਦਾ ਮਨ ਬਣਾ ਲਿਆ, ਇਨਾ ਨੂੰ ਗੁਰਦਵਾਰਾ ਸਾਹਿਬ ਵਲੋਂ ਸਰੋਪਾ ਦੀ ਬਖਸ਼ੀਸ਼ ਭੇਂਟ ਕੀਤੀ।

ਭਾਈ ਬਲਵਿੰਦਰ ਸਿੰਘ ਰੰਗੀਲਾ ਜੀ ਨੇ ਸਾਧ ਸੰਗਤ ਨੂੰ ਬੇਨਤੀ ਕੀਤੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅਰਦਾਸ ਕਰਿਆ ਕਰੋ ਕਿ

1. ਜਿਹਨਾਂ ਪ੍ਰੀਵਾਰਾਂ ਦੇ ਬੱਚਿਆਂ ਦੀ ਉਮਰ ਜਿਆਦਾ ਹੋ ਗਈ ਹੈ ਅਤੇ ਸੰਜੋਗ ਨਹੀਂ ਹੋਇਆ ਉਹਨਾਂ ਦਾ ਸੰਜੋਗ ਹੋਵੇ।
2. ਜਿਹਨਾਂ ਦੇ ਘਰ ਬੱਚਿਆਂ ਦੇ ਸੰਜੋਗ ਹੋ ਚੁੱਕੇ ਹਨ ਪਰ ਕਈ ਸਾਲਾਂ ਤੋਂ ਸੰਤਾਨ ਨਹੀ ਹੋਈ, ਉਹਨਾ ਦੇ ਸੰਤਾਨ ਹੋਵੇ।
3. ਜਿਹੜੇ ਸਰੀਰਕ ਅਤੇ ਮਨਸਿੱਕ ਰੋਗ ਦੇ ਪੀੜਤ ਹਨ ਉਹਨਾਂ ਨੂੰ ਜਲਦੀ ਆਰਾਮ ਆਵੇ।
4. ਸਾਰੇ ਘਰਾਂ ਵਿੱਚ ਬੱਚੇ ਆਪਣੇ ਬੇਜੁਰਗਾਂ ਮਾਂ ਬਾਪ ਦਾ ਖਾਸ ਕਰਕੇ ਦੇਖ ਭਾਲ ਕਰਨ ਜਿਵੇਂ ਓਹ ਬੱਚਿਆਂ ਦਾ ਕਰਦੇ ਸੀ।

17 ਜੁਲਾਈ ਤੋਂ 20 ਜੁਲਾਈ ਤੱਕ ਰੰਗੀਲਾ ਜੀ ਬਾਰਕਿੰਗ ਸਿੰਘ ਸਭਾ ਗੁਰਦਵਾਰਾ ਸਾਹਿਬ ਲੰਡਨ ਈਸਟ, ਬਾਰਕਿੰਗ 1ਘ11 8ਝ ਵਿਖੇ ਕੀਰਤਨ ਕਥਾ ਕਰ ਰਹੇ ਹਨ।

ਸਟੇਜ ਦੀ ਸੇਵਾ ਗਿਆਨੀ ਹਰਵਿੰਦਰ ਸਿੰਘ ਜੀ ਨੇ ਨਿਭਾਈ।

## ਵਿਸ਼ਵ ਸਿੱਖ ਚੈਂਬਰ ਆਫ ਕਾਮਰਸ ਦੇ ਵਫ਼ਦ ਵੱਲੋਂ ਸਿੱਖ ਐਜੂਕੇਸ਼ਨ ਮੁੱਦੇ ਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਨਾਲ ਮੁਲਾਕਾਤ




**ਨਵੀਂ ਦਿੱਲੀ 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਵਰਲਡ ਸਿੱਖ ਚੈਂਬਰ ਆਫ ਕਾਮਰਸ ਦੇ ਇੱਕ ਪ੍ਰਮੁੱਖ ਡੈਲੀਗੇਸ਼ਨ ਨੇ, ਜਿਸ ਵਿੱਚ ਭਾਰਤ ਦੇ 10 ਸ਼ਹਿਰਾਂ ਅਤੇ ਵਿਦੇਸ਼ੀ ਚੈਪਟਰਾਂ ਤੋਂ 30 ਤੋਂ ਵੱਧ ਮੈਂਬਰ ਸ਼ਾਮਲ ਸਨ, ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗਜ ਨਾਲ ਮੁਲਾਕਾਤ ਕੀਤੀ ਗਈ ।ਮੁਲਾਕਾਤ ਦੌਰਾਨ ਵਿਸ਼ਵ ਸਿੱਖ ਭਾਈਚਾਰੇ ਦੀ ਭਲਾਈ ਲਈ ਕੁਝ ਮਹੱਤਵਪੂਰਣ ਸੁਝਾਵਾਂ ਵਾਲਾ ਇੱਕ ਮੈਮੋਰੈਂਡਮ ਪੇਸ਼ ਕੀਤਾ ਗਿਆ। ਇਹ ਮੁਲਾਕਾਤ ਡਾ. ਪਰਮੀਤ ਸਿੰਘ ਚੱਢਾ (ਗਲੋਬਲ ਚੇਅਰਮੈਨ - ਡਬਲਊਐਸਸੀਸੀ) ਅਤੇ ਸਰਦਾਰ ਰਜਿੰਦਰ ਸਿੰਘ ਮਰਵਾਹਾ (ਪ੍ਰਧਾਨ, ਡਬਲਊਐਸਸੀਸੀ ਪੰਜਾਬ ਚੈਪਟਰ) ਦੀ ਅਗਵਾਈ ਹੇਠ ਹੋਈ, ਜਿਨ੍ਹਾਂ ਦੇ ਨਾਲ ਵੱਖ-ਵੱਖ ਰਾਜਾਂ ਅਤੇ ਸ਼ਹਿਰੀ ਚੈਪਟਰਾਂ ਦੇ ਸੀਨੀਅਰ ਲੀਡਰ ਵੀ ਮੌਜੂਦ ਸਨ। ਡਾ. ਪਰਮੀਤ ਸਿੰਘ ਚੱਢਾ ਨੇ ਗੁਰਮਤ ਅਸੂਲਾਂ ਅਤੇ ਆਧੁਨਿਕ ਵਿਦਿਆਵਿਧੀਆਂ ਨੂੰ ਜੋੜ ਕੇ ਇੱਕ "ਸਿੱਖ ਐਜੂਕੇਸ਼ਨ ਬੋਰਡ" ਬਣਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ, "ਸਿੱਖੀ ਰੂਹ ਵਿਚ ਰਚਿਆ ਗਿਆ, ਪਰ ਆਧੁਨਿਕ ਉਤਕਰਸ਼ ਲਈ ਤਿਆਰ ਕੀਤਾ ਗਿਆ ਸਿੱਖਿਆ ਪੱਧਰ ਸਾਡੀ ਆਉਣ ਵਾਲੀ ਪੀੜ੍ਹੀ ਲਈ ਆਧਾਰਸ਼ੀਲਾ ਹੋਵੇਗਾ। ਡਬਲਊਐਸਸੀਸੀ ਨੇ ਆਪਣੇ ਮੁੱਖ ਮਿਸ਼ਨ "ਦਵਾਈ ਲੰਗਰ, ਪੜ੍ਹਾਈ ਲੰਗਰ ਅਤੇ ਕਮਾਈ ਲੰਗਰ" ਨੂੰ ਮੁੜ ਦ੍ਰਿੜ ਕਰਦੇ ਹੋਏ ਕਿਹਾ ਕਿ ਸਿਹਤ, ਸਿੱਖਿਆ ਅਤੇ ਆਰਥਿਕ ਸ਼ਕਤੀਕਰਨ ਰਾਹੀਂ ਸਮੂਹਕ ਵਿਕਾਸ ਲਈ ਇਹ ਤਿੰਨ ਮੂਲ ਤੱਤ ਜ਼ਰੂਰੀ ਹਨ। ਡਬਲਊਐਸਸੀਸੀ ਵੱਲੋਂ ਛੇ ਵੱਡੇ ਸੁਝਾਅ ਜਥੇਦਾਰ ਸਾਹਿਬ ਨੂੰ ਦਿੱਤੇ ਗਏ ਜਿਨ੍ਹਾਂ ਵਿਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਇੱਕ ਵੱਡਾ ਸਮਾਗਮ ਅੰਮ੍ਰਿਤਸਰ ਵਿਖੇ ਕਰਵਾਉਣਾ, ਇੱਕ ਵੱਖਰਾ "ਸਿੱਖ ਐਜੂਕੇਸ਼ਨ ਬੋਰਡ" ਬਣਾਉਣਾ, ਡਬਲਊਐਸਸੀਸੀ ਨੂੰ ਇੱਕ ਗਲੋਬਲ ਸਿੱਖ ਪ੍ਰੋਫੈਸ਼ਨਲ ਅਤੇ ਬਿਜ਼ਨਸ ਸੰਸਥਾ ਵਜੋਂ ਮਨਜ਼ੂਰੀ ਦੇਣਾ, "ਗਲੋਬਲ ਸਿੱਖ ਐਮਪਾਵਰਮੈਂਟ ਕਾਨਫਰੰਸ" ਅੰਮ੍ਰਿਤਸਰ ਵਿੱਚ ਕਰਵਾਉਣਾ, ਗੁਰਮਤ ਦੇ ਅਨੁਸਾਰ ਸਾਦਾ ਦਾਲ-ਰੋਟੀ ਲੰਗਰ ਪ੍ਰਚਲਿਤ ਕਰਨ ਲਈ ਪੰਥਕ ਹੁਕਮਨਾਮਾ ਜਾਰੀ ਕਰਨਾ, "ਪੜ੍ਹਾਈ ਲੰਗਰ" ਅਭਿਆਨ ਰਾਹੀਂ ਦੁਨੀਆ ਭਰ ਦੇ ਗੁਰਦੁਆਰਿਆਂ ਵਿੱਚ ਅਵਸ਼ਕਰਤ ਸਿੱਖ ਵਿਦਿਆਰਥੀਆਂ ਦੀ ਸਹਾਇਤਾ ਕਰਨਾ। ਜਥੇਦਾਰ ਸਾਹਿਬ ਨੇ ਡਬਲਊਐਸਸੀਸੀ ਦੇ ਉਪਰਾਲਿਆਂ ਦੀ ਖੁਲ੍ਹੀ ਦਿਲੋਂ ਤਾਰੀਫ਼ ਕੀਤੀ ਅਤੇ ਭਵਿੱਖ ਵਿਚ ਪੰਥਕ ਹਿੱਤਾਂ ਲਈ ਹਮੇਸ਼ਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਡੈਲੀਗੇਸ਼ਨ ਵਿੱਚ ਅਮਰਿੰਦਰ ਸਿੰਘ ਕੌਛੜ (ਚੰਡੀਗੜ੍ਹ ਚੈਪਟਰ ਦੇ ਚੇਅਰਮੈਨ), ਮਨਮੀਤ ਸਿੰਘ ਭੱਟੀ (ਵਾਈਸ ਪ੍ਰੇਸੀਡੈਂਟ - ਚੰਡੀਗੜ੍ਹ), ਹਰਪ੍ਰੀਤ ਸਿੰਘ (ਚੇਅਰਮੈਨ - ਹਰਿਆਣਾ ਚੈਪਟਰ), ਹਰਮੀਤ ਸਿੰਘ ਵਿਰਦੀ (ਪ੍ਰਧਾਨ - ਸ਼ਿਮਲਾ), ਡਾ. ਹਰਮੀਤ ਸਿੰਘ ਅਰੋੜਾ, ਡਾ. ਹਰਮੀਤ ਸਿੰਘ ਸਲੂਜਾ (ਅੰਮ੍ਰਿਤਸਰ), ਹਰਪਾਲ ਸਿੰਘ ਅਹਲੂਵਾਲੀਆ (ਜੱਸਾ ਸਿੰਘ ਅਹਲੂਵਾਲੀਆ ਫੈਡਰੇਸ਼ਨ), ਰੁਪਿੰਦਰ ਸਿੰਘ ਕਟਾਰੀਆ, ਆਰਕੀਟੈਕਟ ਜਸਬੀਰ ਸਿੰਘ ਅਹਲੂਵਾਲੀਆ, ਜਤਿੰਦਰ ਸਿੰਘ ਬੌਬੀ ਬਾਦਸ਼ਾਹ, ਪਰਮਿੰਦਰ ਸਿੰਘ ਗੋਲਡੀ, ਬੌਬੀ ਧੰਜਲ, ਡਾ. ਜੌਲੀ, ਅਮਰਜੀਤ ਸਿੰਘ ਨਰੰਗ (ਸੀਏ), ਪਰਮਜੀਤ ਸਿੰਘ ਤੇਗ (ਐਡਵੋਕੇਟ), ਸੁਖਵਿੰਦਰ ਸਿੰਘ (ਹੋਟਲ ਮਾਲਕ), ਅਤੇ ਅਵਤਾਰ ਸਿੰਘ (ਕੈਨੇਡਾ) ਸਮੇਤ ਹੋਰ ਸੱਜਣ ਵੀਂ ਮੌਜੂਦ ਸਨ । ਇਹ ਮੁਲਾਕਾਤ ਪੰਥਕ ਵਿਕਾਸ ਦੀ ਸੰਯੁਕਤ ਦਿਸ਼ਾ ਲਈ ਇਕਜੁਟਤਾ ਅਤੇ ਸੰਕਲਪ ਦੇ ਭਾਵ ਨਾਲ ਸਮਾਪਤ ਹੋਈ।

ਆਵਾਜ਼ਿ ਕੌਮ AWAZE QAUM International Newspaper & WEB TV

## "ਵਿਸ਼ਵ ਜਨ ਸੰਖਿਆ ਦਿਵਸ" ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਮਨਾਇਆ ਗਿਆ

**ਹੁਸ਼ਿਆਰਪੁਰ 16 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਯੂਥ ਅਧਿਕਾਰੀ ਮਾਈ ਭਾਰਤ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ ਤੇ "ਵਿਸ਼ਵ ਜਨਸੰਖਿਆ ਦਿਵਸ" ਤੇ ਇਕ ਸਮਾਗਮ ਸਿਵਲ ਸਰਜਨ ਹੁਸ਼ਿਆਰਪੁਰ, ਡਾ. ਪਵਨ ਸਗੋਤਰਾ ਦੇ ਸਹਿਯੋਗ ਨਾਲ ਉਨ੍ਹਾਂ ਦੇ ਦਫਤਰ ਦੇ ਮੀਟਿੰਗ ਹਾਲ ਵਿਖੇ ਮਨਾਇਆ ਗਿਆ।ਇਸ ਮੌਕੇ ਤੇ ਸਥਾਨਕ ਸਮਾਜ ਸੇਵਕ ਵਿਜੈ ਅਰੋੜਾ, ਅਜੈ ਸ਼ਾਰਦਾ, ਸੁਮੇਸ਼ ਕੁਮਾਰ, ਰਮੇਸ਼ ਕੁਮਾਰ, ਅਸ਼ੋਕ ਪੁਰੀ ਦੇ ਨਾਲ ਜ਼ਿਲ੍ਹਾ ਫੈਮਿਲੀ ਪਲੈਨਿੰਗ ਅਫਸਰ ਡਾ.ਰਣਜੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਇਸ ਪ੍ਰੋਜੈਕਟ ਦੇ ਪ੍ਰੋਜੈਕਟ ਪ੍ਰੰਬਧਕ ਵਿਕਰਮਪ੍ਰੀਤ ਸਿੰਘ ਸਨ। ਇਸ ਸਮਾਗਮ ਦੇ ਮੰਚ ਸੰਚਾਲਕ ਅਜੈ ਸ਼ਾਰਦਾ ਨੇ ਪ੍ਰੋਗਰਾਮ ਦੀ ਰੂਪਰੇਖਾ ਸਾਂਝੀ ਕਰਦੇ ਹੋਏ ਮੁੱਖ ਮਹਿਮਾਨ ਸਿਵਲ ਸਰਜਨ ਡਾ.ਪਵਨ ਸਗੋਤਰਾ ਅਤੇ ਜ਼ਿਲ੍ਹਾ ਫੈਮਿਲੀ ਪਲੈਨਿੰਗ ਅਫਸਰ ਡਾ.ਰਣਜੀਤ ਸਿੰਘ ਨੂੰ ਜੀ ਆਇਆਂ ਆਖਿਆ। ਸਿਵਲ ਸਰਜਨ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਵਿਸ਼ਵ ਜਨਸੰਖਿਆ ਦਿਵਸ ਇਕ ਦਿਨ ਨਾ ਮਨਾ ਕੇ ਸਗੋਂ ਪੂਰੇ ਹਫਤੇ ਲਈ ਜ਼ਿਲ੍ਹੇ ਭਰ ਵਿੱਚ ਜਨਸੰਖਿਆ ਦੇ ਵਿਸਫੋਟ ਤੋਂ ਜਾਗਰੂਕ ਕਰਨ ਲਈ ਮਨਾਇਆ ਜਾਂਦਾ ਹੈ। ਮੰਚ ਸੰਚਾਲਕ ਨੇ ਦੱਸਿਆ ਕਿ ਵੱਧ ਰਹੀ ਆਬਾਦੀ, ਆਬਾਦੀ ਨਹੀਂ ਸਗੋਂ ਭੀੜ ਹੈ ਜੋ ਕਿ ਅਪਰਾਧਿਕ ਘਟਨਾਵਾਂ ਦਾ ਕਾਰਨ ਬਣਦੀ ਹੈ। ਇਸ ਉਪਰੰਤ ਸਤਿ ਸ਼੍ਰੀ ਅਕਾਲ ਦੁਆਬਾ ਵਲੋਂ ਜ਼ਿਲ੍ਹਾ ਫੈਮਿਲੀ ਪਲੈਨਿੰਗ ਅਫਸਰ ਡਾ.ਰਣਜੀਤ ਸਿੰਘ ਅਤੇ ਸਿਵਲ ਸਰਜਨ ਡਾ.ਪਵਨ ਸਗੋਤਰਾ ਨੂੰ ਸੁਮੇਸ਼ ਕੁਮਾਰ, ਅਸ਼ੋਕ ਪੁਰੀ ਅਤੇ ਹੋਰ ਪਤਵੰਤਿਆਂ ਨੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇੱਥੇ ਅਸ਼ੋਕ ਪੁਰੀ ਨੇ ਵਿਸ਼ਵਾਸ਼ ਦਿਵਾਇਆ ਕਿ ਅਸੀਂ ਜਲਦੀ ਹੀ ਜਨਸੰਖਿਆ ਵਿਸਫੋਟ ਤੋਂ ਜਾਗਰੂਕ ਕਰਨ ਲਈ ਨੁਕੜ ਨਾਟਕ "ਭੀੜ" ਦਾ ਵੱਖ-ਵੱਖ ਥਾਵਾਂ ਤੇ ਪ੍ਰਦਰਸ਼ਨ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਅਤੇ

# ਆਪਸੀ ਵਿਵਾਦ ਨੂੰ ਖਤਮ ਕਰਨ ਲਈ ਡਰਬੀ ਵਿਖੇ ਪੰਥਕ ਕਾਨਫਰੰਸ: ਪੁਰੇਵਾਲ





**ਨਵੀਂ ਦਿੱਲੀ 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)** - ਤਖਤ ਸ੍ਰੀ ਪਟਨਾ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਦਰਮਿਆਨ ਬਣੇ ਤਣਾਅ ਅਤੇ ਖਾਲਸਾ ਜੀ ਦੇ ਧਾਰਮਕ-ਰਾਜਨੀਤਿਕ ਗਲਿਆਰਿਆਂ ਵਿਚ ਪੈਦਾ ਹੋਈ ਦੁਬਿਧਾ ਵਾਲੀ ਸਥਿਤੀ ਨੂੰ ਦੂਰ ਕਰਨ ਲਈ ਬੀਤੇ ਐਤਵਾਰ ਨੂੰ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਡਰਬੀ ਵਿਖੇ ਪੰਥਕ ਕਾਨਫਰੰਸ ਕਰਵਾਈ ਗਈ ਜਿਸ ਵਿਚ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿੱਚੋਂ ਆਏ ਪੰਥਕ ਵਿਦਵਾਨਾਂ ਅਤੇ ਪੰਥਕ ਬੁਲਾਰਿਆਂ ਨੇ ਖਾਲਸਾ ਪੰਥ ਵਿਚ ਏਕਤਾ ਅਤੇ ਇਤਫਾਕ ਨੂੰ ਬਣਾਈ ਰੱਖਣ ਲਈ ਆਪਣੇ ਵਿਚਾਰ ਪ੍ਰਗਟ ਕੀਤੇ। ਇਹ ਪੰਥਕ ਕਾਨਫਰੰਸ ਪੰਥਕ ਆਗੂ ਭਾਈ ਰਾਜਿੰਦਰ ਸਿੰਘ ਪੁਰੇਵਾਲ ਦੀ ਪਹਿਲ ਕਦਮੀ ਉਤੇ ਕਰਵਾਈ ਗਈ। ਇਸ ਕਾਨਫਰੰਸ ਵਿਚ ਲੱਗਭੱਗ ਹਰ ਕਿਸਮ ਦੇ ਵਿਚਾਰਾਂ ਅਤੇ ਵਿਚਾਰ-ਧਾਰਾਵਾਂ ਵਾਲੇ ਆਗੂਆਂ ਨੇ ਪੰਥ ਦੇ ਭਲੇ ਅਤੇ ਏਕੇ ਲਈ ਆਪਣੇ ਵਿਚਾਰ ਪ੍ਰਗਟ ਕੀਤੇ । ਗੁਰਦੁਆਰਾ ਸਾਹਿਬ ਦੇ ਜਨਰਲ ਸੈਕਟਰੀ ਸ: ਰਾਜਿੰਦਰ ਸਿੰਘ ਪੁਰੇਵਾਲ ਨੇ ਆਖਿਆ ਕਿ ਵਰਤਮਾਨ ਸਮੇਂ ਦੋ ਤਖਤ ਸਾਹਿਬਾਨ ਦਰਮਿਆਨ ਜੋ ਤਕਰਾਰ ਚੱਲ ਰਿਹਾ ਹੈ ਉਹ ਖਾਲਸਾ ਪੰਥ ਦੀ ਏਕਤਾ ਅਤੇ ਪ੍ਰਤੀਬੱਧਤਾ ਨੂੰ ਢਾਹ ਲਗਾ ਰਿਹਾ ਹੈ ਇਸ ਲਈ, ਪੰਜ ਸਿੰਘ ਸਾਹਿਬਾਨ ਅਤੇ ਹੋਰ ਸੁਹਿਰਦ ਸਿੱਖ ਆਗੂਆਂ ਨੂੰ ਇਸ ਦੁਬਿਧਾ ਭਰੀ ਸਥਿਤੀ ਵਿਚ ਆਪਣੀ ਸਕਾਰਾਤਮਕ ਭੂਮਿਕਾ ਨਿਭਾਉਣੀ ਚਾਹੀਦੀ ਹੈ । ਉਹਨਾਂ ਕਾਨਫਰੰਸ ਵਿਚ ਪੇਸ਼ ਕੀਤੇ ਜਾਣ ਵਾਲੇ ਮਤਿਆਂ ਬਾਰੇ ਵੀ ਸੰਗਤਾਂ ਨੂੰ ਜਾਣਕਾਰੀ ਦਿੱਤੀ। ਉਹਨਾਂ ਕਿਹਾ, ਸਿੰਘ ਸਭਾ ਡਰਬੀ ਦਾ ਹਮੇਸ਼ਾ ਹੀ ਇਹ ਯਤਨ ਰਿਹਾ ਹੈ ਕਿ ਹਰ ਪੰਥਕ ਮਸਲੇ ਬਾਰੇ ਉਹ ਪਹਿਲ ਕਦਮੀ ਕਰਕੇ ਵਿਦੇਸ਼ੀ ਸਿੱਖਾਂ ਦੇ ਵਿਚਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜ ਤਖਤ ਸਾਹਿਬਾਨ ਤੱਕ ਪਹੁੰਚਦਾ ਕਰਨ।

ਪ੍ਰੋ: ਦਲਜੀਤ ਸਿੰਘ ਵਿਰਕ ਨੇ ਸੰਬੋਧਨ ਕਰਦੇ ਹੋਏ ਆਖਿਆ ਕਿ ਵਰਤਮਾਨ ਪੰਥਕ ਸੰਕਟ ਜਿਆਦਾ ਤਾਂ ਕੁਝ ਲੋਕਾਂ ਦੀ ਨਿੱਜੀ ਹਉਮੈਂ ਵਿੱਚੋਂ ਉਭਰਿਆ ਹੋਇਆ ਨਜ਼ਰ ਆਉਂਦਾ ਹੈ। ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਅਤੇ ਤਖਤ ਸ੍ਰੀ ਪਟਨਾ ਸਾਹਿਬ ਦਰਮਿਆਨ ਪੈਦਾ ਹੋਏ ਭੁਲੇਖੇ ਕੁਝ ਸੁਹਿਰਦ ਸਿੱਖ ਵਿਦਵਾਨਾਂ ਦੇ ਸਹਿਯੋਗ ਨਾਲ ਨਿਪਟ ਗਏ ਸਨ ਪਰ ਕਿਸੇ ਵਿਅਕਤੀ ਨੇ ਆਪਣੀ ਵਿਸ਼ੇਸ਼ਤਾ ਨੂੰ ਉਜਾਗਰ ਕਰਨ ਲਈ ਇਨ੍ਹਾਂ ਨੂੰ ਤੂਲ ਦਿੱਤੀ ਹੈ। ਡਾ: ਗੁਰਨਾਮ ਸਿੰਘ ਨੇ ਸਿੱਖ ਪੰਥ ਨੂੰ ਅਪੀਲ ਕੀਤੀ ਕਿ ਸਾਡੇ ਉਤੇ ਨਾ ਕੇਵਲ ਰਾਜਸੀ ਹਮਲੇ ਹੋ ਰਹੇ ਹਨ ਬਲਕਿ ਇਸਦੇ ਨਾਲ ਹੀ ਕੌਮ ਉਤੇ ਸਿਧਾਂਤਕ ਹਮਲੇ ਵੀ ਹੋ ਰਹੇ ਹਨ ਜਿਨ੍ਹਾਂ ਦੇ ਟਾਕਰੇ ਲਈ ਸਾਨੂੰ ਆਪਣੇ ਆਰਥਕ ਸਰੋਤਾਂ ਨੂੰ ਡੂੰਘੀ ਖੋਜ ਅਤੇ ਸਿੱਖ ਇਤਿਹਾਸਕਾਰੀ ਵੱਲ ਲਗਾਉਣਾਂ ਚਾਹੀਦਾ ਹੈ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਸਾਡੇ ਜ਼ਿਆਦਾ ਸਰੋਤ ਇਮਾਰਤਾਂ ਉਸਾਰਨ ਤੇ ਹੀ ਲੱਗ ਰਹੇ ਹਨ, ਸਿੱਖ ਇਤਿਹਾਸ ਅਤੇ ਗੁਰਬਾਣੀ ਦੀ ਖੋਜ ਉਤੇ ਬਹੁਤ ਘੱਟ ਸਰੋਤ ਲੱਗ ਰਹੇ ਹਨ। ਰਾਜਮਨਵਿੰਦਰ ਸਿੰਘ ਰਾਜਾ ਕੰਗ ਨੇ ਕਿਹਾ ਕਿ ਅਸੀਂ ਰਹਿਤ ਮਰਯਾਦਾ ਦੇ ਜਾਂ ਹੋਰ ਛੋਟੇ ਮੋਟੇ ਮਤਭੇਦ ਪਾਸੇ ਰੱਖ ਕੇ ਸਾਂਝੀ ਪੰਥਕ ਸ਼ਕਤੀ ਦੇ ਤੌਰ ਤੇ ਵਿਚਰੀਏ। ਸੁਪਰੀਮ ਸਿੱਖ ਕੌਂਸਲ ਦੇ ਨੁੰਮਾਇੰਦੇ ਭਾਈ ਚੰਦਰ ਸ਼ੇਖਰ ਸਿੰਘ ਗੁਰੂ ਨੇ ਕਿਹਾ ਕਿ ਆਪਾਂ ਵਿਦੇਸ਼ੀ ਸਿੱਖਾਂ ਦਾ ਇਕ ਸੰਗਠਨ ਬਣਾਈਏ ਜਿਸ ਵਿੱਚ ਹਰ ਮੁਲਕ ਵਿੱਚੋਂ ਪੰਜ ਸਿੰਘਾਂ ਨੂੰ ਲੈ ਲਿਆ ਜਾਵੇ ਤਾਂ ਕਿ ਉਹ ਪੰਥਕ ਸੰਗਠਨ ਵਿਦੇਸ਼ੀ ਸਿੱਖਾਂ ਦੀ ਅਵਾਜ਼ ਤਖਤ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਤੱਕ ਪਹੁੰਚਦੀ ਕਰੇ । ਅਵਤਾਰ ਸਿੰਘ ਪੱਤਰਕਾਰ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਰੂਹਾਨੀ ਸੰਕਲਪ ਦੀ ਫਿਲਾਸਫੀ ਅਤੇ ਇਸਦੇ ਸਿੱਖ ਮਾਨਸਿਕਤਾ ਨਾਲ ਗਹਿਰੇ ਰਿਸ਼ਤੇ ਦੀ ਵਿਆਖਿਆ ਕੀਤੀ, ਕਿ ਦੁਸ਼ਮਣ ਸਾਨੂੰ ਆਪਣੇ ਅਧਿਆਤਮਕ ਸੋਮੇ ਤੋਂ ਤੋੜਨ ਲਈ ਸਰਗਰਮੀ ਨਾਲ ਕਾਰਜ ਕਰ ਰਿਹਾ ਹੈ। ਦੁਸ਼ਮਣ ਦੇ ਇਸ ਹਮਲੇ ਨੂੰ ਪਛਾੜਨ ਲਈ ਇਕ ਤਾਂ ਸਾਨੂੰ ਆਪਣੀ ਇਤਿਹਾਸਕਾਰੀ ਅਤੇ ਖੋਜਪਰੰਪਰਾ ਨੂੰ ਮੁੜ ਤੋਂ ਸੰਗਠਿਤ ਕਰਨਾ ਪਵੇਗਾ ਦੂਜਾ ਸਾਨੂੰ ਉਨ੍ਹਾਂ ਧਾਰਮਕ ਵਖਰੇਵਿਆਂ ਨੂੰ ਉਛਾਲਣ ਤੋਂ ਗੁਰੇਜ ਕਰਨਾ ਪਵੇਗਾ ਜਿਹੜੇ ਅਕਸਰ ਹੀ ਸਾਡੀ ਏਕਤਾ ਦਰਮਿਆਨ ਆ ਖੜ੍ਹਦੇ ਹਨ। ਇਸ ਮੌਕੇ ਵਿਦਵਾਨ ਲੇਖਕ ਭਾਈ ਕੁਲਵੰਤ ਸਿੰਘ ਢੇਸੀ ਨੇ ਵੀ ਵਰਤਮਾਨ ਪੰਥਕ ਸੰਕਟ ਦੇ ਸੰਦਰਭ ਵਿਚ ਮਤਭੇਦ ਤਿਆਗ ਕੇ ਗੁਰੂ ਮਤ ਅਨੁਸਾਰ ਕਾਰਜ ਕਰਨ ਦੀ ਬੇਨਤੀ ਕੀਤੀ। ਰਾਮਗੜ੍ਹੀਆ ਕੌਂਸਲ ਯੂ ਕੇ ਦੇ ਸੇਵਾਦਾਰ ਭਾਈ ਰਣਜੀਤ ਸਿੰਘ ਸੀਹਰਾ ਨੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਦੀ ਗੱਲ ਕੀਤੀ। ਪੰਥਕ ਵਿਦਵਾਨ ਤੇ ਲੇਖਕ ਭਾਈ ਭਗਵਾਨ ਸਿੰਘ ਜੌਹਲ ਨੇ ਸੰਬੋਧਨ ਕਰਦੇ ਕਿਹਾ ਕਿ ਪੰਥ ਵਿੱਚ ਦੂਰੀਆਂ ਵਧ ਰਹੀਆਂ ਹਨ, ਪੰਥ ਦੇ ਭਲੇ ਅਤੇ ਚੜ੍ਹਦੀ ਕਲਾ ਲਈ ਸਾਰੀਆਂ ਧਿਰਾਂ ਨੂੰ ਪੰਥ ਲਈ ਸਮਰਪਿਤ ਹੋਣ ਦੀ ਲੋੜ ਹੈ ਤੇ ਇਹ ਦੂਰੀਆਂ ਮਿਟਾਉਣ ਵਿੱਚ ਹੀ ਪੰਥ ਦਾ ਭਲਾ ਹੈ । ਵਰਲਡ ਸਿੱਖ ਪਾਰਲੀਮੈਂਟ ਦੇ ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ ਨੇ ਕਿਹਾ ਕਿ ਸਿੱਖਾਂ ਦੇ ਸਾਰੇ ਮਸਲਿਆਂ ਦਾ ਹੱਲ ਪੰਥ ਦੀ ਅਜ਼ਾਦ ਹਸਤੀ ਖਾਲਿਸਤਾਨ ਕਾਇਮ ਕਰਕੇ ਹੀ ਹੋ ਸਕਦਾ ਹੈ । ਇਹਨਾਂ ਦੇ ਇਲਾਵਾ ਬਹੁਤ ਸਾਰੇ ਜਿਹੜੇ ਆਗੂ ਇਸ ਕਾਨਫਰੰਸ ਵਿੱਚ ਪਹੁੰਚ ਨਹੀਂ ਸਕੇ ਉਹਨਾਂ ਨੇ ਫੋਨ ਕਰਕੇ ਜਾਂ ਲਿਖ ਕੇ ਆਪਣੇ ਸੁਝਾਅ ਤੇ ਵਿਚਾਰ ਸਾਂਝੇ ਕਰਨ ਲਈ ਭੇਜੇ, ਉਹਨਾਂ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੇ ਸਪੋਕਸ ਪਰਸਨ ਭਾਈ ਜੋਗਾ ਸਿੰਘ, ਜਥੇਦਾਰ ਮਹਿੰਦਰ ਸਿੰਘ ਖਹਿਰਾ, ਭਾਈ ਅਵਤਾਰ ਸਿੰਘ ਸੰਘੇੜਾ, ਮਾਸਟਰ ਕੁਲਵਿੰਦਰ ਸਿੰਘ (ਸਰੀ ਕੈਨੇਡਾ), ਸ: ਗੁਰਦੇਵ ਸਿੰਘ ਚੌਹਾਨ ਪ੍ਰਧਾਨ (ਸ਼੍ਰੋ: ਅਕਾਲੀ ਦਲ ਯੂਕੇ), ਪ੍ਰਿੰਸੀਪਲ ਸੁਜਿੰਦਰ ਸਿੰਘ ਸੰਘਾ, ਭਾਈ ਗੁਰਦੇਵ ਸਿੰਘ ਜਥੇਦਾਰ (ਸਾਹਿਬਜ਼ਾਦਾ ਫਤਹਿ ਸਿੰਘ ਤਰਨਾ ਦਲ), ਸ: ਹਰਦਿਆਲ ਸਿੰਘ ਢਿੱਲੋਂ, ਸ: ਜਗਤਾਰ ਸਿੰਘ ਗਿੱਲ (ਗੁਰਦੁਆਰਾ ਏਡ), ਪ੍ਰੋ: ਬਲਵਿੰਦਰਪਾਲ ਸਿੰਘ, ਸ: ਪ੍ਰਮਿੰਦਰਪਾਲ ਸਿੰਘ ਖਾਲਸਾ (ਸਿੱਖ ਸੇਵਕ ਸੁਸਾਇਟੀ ਇੰ:) ਗਿਆਨੀ ਗੁਰਬਖਸ਼ ਸਿੰਘ ਗੁਲਸ਼ਨ, ਗਿਆਨੀ ਤ੍ਰਿਬੇਦੀ ਸਿੰਘ ਆਦਿ ਸ਼ਾਮਿਲ ਹਨ।

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਗੁਰੂ ਤੇਗ ਬਹਾਦਰ ਸਾਹਿਬ ਦਾ 350 ਸ਼ਹੀਦੀ ਦਿਹਾੜਾ ਕੌਮ ਵੱਲੋਂ ਇਕਜੁੱਟ ਹੋ ਕੇ ਮਨਾਉਣ ਦੇ ਰਾਹ ਵਿਚ ਭੁਲੇਖੇ ਨਾ ਪਾਉਣ: ਕਾਲਕਾ, ਕਾਹਲੋਂ, ਕਰਮਸਰ



**ਨਵੀਂ ਦਿੱਲੀ, 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਚੈਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਆਖਿਆ ਹੈ ਕਿ ਉਹ ਗੁਰੂ ਤੇਗ ਬਹਾਦਰ ਸਾਹਿਬ ਦਾ 350 ਸਾਲਾ ਸ਼ਹੀਦੀ ਦਿਹਾੜਾ ਕੌਮ ਵੱਲੋਂ ਇਕਜੁੱਟ ਹੋ ਕੇ ਮਨਾਉਣ ਦੇ ਰਾਹ ਵਿਚ ਭੁਲੇਖੇ ਨਾ ਪਾਉਣ ਅਤੇ ਵੱਖਰੇ ਪ੍ਰੋਗਰਾਮ ਨਾ ਉਲੀਕਣ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ, ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਜਦੋਂ 1999 ਵਿਚ ਖਾਲਸਾ ਸਾਜਨਾ ਦਿਵਸ ਦਾ 300 ਸਾਲਾ ਮਨਾਇਆ ਗਿਆ ਤਾਂ ਸਮੁੱਚੀ ਕੌਮ ਸ੍ਰੀ ਆਨੰਦਪੁਰ ਸਾਹਿਬ ਵਿਚ ਇਕਜੁੱਟ ਹੋਈ। ਇਸੇ ਤਰੀਕੇ ਜਦੋਂ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦਾ 350 ਸਾਲਾ ਪ੍ਰਕਾਸ਼ ਪੁਰਬ ਪਟਨਾ ਸਾਹਿਬ ਵਿਖੇ ਮਨਾਇਆ ਗਿਆ ਤਾਂ ਸਮੁੱਚੀ ਕੌਮ ਪਟਨਾ ਸਾਹਿਬ ਵਿਖੇ ਇਕੱਤਰ ਹੋਈ। ਉਹਨਾਂ ਕਿਹਾ ਕਿ ਹੁਣ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਆ ਰਿਹਾ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਗੁਰਦੁਆਰਾ ਸੀਸਗੰਜ ਸਾਹਿਬ ਵਾਲੇ ਅਸਥਾਨ 'ਤੇ ਹੋਈ ਅਤੇ ਅੰਤਿਮ ਸਸਕਾਰ ਗੁਰਦੁਆਰਾ ਰਕਾਬਗੰਜ ਸਾਹਿਬ ਵਾਲੀ ਥਾਂ 'ਤੇ ਦਿੱਲੀ ਵਿਚ ਹੋਇਆ। ਉਹਨਾਂ ਕਿਹਾ ਕਿ ਇਸ ਲਈ ਇਹ ਦਿਹਾੜਾ ਮਨਾਉਣ ਦੀ ਮੁੱਢਲੀ ਜ਼ਿੰਮੇਵਾਰੀ ਦਿੱਲੀ ਗੁਰਦੁਆਰਾ ਕਮੇਟੀ ਦੀ ਬਣਦੀ ਹੈ। ਉਹਨਾਂ ਕਿਹਾ ਕਿ ਅਸੀਂ ਆਪਣੀ ਜ਼ਿੰਮੇਵਾਰੀ ਸਮਝਦਿਆਂ ਪਿਛਲੇ ਸਮੇਂ ਅੰਦਰ ਖੁਦ ਸਭ ਦੀ ਸਾਂਝੀ ਮੀਟਿੰਗ ਬੁਲਾਈ ਸੀ ਜਿਸ ਵਿਚ ਸ਼ਾਮਲ ਹੋਣ ਵਾਲੇ ਖੁਦ ਹਰਜਿੰਦਰ ਸਿੰਘ ਧਾਮੀ ਨੂੰ ਫੋਨ ਕਰ ਕੇ ਸੱਦਾ ਦਿੱਤਾ ਸੀ ਜਿਹਨਾਂ ਨੇ ਆਪਣੇ ਪ੍ਰਤੀਨਿਧ ਵਜੋਂ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਸਰਦਾਰ ਗੁਰਚਰਨ ਸਿੰਘ ਗਰੇਵਾਲ ਨੂੰ ਭੇਜਿਆ ਸੀ।

ਉਹਨਾਂ ਕਿਹਾ ਕਿ ਅਸੀਂ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣ ਵਾਸਤੇ ਪ੍ਰੋਗਰਾਮ ਉਲੀਕੇ ਹਨ ਜਿਹਨਾਂ ਤਹਿਤ ਲਾਲ ਕਿਲ੍ਹੇ 'ਤੇ ਸਮਾਗਮ ਰੱਖੇ ਗਏ ਹਨ ਜਿਹਨਾਂ ਵਿਚ ਕੇਂਦਰ ਸਰਕਾਰ ਤੇ ਦਿੱਲੀ ਸਰਕਾਰ ਦਾ ਵੀ ਸਹਿਯੋਗ ਲਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਅਸੀਂ ਆਪਣੇ ਵਫਦ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਭੇਜੇ ਹਨ ਜਿਹਨਾਂ ਨੇ ਉਥੋਂ ਨਗਰ ਕੀਰਤਨ ਦਿੱਲੀ ਤੱਕ ਸਜਾਉਣ ਦੀ ਰੂਪ ਰੇਖਾ ਉਲੀਕੀ ਹੈ। ਇਸੇ ਤਰੀਕੇ ਅਸੀਂ ਤਖ਼ਤ ਪਟਨਾ ਸਾਹਿਬ ਦੇ ਪ੍ਰਬੰਧਕਾਂ ਨਾਲ ਵੀ ਗੱਲਬਾਤ ਕੀਤੀ ਹੈ ਤੇ ਇਕ ਮਹਾਨ ਨਗਰ ਕੀਰਤਨ ਪਟਨਾ ਸਾਹਿਬ ਤੋਂ ਦਿੱਲੀ ਤੱਕ ਸਜਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸੇ ਤਰੀਕੇ ਸਾਡੀ ਇੱਛਾ ਸੀ ਕਿ ਕਸ਼ਮੀਰੀ ਪੰਡਤਾਂ ਨੇ ਗੁਰੂ ਤੇਗ ਬਹਾਦਰ ਸਾਹਿਬ ਨੂੰ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਆ ਕੇ ਬੇਨਤੀ ਕੀਤੀ ਸੀ। ਇਸੇ ਲਈ ਅਸੀਂ ਸ੍ਰੀ ਆਨੰਦਪੁਰ ਸਾਹਿਬ ਤੋਂ ਗੁਰਦੁਆਰਾ ਸੀਸਗੰਜ ਸਾਹਿਬ ਤੱਕ ਨਗਰ ਕੀਰਤਨ ਸਜਾਉਣਾ ਚਾਹੁੰਦੇ ਹਾਂ ਤੇ ਚਾਹੁੰਦੇ ਹਾਂ ਕਿ ਪੰਜਾਬ ਵਿਚ ਇਸਦਾ ਸਾਰਾ ਪ੍ਰਬੰਧਕ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇ। ਇਸੇ ਤਰੀਕੇ ਜਦੋਂ ਨਗਰ ਕੀਰਤਨ ਹਰਿਆਣਾ ਵਿਚ ਦਾਖਲ ਹੋਵੇ ਤਾਂ ਉਥੋਂ ਦਿੱਲੀ ਬਾਰਡਰ ਤੱਕ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਕਰੇ ਤੇ ਦਿੱਲੀ ਅਸੀਂ ਆਪ ਨਗਰ ਕੀਰਤਨ ਦਾ ਸਵਾਗਤ ਕਰਾਂਗੇ। ਉਹਨਾਂ ਕਿਹਾ ਕਿ ਇਹ ਬਹੁਤ ਹੀ ਦੁੱਖ ਦੀ ਗੱਲ ਹੈ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਨਵੇਂ ਬਣੇ ਸਲਾਹਕਾਰਾਂ ਦੀ ਸਲਾਹ 'ਤੇ ਵੱਖਰੇ ਪ੍ਰੋਗਰਾਮ ਉਲੀਕੇ ਹਨ ਜਦੋਂ ਕਿ ਇਹਨਾਂ ਸਲਾਹਕਾਰਾਂ ਜਿਹਨਾਂ ਵਿਚ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਸ਼ਾਮਲ ਹਨ, ਨੂੰ ਸੰਗਤ ਨੇ ਪਹਿਲਾਂ ਹੀ ਨਕਾਰ ਦਿੱਤਾ ਹੈ। ਉਹਨਾਂ ਕਿਹਾ ਕਿ ਇਹ ਵੀ ਅਸਲੀਅਤ ਹੈ ਕਿ ਜਿਹੜੇ 12 ਸਾਲਾਂ ਤੱਕ ਪਰਮਜੀਤ ਸਿੰਘ ਸਰਨਾ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਰਹੇ, ਉਹਨਾਂ ਦਾ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਰਿਹਾ ਤੇ ਉਹ ਦੋ-ਦੋ ਸੰਗਰਾਂਦਾ ਤੇ ਦੋ-ਦੋ ਗੁਰਪੁਰਬ ਮਨਾਉਂਦੇ ਰਹੇ। ਹੁਣ ਜਦੋਂ ਇਥੋਂ ਸੰਗਤ ਨੇ ਨਕਾਰ ਦਿੱਤਾ ਹੈ ਤਾਂ ਪੰਜਾਬ ਆ ਕੇ ਸ਼੍ਰੋਮਣੀ ਕਮੇਟੀ ਨੂੰ ਦਿੱਲੀ ਕਮੇਟੀ ਨਾਲ ਲੜਵਾ ਰਹੇ ਹਨ। ਉਹਨਾਂ ਕਿਹਾ ਕਿ ਇਹਨਾਂ ਲੋਕਾਂ ਦੇ ਕਾਰਨ ਹੀ ਅਕਾਲ ਦਲ ਦਾ ਪਤਨ ਹੋਇਆ ਹੈ ਤੇ ਹੁਣ ਇਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਨੁਕਸਾਨ ਕਰਨਾ ਚਾਹੁੰਦੇ ਹਨ। ਉਹਨਾਂ ਕਿਹਾ ਕਿ ਹੁਣ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ 'ਤੇ ਵੱਖਰੇ ਪ੍ਰੋਗਰਾਮ ਉਲੀਕਵਾਕੇ ਇਹ ਲੋਕ ਕੌਮ ਵਿਚ ਦੁਬਿਧਾ ਤੇ ਭੁਲੇਖਾ ਪੈਦਾ ਕਰਨਾ ਚਾਹੁੰਦੇ ਹਨ। ਉਹਨਾਂ ਨੇ ਐਡਵੋਕੇਟ ਧਾਮੀ ਨੂੰ ਅਪੀਲ ਕੀਤੀ ਕਿ ਉਹ ਸਿਆਣੇ ਤੇ ਸੁਲਝੇ ਹੋਏ ਆਗੂ ਹਨ ਤੇ ਸਿਆਣਪ ਨਾਲ ਕੰਮ ਲੈਣ ਅਤੇ ਗੁਰੂ ਸਾਹਿਬ ਦਾ ਸ਼ਹੀਦੀ ਦਿਹਾੜਾ ਰਲ ਮਿਲ ਕੇ ਮਨਾਉਣ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਸਹਿਯੋਗ ਦੇਣ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਵਿਦਿਆਰਥੀਆਂ ਲਈ ਸੈਮੀਨਾਰ ਤੋਂ ਲੈ ਕੇ ਸਰਬ ਧਰਮ ਸੰਮੇਲਨ, ਨਗਰ ਕੀਰਤਨ ਤੇ ਹੋਰ ਪ੍ਰੋਗਰਾਮ ਉਲੀਕੇ ਹਨ ਜਿਹਨਾਂ ਦਾ ਐਲਾਨ ਵੀ ਕੀਤਾ ਜਾ ਚੁੱਕਾ ਹੈ। ਉਹਨਾਂ ਕਿਹਾ ਕਿ ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਾਨੂੰ ਹਰ ਤਰੀਕੇ ਦਾ ਸਹਿਯੋਗ ਦੇਣਾ ਚਾਹੀਦਾ ਹੈ। ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਅਸੀਂ ਕੌਮ ਦੀਆਂ ਸਮੁੱਚੀਆਂ ਜਥੇਬੰਦੀਆਂ, ਸਿੰਘ ਸਭਾਵਾਂ, ਇਸਤਰੀ ਸਭਾਵਾਂ, ਨਿਹੰਗ ਸਿੰਘ ਜਥੇਬੰਦੀਆਂ ਸਮੇਤ ਸਭ ਨੂੰ ਸਹਿਯੋਗ ਲਈ ਅਪੀਲ ਕੀਤੀ ਹੈ ਤੇ ਲਿਖਤੀ ਸੱਦਾ ਪੱਤਰ ਵੀ ਭੇਜੇ ਹਨ। ਦਿੱਲੀ ਵਿਚ ਨਜਾਇਜ਼ ਕਬਜ਼ੇ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਨੂੰ ਵਰਤਣ ਬਾਰੇ ਸਵਾਲ ਦੇ ਜਵਾਬ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਜਿਵੇਂ ਹੀ ਮਾਮਲਾ ਸਾਡੇ ਧਿਆਨ ਵਿਚ ਆਇਆ ਅਸੀਂ ਤੁਰੰਤ ਗੁਰੂ ਮਹਾਰਾਜ ਦਾ ਸਰੂਪ ਉਥੋਂ ਲਿਆਂਦਾ ਹੈ। ਉਹਨਾਂ ਦੱਸਿਆ ਕਿ ਸਰੂਪ ਦੇਣ ਵਾਲੇ ਬਾਬਾ ਕੁਲਦੀਪ ਸਿੰਘ ਨੇ ਵੀ ਗਲਤੀ ਮੰਨੀ ਹੈ ਤੇ ਅਸੀਂ ਇਸ ਬਾਰੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਿਖਤੀ ਪੱਤਰ ਭੇਜ ਕੇ ਸਾਰੀ ਜਾਣਕਾਰੀ ਸਾਂਝੀ ਕੀਤੀ ਹੈ।

## ਪੰਜਾਬ ਦਾ ਨੌਜਵਾਨ ਵਰਗ 2027 ਵਿੱਚ ਵੇਖਣਾਂ ਚਹੁੰਦਾ ਹੈ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ : ਸ਼ਮਸ਼ੇਰ ਸਿੰਘ ਪੱਧਰੀ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਸ਼ਹਿਰ ਦੇ ਪੱਛਮੀ ਹਲਕੇ ਦੀ ਵਾਰਡ ਨੰਬਰ 63 ਦੀ ਗਿਆਰਾਂ ਮੈਂਬਰੀ ਕਮੇਟੀ ਦਾ ਗਠਨ

**ਅੰਮ੍ਰਿਤਸਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਅੰਮ੍ਰਿਤਸਰ ਦੇ ਪੱਛਮੀ ਹਲਕੇ ਵਿੱਚ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ ਵਾਰਡ ਨੰਬਰ 63 ਵਿੱਚ ਗਿਆਰਾਂ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਹ ਗਠਨ ਸਿਰਫ ਇਕ ਸੰਗਠਨਾਤਮਕ ਕਦਮ ਨਹੀਂ, ਸਗੋਂ ਪੰਥਕ ਅਧਾਰ ਤੇ ਉਸਰ ਰਹੀ ਨਵੀਂ ਰਾਜਨੀਤਕ ਲਹਿਰ ਦਾ ਪ੍ਰਤੀਕ ਹੈ। ਇਸ ਮੌਕੇ ਤੇ ਗਠਨ ਕੀਤੀ ਗਈ ਗਿਆਰਾਂ ਮੈਂਬਰੀ ਕਮੇਟੀ ਮੈਂਬਰਾਂ ਵਿੱਚ ਭਾਈ ਮੁਕੇਸ਼ ਸਿੰਘ ਜੀ, ਸ੍ਰ ਸੁਦੇਸ਼ ਸਿੰਘ, ਦੀਪਕ ਕੁਮਾਰ, ਰਾਜਵੀਰ ਸਿੰਘ, ਸੋਨੀਆਂ, ਸੰਨੀ ਸਿੰਘ, ਰਾਜੀਵ ਕੁਮਾਰ, ਸ੍ਰ ਅਵਰਜੀਤ ਸਿੰਘ, ਸ੍ਰ ਰੁਕਮਣ ਸਿੰਘ, ਨੀਲਮ ਅਤੇ ਕੈਲਾਸ਼ ਕੋਰ ਤੋਂ ਇਲਾਵਾ ਉਚੇਚੇ ਤੌਰ ਤੇ ਪਹੁੰਚੇ ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ ਜੀ, ਭਾਈ ਅਜੈ ਸਿੰਘ ਜੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਪ੍ਰਭਜੋਤ ਸਿੰਘ, ਬਾਬਾ ਕੰਵਲਜੀਤ ਸਿੰਘ, ਭਾਈ ਸੁਰਿੰਦਰ ਸਿੰਘ, ਭਾਈ ਹਰਪ੍ਰੀਤ ਸਿੰਘ ਅਤੇ ਲਲਿਤ ਕੁਮਾਰ ਜੀ ਵੀ ਹਾਜਰ ਸਨ। ਇਸ ਮੌਕੇ 'ਤੇ ਬੋਲਦਿਆਂ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਕਿ "ਅੱਜ ਪੰਜਾਬ ਦੀ ਧਰਤੀ ਉੱਤੇ ਨੌਜਵਾਨ ਆਪਣਾ ਭਵਿੱਖ ਕਿਸੇ ਨਾਟਕਬਾਜ਼ ਦੇ ਚਿਹਰੇ ਵਿੱਚ ਵੇਖਣ ਦੀ ਬਜਾਏ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵਿੱਚ ਵੇਖ ਰਹੇ ਹਨ ਅਤੇ ਉਹਨਾਂ ਨੂੰ ਹੀ 2027 ਵਿੱਚ ਪੰਜਾਬ ਦਾ ਮੁੱਖ ਮੰਤਰੀ ਬਣਾਉਣ ਦੀ ਇੱਛਾ ਰੱਖਦੇ ਹਨ। ਉਨ੍ਹਾਂ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ ਸਿਰਫ਼ ਇੱਕ ਵਿਅਕਤੀ ਦੀ ਅਜ਼ਾਦੀ ਨੂੰ ਕੁਚਲਣਾਂ ਨਹੀਂ, ਸਗੋਂ ਇੱਕ ਪੰਥਕ ਆਵਾਜ਼ ਨੂੰ ਕੁਚਲਣ ਦੀ ਕੋਸ਼ਿਸ਼ ਸੀ, ਜਿਸ ਨੇ ਪੰਜਾਬ ਦੇ ਨੌਜਵਾਨਾਂ ਨੂੰ ਜਾਗਰੂਕ ਤੇ ਇਕੱਠਾ ਕਰ ਦਿੱਤਾ ਹੈ। ਵਾਰਡ 63 ਦੀ ਨਵੀਂ ਬਣੀ ਕਮੇਟੀ ਵਿੱਚ ਜਿਸ ਤਰ੍ਹਾਂ ਹਰ ਵਰਗ ਦੇ ਨੌਜਵਾਨ, ਬਜ਼ੁਰਗ ਤੇ ਮਹਿਲਾਵਾਂ ਨੇ ਸ਼ਮੂਲੀਅਤ ਕੀਤੀ, ਉਸ ਨੇ ਸਾਬਤ ਕਰ ਦਿੱਤਾ ਕਿ ਅਕਾਲੀ ਦਲ (ਵਾਰਿਸ ਪੰਜਾਬ ਦੇ) ਹੁਣ ਹਰ ਗਲੀ, ਮੋਹੱਲੇ, ਪਿੰਡ ਤੇ ਸ਼ਹਿਰ ਦੀ ਅਵਾਜ਼ ਬਣ ਰਿਹਾ ਹੈ। ਭਾਈ ਪੱਧਰੀ ਨੇ ਕਿਹਾ ਕਿ ਸਾਡੀ ਲੜਾਈ ਨਾਂ ਕਿਸੇ ਨਸਲ ਦੀ ਹੈ, ਨਾਂ ਹੀ ਰੰਗ ਦੀ। ਇਹ ਲੜਾਈ ਹੈ ਸੱਚ, ਨਿਆਂ ਤੇ ਪੰਥਕ ਅਸਤਿਤਵ ਦੀ ਹੈ ਅਤੇ ਭਾਈ ਅੰਮ੍ਰਿਤਪਾਲ ਸਿੰਘ ਸਿਰਫ਼ ਇੱਕ ਸਿਆਸੀ ਚਿਹਰਾ ਨਹੀਂ, ਸਗੋਂ ਨਵੇਂ ਪੰਜਾਬ ਦੀ ਨਵੀ ਪਰਿਭਾਸ਼ਾ ਹਨ।





ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਹੈੱਡ ਕੁਆਰਟਰ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ

# ਸਾਵਣ ਮਹੀਨੇ ਦੀ ਖੁਸ਼ੀ 'ਚ ਖ਼ੀਰ ਪੂੜੇ ਤੇ ਹੋਰ ਲੰਗਰ ਅਤੁੱਟ ਵਰਤੇ : ਜਥੇਦਾਰ ਬਾਬਾ ਸਤਨਾਮ ਸਿੰਘ ਖਾਪੜਖੇੜੀ







**ਜੰਡਿਆਲਾ ਗੁਰੂ, 16 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਹਰ ਸਾਲ ਦੀ ਤਰ੍ਹਾਂ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਹੈੱਡ ਕੁਆਰਟਰ ਪਿੰਡ ਬਾਸਰਕੇ ਭੈਣੀ ਅੰਮ੍ਰਿਤਸਰ ਵਿਖੇ ਸਾਵਣ ਮਹੀਨੇ ਦੀ ਅਰੰਭਤਾ ਮੌਕੇ ਧਾਰਮਿਕ ਦੀਵਾਨ ਸਜਾਏ ਗਏ ਤੇ ਖੀਰ ਪੂੜਿਆਂ ਦੇ ਨਾਲ ਕਈ ਪ੍ਰਕਾਰ ਦੇ ਲੰਗਰ ਅਤੁੱਟ ਵਰਤਾਏ ਗਏ, ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਦੇ ਜਥੇਦਾਰ ਸਾਹਿਬਾਨਾਂ ਨੇ ਹਾਜ਼ਰੀ ਲਵਾਈ ਇਹ ਸਾਰਾ ਸਮਾਗਮ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ, ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਮੁੱਖੀ ਜਥੇਦਾਰ ਬਾਬਾ ਸਤਨਾਮ ਸਿੰਘ ਖਾਪੜਖੇੜੀ ਦੀ ਦੇਖ ਰੇਖ ਅਤੇ ਸਥਾਨਕ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਮਨਾਇਆ ਗਿਆ, ਧਾਰਮਿਕ ਬੁਲਾਰਿਆਂ ਤੇ ਸਨਮਾਨ ਯੋਗ ਹਸਤੀਆਂ ਦਾ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਵੱਲੋਂ ਸਨਮਾਨ ਕੀਤਾ ਗਿਆ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਸਮਾਗਮ ਦੇ ਸਬੰਧ ਵਿੱਚ ਪਰਸੋਂ ਦੇ ਰੋਜ਼ ਤੋਂ ਦਲਪੰਥ ਦੇ ਹੈੱਡ ਕੁਆਰਟਰ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਸਨ, ਜਿਨ੍ਹਾਂ ਦੇ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਸਾਵਣ ਮਹੀਨੇ ਦੀ ਅਰੰਭਤਾ ਨੂੰ ਮੁੱਖ ਰੱਖਦਿਆਂ ਧਾਰਮਿਕ ਦੀਵਾਨ ਦੀ ਅਰੰਭਤਾ ਹੋਈ ਜਿਸ ਵਿੱਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ 'ਚ ਭਾਈ ਬਲਵਿੰਦਰ ਸਿੰਘ ਗਹਿਰੀ ਦੇ ਕਵੀਸ਼ਰੀ ਜਥੇ, ਭਾਈ ਮੁਖਤਿਆਰ ਸਿੰਘ ਗੁਮਾਨਪੁਰਾ, ਬਾਬਾ ਬਾਜ ਸਿੰਘ, ਗਿਆਨੀ ਨਿਰੰਜਣ ਸਿੰਘ ਬੋਪਾਰਾਏ ਤੋਂ ਇਲਾਵਾ ਕਈ ਬੁਲਾਰਿਆਂ ਨੇ ਸਾਵਣ ਮਹੀਨੇ ਦੀ ਅਰੰਭਤਾ ਦੇ ਧਾਰਮਿਕ ਦੀਵਾਨ 'ਚ ਸੱਜੀ ਸੰਗਤ ਨੂੰ ਸਾਵਣ ਮਹੀਨੇ ਦੇ ਮਹਾਤਮ ਦੇ ਨਾਲ ਨਾਲ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰਬਾਣੀ ਤੋਂ ਇਲਾਵਾ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਿਆ, ਇਸ ਮੌਕੇ ਤੇ ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਜਥੇਦਾਰ ਬਾਬਾ ਸੁਖਪਾਲ ਸਿੰਘ ਮਾਲਵਾ ਤਰਨਾ ਦਲ ਸ਼ਹੀਦ ਬਾਬਾ ਸੰਗਤ ਸਿੰਘ, ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ, ਜਥੇਦਾਰ ਬਾਬਾ ਪ੍ਰਗਟ ਸਿੰਘ ਮਜੀਠਾ ਬਾਈਪਾਸ ਜਥੇਦਾਰ ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਬਾਬਾ ਨਰਿੰਦਰ ਸਿੰਘ ਵੱਲਾ, ਜਥੇਦਾਰ ਬਾਬਾ, ਜਸਵੰਤ ਸਿੰਘ ਗੁਰੂ ਕੀ ਵਡਾਲੀ, ਜਥੇਦਾਰ ਬਾਬਾ ਹੀਰਾ ਸਿੰਘ ਕੋਟ ਖਾਲਸਾ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ, ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਤੋਂ ਇਲਾਵਾ ਸੈਂਕੜੇ ਜਥੇਦਾਰ, ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਤੇ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਲਵਾਈ ਤੇ ਸਾਵਣ ਮਹੀਨੇ ਦੇ ਲੱਗੇ ਧਾਰਮਿਕ ਦੀਵਾਨ ਦੀਆਂ ਰੌਣਕਾਂ ਵਧਾਈਆਂ, ਸਮੂਹ ਧਾਰਮਿਕ ਬੁਲਾਰਿਆਂ ਤੇ ਜਥੇਦਾਰ ਸਾਹਿਬਾਨਾਂ ਤੋਂ ਇਲਾਵਾ ਸਨਮਾਨ ਯੋਗ ਹਸਤੀਆਂ ਦਾ ਮੁੱਖ ਪ੍ਰਬੰਧਕ ਅਤੇ ਮੁਖੀ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਮੁੱਖੀ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਖੀਰ ਪੂੜੇ ਅਟੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਡਰਾਈਵਿੰਗ ਲਾਇਸੰਸ ਅਤੇ ਆਰ.ਸੀ. ਨਾਲ ਸਬੰਧਤ 30 ਸੇਵਾਵਾਂ ਅਤੇ ਮਾਲ ਵਿਭਾਗ ਨਾਲ ਸਬੰਧਤ

# 5 ਹੋਰ ਸੇਵਾਵਾਂ ਹੁਣ ਮਿਲਣਗੀਆਂ ਸੇਵਾ ਕੇਂਦਰਾਂ 'ਤੇ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਵੱਡੀ ਸਹੂਲਤ ਦਿੰਦੇ ਹੋਏ ਮਾਲ ਵਿਭਾਗ ਨਾਲ ਸਬੰਧਤ 05 ਸੇਵਾਵਾਂ ਅਤੇ ਡਰਾਈਵਿੰਗ ਲਾਇਸੰਸ ਅਤੇ ਆਰ.ਸੀ. ਨਾਲ ਸਬੰਧਤ ਟਰਾਂਸਪੋਰਟ ਵਿਭਾਗ ਦੀਆਂ 30 ਸੇਵਾਵਾਂ ਹੁਣ ਸੇਵਾ ਕੇਂਦਰਾਂ 'ਤੇ ਉਪਲਬਧ ਕਰਵਾ ਦਿੱਤੀਆਂ ਗਈਆਂ ਹਨ।

ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਨੂੰ ਵੱਡੀ ਰਾਹਤ ਦਿੰਦਿਆਂ ਹੁਣ ਡੀਡ ਰਜਿਸਟ੍ਰੇਸ਼ਨ, ਡੀਡ ਦਾ ਖਰੜਾ ਤਿਆਰ ਕਰਨਾ, ਪੂਰਵ-ਪੜਤਾਲ ਲਈ ਡੀਡ ਜਮ੍ਹਾਂ ਕਰਨੀ, ਸਟੈਂਪ ਡਿਊਟੀ ਦਾ ਭੁਗਤਾਨ, ਇੰਤਕਾਲ ਲਈ ਬੇਨਤੀ (ਵਿਰਾਸਤ ਜਾਂ ਰਜਿਸਟਰਡ ਡੀਡ ਦੇ ਆਧਾਰ 'ਤੇ, ਰਪਟਾਂ ਦੇ ਦਾਖਲੇ ਲਈ ਬੇਨਤੀ (ਅਦਾਲਤੀ ਆਦੇਸ਼ਾਂ, ਬੈਂਕ ਕਰਜ਼ੇ ਦੇ ਗਿਰਵੀਨਾਮੇ ਜਾਂ

ਬੈਂਕ ਕਰਜ਼ਿਆਂ/ਗਿਰਵੀਨਾਮੇ ਦੀ ਮੁਆਫ਼ੀ ਨਾਲ ਸਬੰਧਤ), ਫਰਦ ਬਦਰ ਲਈ ਬੇਨਤੀ (ਰਿਕਾਰਡ ਵਿੱਚ ਸੁਧਾਰ), ਡਿਜੀਟਲ ਤੌਰ 'ਤੇ ਦਸਤਖਤ ਕੀਤੀ ਫਰਦ ਲਈ ਬੇਨਤੀ ਅਤੇ ਡਰਾਈਵਿੰਗ ਲਾਇਸੰਸ ਨਾਲ ਸੰਬੰਧਿਤ 16 ਅਤੇ ਆਰ.ਸੀ. ਨਾਲ ਸਬੰਧਤ 14 ਸੇਵਾਵਾਂ ਹੁਣ ਸੇਵਾ ਕੇਂਦਰ ਤੋਂ ਮਿਲਿਆ ਕਰਨਗੀਆਂ।

ਉਹਨਾਂ ਕਿਹਾ ਕਿ ਜੋ ਨਾਗਰਿਕ ਸੇਵਾ ਕੇਂਦਰ ਨਹੀਂ ਆ ਸਕਦੇ ਤਾਂ ਉਹ ਫੋਨ ਨੰਬਰ 1076 ਡਾਇਲ ਕਰ ਕੇ ਇਹਨਾਂ ਸੇਵਾਵਾਂ ਦਾ ਲਾਭ ਡੋਰ ਸਟੈਪ ਡਿਲੀਵਰੀ ਰਾਹੀਂ ਘਰ ਬੈਠੇ ਵੀ ਪ੍ਰਾਪਤ ਕਰ ਸਕਦੇ ਹਨ।

**ਡੋਰ ਸਟੈਪ ਡਿਲੀਵਰੀ ਰਾਹੀਂ 1076 'ਤੇ ਵੀ ਉਪਲਬਧ ਰਹਿਣਗੀਆਂ ਇਹ ਸੇਵਾਵਾਂ**

ਡਰਾਈਵਿੰਗ ਲਾਇਸੰਸ ਨਾਲ ਸਬੰਧਤ ਸੇਵਾਵਾਂ ਵਿੱਚ ਲਰਨਰ ਲਾਇੰਸਸ ਨਾਲ ਸਬੰਧਤ ਸੇਵਾਵਾਂ, ਜਿਵੇਂ ਕਿ ਨਵੀਂ ਅਰਜ਼ੀ, ਪਤੇ ਦੀ ਤਬਦੀਲੀ, ਨਾਮ ਦੀ ਤਬਦੀਲੀ, ਡੁਪਲੀਕੇਟ ਲਰਨਲ ਲਾਇਸੰਸ ਤੋਂ ਇਲਾਵਾ ਡਰਾਇੰਵਿੰਗ ਲਾਇੰਸਸ ਨਾਲ ਸਬੰਧਤ ਸੇਵਾਵਾਂ ਜਿਵੇਂ ਕਿ ਡੁਪਲੀਕੇਟ ਲਾਇਸੰਸ, ਨਵੀਨੀਕਰਨ (ਜਿਥੇ ਟੈਸਟ ਟਰੈਕ ਜਾਣ ਦੀ ਜ਼ਰੂਰਤ ਨਹੀਂ), ਰਿਪਲੇਸਮੈਂਟ, ਪਤੇ ਦੀ ਤਬਦੀਲੀ, ਨਾਮ ਦੀ ਤਬਦੀਲੀ, ਜਨਮ ਮਿਤੀ ਦੀ ਦਰੁਸਤੀ, ਡਰਾਈਵਿੰਗ ਲਾਇਸੰਸ ਐਕਸਟ੍ਰੈਕਟ ਪ੍ਰੀਵਿਜਿਨਿੰਗ, ਲਾਇੰਸਸ ਸਰੈਂਡਰ, ਪਬਲਿਕ ਸਰਵਿਸ ਵਹੀਕਲ ਦਾ ਬੈਜ, ਕਡੰਕਟਰ ਲਾਇਸੰਸ ਦਾ ਨਵੀਨੀਕਰਨ, ਲਰਨਰ ਲਾਇਸੰਸ ਦੀ ਮਿਆਦ ਵਿਚ ਵਾਧਾ, ਇੰਟਰ ਨੈਸ਼ਨਲ ਡਰਾਇੰਵਿਗ ਪਰਮਿਟ, ਸ਼ਾਮਲ ਹਨ।

ਆਰ.ਸੀ. ਨਾਲ ਸਬੰਧਤ ਸੇਵਾਵਾਂ ਵਿੱਚ ਡੁਪਲੀਕੇਟ ਆਰ.ਸੀ, ਗੈਰ-ਵਪਾਰਕ ਵਾਹਨ ਦੀ ਮਾਲਕੀ ਤਬਦੀਲੀ, ਹਾਇਰ ਪਰਚੇਜ ਦੀ ਨਿਰੰਤਰਤਾ (ਮਾਲਕੀ ਤਬਦੀਲੀ/ਨਾਮ ਤਬਦੀਲੀ ਦੀ ਸੂਰਤ ਵਿੱਚ) , ਹਾਇਰ ਪਰਚੇਜ ਐਗਰੀਮੈਂਟ ਦੀ ਇੰਨਡੋਰਸਮੈਂਟ, ਵਪਾਰਕ ਵਾਹਨਾਂ ਦਾ ਫਿਟਨੈਂਸ ਸਰਟੀਫਿਕੇਟ (ਭਾਰੇ/ ਮੀਡੀਅਮ/ਤਿੰਨ ਪਹੀਆ/ ਚਾਰ ਪਹੀਆ/ਐਲ.ਐਮ.ਵੀ), ਵਧੀਕ ਲਾਈਫ ਟਾਈਮ ਟੈਕਸ ਦੀ ਅਦਾਇਗੀ (ਮਾਲਕੀ ਤਬਦੀਲੀ ਦੀ ਸੂਰਤ ਵਿੱਚ), ਆਰ.ਸੀ. ਦੇ ਵੇਰਵੇ ਦੇਖਣੇ, ਆਰ.ਸੀ. ਲਈ ਐਨ.ਓ.ਸੀ., ਟਰਾਂਸਪੋਰਟ ਸੇਵਾਵਾਂ ਦੇ ਰਿਕਾਰਡ ਵਿਚ ਮੋਬਾਇਲ ਨੰਬਰ ਦਾ ਅਪਡੇਟ, ਆਰ.ਸੀ. ਵਿੱਚ ਪਤੇ ਦੀ ਤਬਦੀਲੀ, ਵਾਹਨ ਵਿੱਚ ਤਬਦੀਲੀ ਅਤੇ ਹਾਇਰ ਪਰਚੇਜ਼ ਐਗਰੀਮੈਂਟ ਦੀ ਸਮਾਪਤੀ ਸ਼ਾਮਲ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਸੂਬੇ ਵਿੱਚ ਐੱਸ.ਸੀ. ਭਾਈਚਾਰੇ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ: ਗੁਲਜਾਰ ਸਿੰਘ ਬੌਬੀ

## ਮੈਂਬਰ ਐੱਸ.ਸੀ.ਕਮਿਸ਼ਨ ਸ੍ਰੀ ਬੌਬੀ ਨੂੰ ਮਿਲੀ 07 ਜ਼ਿਲ੍ਹਿਆਂ ਅਤੇ ਚੰਡੀਗੜ੍ਹ ਸਬੰਧੀ ਜ਼ਿੰਮੇਵਾਰੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਸੂਬੇ ਵਿੱਚ ਐੱਸ.ਸੀ. ਭਾਈਚਾਰੇ ਦੀ ਭਲਾਈ ਅਤੇ ਹੱਕਾਂ ਦੀ ਬਹਾਲੀ ਲਈ ਵਚਨਬੱਧ ਹੈ। ਇਹ ਪ੍ਰਗਟਾਵਾ ਕਰਦੇ ਹੋਏ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ.ਗੁਲਜਾਰ ਸਿੰਘ ਬੌਬੀ ਨੇ ਦੱਸਿਆ ਕਿ ਚੇਅਰਮੈਨ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਉਹਨਾਂ ਨੂੰ 07 ਜਿ਼ਲ੍ਹਆਂ ਸੰਗਰੂਰ, ਮਲੇਰਕੋਟਲਾ, ਪਟਿਆਲਾ, ਪਠਾਨਕੋਟ, ਫਤਹਿਗੜ੍ਹ ਸਹਿਬ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਚੰਡੀਗੜ੍ਹ ਸਬੰਧੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਿੱਥੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਨ੍ਹਾਂ ਥਾਵਾਂ ਵਿੱਚ ਕਿਸੇ ਵੀ ਅਨੁਸੂਚਿਤ ਜਾਤੀ ਭਾਈਚਾਰੇ ਦੇ ਵਿਅਕਤੀ ਨਾਲ ਕਿਸੇ ਤਰ੍ਹਾਂ ਦੀ ਵਧੀਕੀ ਨਾ ਹੋਵੇ ਅਤੇ ਉਨ੍ਹਾਂ ਨੂੰ ਇਨਸਾਫ਼ ਦਿਵਾਇਆ ਜਾ ਸਕੇ। ਸ. ਬੌਬੀ ਨੇ ਕਿਹਾ ਕਿ ਉਹਨਾਂ ਵੱਲੋਂ ਐੱਸ.ਸੀ. ਭਾਈਚਾਰੇ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਲੋੜਵੰਦ ਵਿਅਕਤੀ ਸਕੀਮਾਂ ਦਾ ਲਾਭ ਲੈ ਸਕਣ ਜਿਵੇਂ ਕਿ ਆਸ਼ੀਰਵਾਦ ਸਕੀਮ, ਅੱਤਿਆਚਾਰ ਰੋਕਥਾਮ ਐਕਟ 1989, ਸਕਾਲਰਸ਼ਿਪ ਸਕੀਮ, ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਵੱਲੋਂ ਚਲਾਈਆਂ ਜਾ ਰਹੀਆਂ ਰੋਜ਼ਗਾਰ ਸਕੀਮਾਂ, ਕਰਜ਼ਾ ਸਕੀਮਾਂ, ਆਦਿ। ਉਨ੍ਹਾਂ ਕਿਹਾ ਕਿ ਐੱਸ.ਸੀ. ਭਾਈਚਾਰੇ ਨਾਲ ਸਬੰਧਤ ਕਿਸੇ ਵੀ ਵਿਅਕਤੀ ਨੂੰ ਜੇਕਰ ਕੋਈ ਦਿੱਕਤ ਪੇਸ਼ ਆਉਂਦੀ ਹੈ ਜਾਂ ਕਿਸੇ ਵਧੀਕੀ ਦਾ ਸ਼ਿਕਾਰ ਹੈ ਤਾਂ ਉਹ ਉਨ੍ਹਾਂ ਰਾਹੀਂ ਕਮਿਸ਼ਨ ਤੱਕ ਪਹੁੰਚ ਕਰ ਸਕਦਾ ਹੈ ਤਾਂ ਜੋ ਸਬੰਧਤ ਨੂੰ ਇਨਸਾਫ਼ ਦਿਵਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# 5178 ਅਧਿਆਪਕਾਂ ਦੀ ਪਰਖ ਸਮੇਂ ਦੇ ਪੂਰੀ ਤਨਖਾਹ ਅਨੁਸਾਰ ਬਕਾਏ ਤੁਰੰਤ ਜਾਰੀ ਕਰੇ ਸਰਕਾਰ- ਡੀ.ਟੀ.ਐੱਫ. ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ ਰੋਸ ਪੱਤਰ





ਸੰਗਰੂਰ ( ਰਣਜੀਤ ਸਿੰਘ ਪੇਧਨੀ :) ਸੂਬਾ ਪੱਧਰੀ ਫੈਸਲੇ ਅਨੁਸਾਰ ਅੱਜ ਡੈਮੋਕ੍ਰੈਟਿਕ ਟੀਚਰਜ਼ ਫਰੰਟ ਇਕਾਈ ਸੰਗਰੂਰ ਵੱਲੋਂ 5178 ਭਰਤੀ ਅਧੀਨ ਅਧਿਆਪਕਾਂ (ਨਾਨ-ਪਟੀਸ਼ਨਰਜ਼) ਨੂੰ ਪਰਖ ਸਮੇਂ ਦੌਰਾਨ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਜਾਰੀ ਕਰਨ 'ਚ ਹੋ ਰਹੀ ਬੇਲੋੜੀ ਦੇਰੀ ਖਿਲਾਫ ਰੋਸ ਵਜੋਂ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸੀ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਂਅ ਰੋਸ ਪੱਤਰ ਭੇਜੇ ਗਏ, ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਗਿਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਅਮਨ ਵਸ਼ਿਸ਼ਟ ਨੇ ਦੱਸਿਆ ਕਿ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਵੱਲੋਂ ਮਿਤੀ 26-02-2025 ਨੂੰ ਸਪੀਕਿੰਗ ਆਰਡਰ ਜਾਰੀ ਕਰਦੇ ਹੋਏ ਸਮੂਹ 5178 ਅਧਿਆਪਕਾਂ ਨੂੰ ਪਰਖ ਕਾਲ ਦੌਰਾਨ ਪੂਰੀ ਤਨਖਾਹ ਸਕੇਲ ਅਨੁਸਾਰ ਬਣਦੇ ਬਕਾਏ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ ਪਰ ਬਿਨਾਂ ਕਿਸੇ ਕਾਰਣ ਬਕਾਏ ਜਾਰੀ ਕਰਨ ਵਿੱਚ ਦੇਰੀ ਕੀਤੀ ਜਾ ਰਹੀ ਹੈ। ਇਸ ਮੌਕੇ ਜਿਲਾ ਪ੍ਰੈਸ ਸਕੱਤਰ ਕਰਮਜੀਤ ਨਦਾਮਪੁਰ, ਵਿਤ ਸਕੱਤਰ ਕਮਲਜੀਤ ਬਨਭੌਰਾ, ਬਲਵਿੰਦਰ ਸਤੌਜ, ਮਨੋਜ ਕੁਮਾਰ ਲਹਿਰਾ ਗਾਗਾ, ਮਨਜੀਤ ਸਬਰਵਾਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਵੀ ਸਿੱਖਿਆ ਵਿਭਾਗ ਵੱਲੋਂ ਇਸ ਫੈਸਲੇ ਨੂੰ ਜਨਰਲਾਈਜ਼ ਕਰਨਾ ਅੰਕਿਤ ਕੀਤਾ ਗਿਆ ਸੀ, ਪ੍ਰੰਤੂ ਹਾਲੇ ਤੱਕ 5178 ਵਿਚਲੇ ਨਾਨ-ਪਟੀਸ਼ਨਰ ਅਧਿਆਪਕਾਂ ਨੂੰ ਪੂਰੀ ਤਨਖਾਹ ਸਕੇਲ ਅਨੁਸਾਰ ਬਣਦੇ ਬਕਾਏ ਜਾਰੀ ਨਹੀਂ ਕੀਤੇ ਗਏ, ਜਦਕਿ ਡੀ ਟੀ ਐੱਫ ਵੱਲੋਂ ਜੂਨ 2025 ਦਰਮਿਆਨ ਸਿੱਖਿਆ ਸਕੱਤਰ (ਸਕੂਲ) ਅਤੇ ਕੈਬਨਿਟ ਸਬ-ਕਮੇਟੀ ਨਾਲ ਹੋਈਆਂ ਮੀਟਿੰਗਾਂ ਵਿੱਚ ਇੱਕ ਕਾਡਰ 'ਤੇ ਇੱਕੋ ਜਿਹਾ ਤਨਖਾਹ ਸਕੇਲ ਲਾਗੂ ਹੋਣ ਦੇ ਤੈਅਸ਼ੁਦਾ ਨਿਯਮ ਤਹਿਤ ਮਸਲਾ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ ਪਰ ਇਸ ਸਬੰਧੀ ਅਜੇ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ, ਜਿਸ ਕਰਕੇ ਅਧਿਆਪਕਾਂ 'ਚ ਰੋਸ ਪਾਇਆ ਜਾ ਰਿਹਾ ਹੈ। ਮੰਗ ਪੱਤਰ ਸੌਂਪਣ ਉਪਰੰਤ ਮੀਡੀਆ ਨੂੰ ਸੰਬੋਧਨ ਹੁੰਦਿਆਂ ਆਗੂਆਂ ਨੇ ਮੰਗ ਕੀਤੀ ਕਿ ਸਮੂਹ 5178 ਅਧਿਆਪਕਾਂ ਨੂੰ ਪਰਖ ਕਾਲ ਦੌਰਾਨ ਬਣਦੇ ਪੂਰੇ ਤਨਖਾਹ ਸਕੇਲ ਅਨੁਸਾਰ ਬਣਦੇ ਬਕਾਏ ਬਿਨਾ ਕਿਸੇ ਪਟੀਸ਼ਨ ਜਾਂ ਨਾਨ-ਪਟੀਸ਼ਨਰ ਦਾ ਵਖਰੇਵਾਂ ਕੀਤਿਆਂ ਤੁਰੰਤ ਜਾਰੀ ਕਰਨ ਲਈ ਜਲਦ ਲੋੜੀਂਦਾ ਸਪੱਸ਼ਟੀਕਰਨ ਪੱਤਰ ਜਾਰੀ ਕੀਤਾ ਜਾਵੇ ਅਤੇ 5178 ਭਰਤੀ ਤਹਿਤ ਹੀ ਨਿਯੁਕਤ ਆਰਟ ਐਂਡ ਕਰਾਫ਼ਟ ਅਧਿਆਪਕਾਂ ਦੀ ਪਰਖ ਕਾਲ ਦੌਰਾਨ ਤਨਖਾਹ ਫਿਕਸ਼ੇਸ਼ਨ ਨੂੰ ਭਰਤੀ ਦੇ ਨਿਯਮਾਂ ਅਨੁਸਾਰ 4400 ਤਨਖਾਹ ਗ੍ਰੇਡ ਅਨੁਸਾਰ ਹੀ ਫਿਕਸ ਕਰਨ ਦੇ ਨਿਰਦੇਸ਼ ਜ਼ਿਲ੍ਹਾ ਅਧਿਕਾਰੀਆਂ ਨੂੰ ਦਿੱਤੇ ਜਾਣ। ਉਹਨਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਕਤ ਮੰਗਾਂ ਦਾ ਤੁਰੰਤ ਹੱਲ ਨਾ ਹੋਇਆ ਤਾਂ 5 ਅਗਸਤ ਨੂੰ ਡਾਇਰੈਕਟਰ ਸਿੱਖਿਆ ਵਿਭਾਗ (ਸੈਕੰਡਰੀ) ਦੇ ਦਫ਼ਤਰ 'ਮਾਸ ਡੈਪੂਟੇਸ਼ਨ' ਦੇ ਰੂਪ ਵਿੱਚ ਪਹੁੰਚਣ ਅਤੇ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸਰਕਾਰੀ ਸਮਾਗਮ ਦੇ ਸਮਾਂਤਰ ਸੂਬਾਈ ਐਕਸ਼ਨ ਵੀ ਕੀਤਾ ਜਾਵੇਗਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਇਸ ਮੌਕੇ ਕੰਵਰਜੀਤ ਭਵਾਨੀਗੜ੍ਹ, ਏਕਮ ਸਿੰਘ, ਹਰਿੰਦਰ ਸਿੰਘ, ਹਰਪ੍ਰੀਤ ਕੌਰ, ਸ਼ਿਵਾਲੀ, ਸੁਖਜੀਤ ਕੌਰ, ਮਮਤਾ ਰਾਣੀ, ਦੀਪ ਸਿਖਾ, ਗੀਤੂ ਕਾਂਸਲ , ਲਲੀਤਾ, ਅਮਨਜੋਤ, ਮਨਪ੍ਰੀਤ ਕੌਰ, ਰੂਹੀ ਗੋਇਲ ਸਮੇਤ ਡੀਟੀਐਫ ਦੇ ਆਗੂ ਅਤੇ ਵੱਡੀ ਗਿਣਤੀ ਵਿੱਚ 5178 ਅਧਿਆਪਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਿਨੋ ਦਿਨ ਛੋਟੇ ਛੋਟੇ ਬੱਚਿਆਂ ਕੋਲੋਂ

# ਭੀਖ ਮੰਗਵਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਅੰਮ੍ਰਿਤਸਰ : ਡੀਸੀ ਮੈਡਮ ਸਾਕਸ਼ੀ ਸਾਹਨੀ



**ਜੰਡਿਆਲਾ ਗੁਰੂ, 16 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚ ਬੜੀ ਤੇਜ਼ੀ ਨਾਲ ਛੋਟੇ ਛੋਟੇ ਬੱਚਿਆਂ ਕੋਲੋਂ ਭੀਖ ਮੰਗਵਾਉਣ ਦਾ ਕੰਮ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ ਇਸ ਮਸਲੇ ਨੂੰ ਬੜੀ ਬੇਬਾਕੀ ਦੇ ਨਾਲ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਚੁੱਕਿਆ ਤੇ ਸਰਕਾਰ ਨੂੰ ਇੱਕ ਚਿੱਠੀ ਰਾਹੀਂ ਲਿਖ ਕੇ ਮੰਗ ਕੀਤੀ ਕਿ ਜੋ ਪੰਜਾਬ ਦੇ ਸੜਕਾਂ ਚੌਂਕ ਚਰਾਿਆਂ ਤੇ ਲਾਈਟਾਂ ਤੇ ਤੇ ਗੁਰੂ ਘਰਾਂ ਦੇ ਬਾਹਰ ਛੋਟੇ ਛੋਟੇ ਬੱਚਿਆਂ ਕੋਲ ਭੀਖ ਮੰਗਵਾਈ ਜਾਂਦੀ ਹੈ ਇਹ ਬਹੁਤ ਮਾੜੀ ਗੱਲ ਹੈ ਤੇ ਮੰਦਭਾਗੀ ਗੱਲ ਹੈ ਇਸ ਬਾਰੇ ਜਦੋਂ ਉਹਨਾਂ ਨੇ ਅੰਮ੍ਰਿਤਸਰ ਦੇ ਡੀਸੀ ਮੈਡਮ ਸਾਕਸ਼ੀ ਸਾਹਨੀ ਨੂੰ ਕੁਝ ਮਹੀਨੇ ਪਹਿਲਾਂ ਸ਼ਿਕਾਇਤ ਕੀਤੀ ਸੀ ਤੇ ਉਸ ਤੇ ਪ੍ਰਸ਼ਾਸਨ ਨੇ ਕਾਰਵਾਈ ਕਰਦਿਆਂ ਬੱਚਿਆਂ ਤੋਂ ਭੀਖ ਮੰਗਾਉਣ ਵਾਲਿਆਂ ਦੇ ਖਿਲਾਫ ਥਾਣਾ ਰਣਜੀਤ ਐਵਨਿਊ ਵਿੱਚ ਇੱਕ ਐਫਆਈਆਰ ਵੀ ਦਰਜ ਕਰ ਦਿੱਤੀ ਹੁਣ ਇਸ ਮੁੱਦੇ ਨੂੰ ਲੈ ਕੇ ਇੱਕ ਵਾਰ ਫਿਰ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਤੇ ਅੰਮ੍ਰਿਤਸਰ ਦੇ ਡੀਸੀ ਮੈਡਮ ਸਾਕਸ਼ੀ ਸਾਹਨੀ ਜੀ ਤੇ ਅੰਮ੍ਰਿਤਸਰ ਦੇ ਏਡੀਸੀ ਰੋਹਿਤ ਗੁਪਤਾ ਤੇ ਜ਼ਿਲ੍ਹਾ ਬਾਲ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਨਾਲ ਮੁਲਾਕਾਤ ਕੀਤੀ ਤੇ ਜਿਲਾ ਪ੍ਰਸ਼ਾਸਨ ਨੂੰ ਵਿਸ਼ਵਾਸ ਦਵਾਇਆ ਕਿ ਜੋ ਜ਼ਿਲ੍ਹਾ ਬਾਲ ਵਿਭਾਗ ਵੱਲੋਂ ਤੇ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭੀਖ ਮੰਗਵਾਉਣ ਵਾਲਿਆਂ ਦੇ ਖਲਵਾਫ ਤੇ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਦੇ ਖਿਲਾਫ ਜੋ ਪ੍ਰਸ਼ਾਸਨ ਨੇ ਇਹ ਮੁਹਿੰਮ ਸ਼ੁਰੂ ਕੀਤੀ ਹੈ ਉਸ ਵਿੱਚ ਅਸੀਂ ਆਪਣਾ ਅਹਿਮ ਯੋਗਦਾਨ ਪਾਵਾਂਗੇ ਤੇ ਅਸੀਂ ਹਰ ਚੰਗੇ ਕੰਮ ਵਿੱਚ ਪ੍ਰਸ਼ਾਸਨ ਦਾ ਸਾਥ ਦਵਾਂਗੇ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਦੱਸਿਆ ਕਿ ਅੱਜ ਅੰਮ੍ਰਿਤਸਰ ਦੀਆਂ ਲਾਈਟਾਂ ਤੇ ਚੌਂਕਾਂ ਦੇ ਵਿੱਚ ਗੁਰੂ ਘਰਾਂ ਦੇ ਬਾਹਰ ਹੋਟਲ ਰੈਸਟੋਰੈਂਟਾਂ ਦੇ ਬਾਹਰ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਾਉਣ ਦਾ ਕੰਮ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ ਤੇ ਇਸ ਵਿੱਚ ਕੁਝ ਬਜ਼ੁਰਗ ਵੀ ਨੇ ਜੋ ਚੰਗੀ ਤਰ੍ਹਾਂ ਚੱਲ ਫਿਰ ਨਹੀਂ ਸਕਦੇ ਉਹਨਾਂ ਕਿਹਾ ਕਿ ਗੁਰੂ ਨਗਰੀ ਦੇ ਵਿੱਚ ਭੀਖ ਮੰਗਣ ਵਾਲਿਆਂ ਦੀ ਵੱਧ ਰਹੀ ਗਿਣਤੀ ਬੇਹਦ ਚਿੰਤਾ ਦਾ ਵਿਸ਼ਾ ਹੈ ਤੇ ਇਸ ਤੇ ਸਾਨੂੰ ਬੜੇ ਗੰਭੀਰ ਹੋ ਕੇ ਸੋਚਣਾ ਪਵੇਗਾ ਕਿਉਂਕਿ ਜਿਸ ਤੇਜੀ ਨਾਲ ਇਹ ਮੰਗਣ ਵਾਲਿਆਂ ਦਾ ਕਾਰੋਬਾਰ ਵੱਧ ਰਿਹਾ ਹੈ ਤੇ ਗੈਰ ਕਾਨੂੰਨੀ ਢੰਗ ਦੇ ਨਾਲ ਛੋਟੇ-ਛੋਟੇ ਬੱਚਿਆਂ ਤੋਂ ਭੀਖ ਮੰਗਵਾਈ ਜਾ ਰਹੀ ਹੈ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਜਿਹੜੇ ਬੱਚਿਆਂ ਦਾ ਸੁਨਹਿਰੀ ਭਵਿੱਖ ਪੜ੍ ਲਿਖ ਕੇ ਬਣਨਾ ਸੀ ਉਹ ਅੱਜ ਸੜਕਾਂ ਤੇ ਭੀਖ ਮੰਗ ਰਹੇ ਨੇ ਤੇ ਉਹਨਾਂ ਨੇ ਇਹ ਵੀ ਖਸਰਾ ਜਤਾਇਆ ਕਿ ਮੈਨੂੰ ਸ਼ੱਕ ਹੈ ਕਿ ਇਹਨਾਂ ਦਾ ਡੀਐਨਏ ਟੈਸਟ ਹੋਣਾ ਚਾਹੀਦਾ ਹੈ ਕਿ ਜਿਸ ਹਿਸਾਬ ਦੇ ਨਾਲ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਈ ਜਾ ਰਹੀ ਹੈ ਇਹ ਬੱਚੇ ਇਹਨਾਂ ਦੇ ਨੇ ਕਿ ਜਾਂ ਇਹਨਾਂ ਨੇ ਦੂਜੇ ਰਾਜਾਂ ਤੋਂ ਇਹਨਾਂ ਬੱਚਿਆਂ ਨੂੰ ਭੀਖ ਮੰਗਾਉਣ ਦੇ ਲਈ ਚੁੱਕ ਕੇ ਲਿਆਂਦਾ ਹੈ। ਉਹਨਾਂ ਕਿਹਾ ਕਿ ਮੈਂ ਇਹ ਮੰਗ ਪਿਛਲੇ ਛੇ ਮਹੀਨਿਆਂ ਤੋਂ ਕਰ ਰਿਹਾ ਹਾਂ ਜਿਲਾ ਪ੍ਰਸ਼ਾਸਨ ਤੋਂ ਸਰਕਾਰ ਤੋਂ ਕੀ ਇਹਨਾਂ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਦੀ ਤੇ ਬੱਚਿਆਂ ਦਾ ਡੀਐਨਏ ਟੈਸਟ ਕੀਤਾ ਜਾਵੇ ਉਹਨਾਂ ਸਰਕਾਰ ਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਨਾ ਕਿਹਾ ਕਿ ਜਿਲਾ ਪ੍ਰਸ਼ਾਸਨ ਨੇ ਤੇ ਸਰਕਾਰ ਨੇ ਡੀਐਨਏ ਟੈਸਟ ਕਰਾਉਣ ਦੇ ਲਈ ਕਹਿ ਦਿੱਤਾ ਹੈ ਮੈਂ ਉਹਨਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ ਤੇ ਅੰਮ੍ਰਿਤਸਰ ਦੀਆਂ ਹਰ ਸੜਕ ਲਾਈਟਾਂ ਤੇ ਜਿੰਨੇ ਵੀ ਮੰਗਣ ਵਾਲੇ ਨੇ ਇਹਨਾਂ ਸਾਰਿਆਂ ਨੂੰ ਹੀ ਜਿਲਾ ਵਿਭਾਗ ਦੀ ਟੀਮ ਵੱਲੋਂ ਚੱਕ ਕੇ ਇਹਨਾਂ ਦੀਆਂ ਸਟੇਟਾਂ ਵਿੱਚ ਇਹਨਾਂ ਨੂੰ ਵਾਪਸ ਪਹੁੰਚਾਇਆ ਜਾਵੇ ਤੇ ਉਥੋਂ ਦੀ ਸਰਕਾਰ ਦੇ ਹਵਾਲੇ ਇਹਨਾਂ ਨੂੰ ਕੀਤਾ ਜਾਵੇ ਆਖਰ ਵਿੱਚ ਉਹਨਾਂ ਦੱਸਿਆ ਕਿ ਅਸੀਂ ਬਹੁਤ ਜਲਦ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਮਿਲ ਕੇ ਇਹਨਾਂ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਦੇ ਖਿਲਾਫ ਕਾਰਵਾਈ ਕਰਾਂਗੇ ਤੇ ਇਹਨਾਂ ਸਾਰਿਆਂ ਨੂੰ ਰੈਸਕਿਊ ਕਰਕੇ ਇਹਨਾਂ ਦੀਆਂ ਸਟੇਟਾਂ ਦੇ ਵਿੱਚ ਭੇਜਣ ਦੇ ਲਈ ਪ੍ਰਸ਼ਾਸਨ ਦਾ ਤੇ ਸਰਕਾਰ ਦਾ ਸਹਿਯੋਗ ਕਰਾਂਗੇ

### ਏਡੀਸੀ ਰੋਹਿਤ ਗੁਪਤਾ ਤੇ ਜਿਲ੍ਹਾ ਬਾਲ ਵਿਭਾਗ ਦੇ ਅਧਿਕਾਰੀਆਂ ਨਾਲ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ ਤੇ ਚਰਚਾ

ਸਿਆਸੀ ਪਾਰਟੀਆਂ ਬਦਲਣ ਵਾਲੇ ਲੋਕਾਂ ਨੂੰ ਰਾਜਨੀਤਿਕ, ਆਗੂਆਂ ਵੱਲੋਂ ਸਿਰਪਾਓ ਦੇਣ ਤੇ ਲੱਗੇ ਰੋਕ ਆਪਣੇ ਸਿਆਸੀ ਚਿੰਨ੍ਹ ਨਾਲ ਕਰਨ ਸਨਮਾਨਿਤ

# ਸਿਰਪਾਓ ਦੀ ਮਹੱਤਤਾ ਨੂੰ ਰੱਖਿਆ ਜਾਵੇ ਬਹਾਲ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਸਾਹਿਬ ਕਰਨ ਹੁਕਮਨਾਮਾ ਜਾਰੀ

**ਜੰਡਿਆਲਾ ਗੁਰੂ 16 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਸਿੱਖ ਗੁਰੂ ਸਾਹਿਬਾਨਾਂ ਵੱਲੋਂ ਹਰੇਕ ਉਸ ਪ੍ਰਾਣੀ ਲਈ ਸਿਰੋਪਾਓ ਦੀ ਬਖਸਿਸਾਂ ਭਰੀ ਦਾਤ ਦੀ ਬਖਸ਼ਿਸ਼ ਹੋਈ ਹੈ ਜੋ ਪ੍ਰਾਣੀ ਕਹਿਣੀ ਤੇ ਕਥਨੀ ਵਿੱਚ ਪ੍ਰਪੱਕ ਪੂਰਾ ਸਮਰਪਿਤ ਹੋ ਕਿ ਸੇਵਾ ਭਾਵਨਾ ਨਾਲ ਸਤਸੰਗਤ ਕਰਕੇ ਗੁਰੂ ਘਰ ਦੀ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਕਾਰਜ ਕਰਕੇ ਆਪਣੇ ਆਪ ਨੂੰ ਵਡਭਾਗਾ ਤੇ ਗੁਰੂ ਘਰ ਦਾ ਨਿਮਾਣਾ ਸੇਵਕ ਜਨ ਸਮਝਦਾ ਹੈ । ਇਸ ਸਿਰਪਾਓ ਦੀ ਦਾਤ ਨੂੰ ਮਰਿਆਦਾ ਦੇ ਅਨੁਸਾਰ ਕਿਸੇ ਵੀ ਇਨਸਾਨ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿੱਚ ਹੀ ਦਿੱਤਾ ਜਾ ਸਕਦਾ ਹੈ।। ਸਿਰਪਾਓ ਦੀ ਪਰੰਪਰਾ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਮਹਾਰਾਜ ਤੋਂ ਸ਼ੁਰੂ ਹੋਈ ਅਤੇ ਸਿੱਖ ਧਰਮ ਵਿੱਚ ਸਿਰਪਾਓ ਦੀ ਬਹੁਤ ਵੱਡੀ ਮਹਾਨਤਾ ਹੈ। ਸਿਰਪਾਓ ਦਾ ਅਰਥ ਹੈ ਕਿ ਸਿਰ ਤੋਂ ਲੈ ਕੇ ਪੈਰਾਂ ਤੱਕ ਪਹਿਨਣ ਵਾਲੀ ਪੋਸ਼ਾਕ ਕਿਹਾ ਜਾਂਦਾ ਹੈ ਸਿਰਪਾਓ ਸਿੱਖਾਂ ਦੇ ਦੂਜੇ ਗੁਰੂ ਸਾਹਿਬਾਨ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਤੀਸਰੇ ਗੁਰੂ ਸਾਹਿਬਾਨ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਨੂੰ ਦਿੱਤੇ ਗਏ ਸਨ। ਉਹਨਾਂ ਦੀ ਸੇਵਾ ਭਾਵਨਾ ਨੂੰ ਦੇਖਦੇ ਹੋਏ ਉਹਨਾਂ ਦੀ ਤਨ ਮਨ ਧਨ ਨਾਲ ਕੀਤੀ ਸੇਵਾ ਤੋਂ ਖੁਸ਼ ਹੋ ਕੇ ਗੁਰੂ ਅਮਰਦਾਸ ਜੀ ਨੂੰ ਸਿਰਪਾਓ ਦੀ ਬਖਸ਼ਿਸ਼ ਪ੍ਰਾਪਤ ਹੋਈ ਸੀ ਅਤੇ ਗੁਰੂ ਅਮਰਦਾਸ ਜੀ ਨੇ ਸਿਰਪਾਓ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਹੋਇਆ ਬਖਸਿਸ ਹੋਇਆ ਸਿਰਪਾਓ ਆਪਣੇ ਸੀਸ ਉਪਰ ਸਜਾਉਂਦੇ ਸਨ। ਇਥੇ ਇਹ ਦੱਸਣਯੋਗ ਹੈ ਕਿ ਸ੍ਰੀ ਗੁਰੂ ਅੰਗਦ ਦੇਵ ਜੀ ਇੱਕ ਸਾਲ ਬਾਅਦ ਸ੍ਰੀ ਗੁਰੂ ਅਮਰਦਾਸ ਜੀ ਨੂੰ ਇੱਕ ਸਰੋਪਾ ਭੇਟ ਕਰਦੇ ਸਨ। ਇਹ ਪਰੰਪਰਾ ਦੂਸਰੇ ਗੁਰੂ ਸਾਹਿਬਾਨ ਤੋਂ ਸ਼ੁਰੂ ਹੋ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ, ਅਤੇ ਅੱਜ ਵੀ ਸਿੱਖ ਧਰਮ ਵਿੱਚ ਵੀ ਕਾਇਮ ਹੈ। ਪਰ ਅੱਜ ਦੇ ਸਮੇਂ ਦੀ ਗੱਲ ਕਰੀਏ ਤਾਂ ਅੱਜ ਕੱਲ੍ਹ ਬਹੁਤ ਸਾਰੀਆਂ ਰਾਜਨੀਤਿਕ ਲੋਕਾਂ, ਅਤੇ ਪੰਥਕ ਆਗੂਆਂ ਵੱਲੋਂ ਵੀ ਗੁਰੂ ਸਾਹਿਬਾਨ ਜੀ ਦੀ ਬਖਸ਼ਿਸ਼ ਸਿਰਪਾਓ ਨੂੰ ਮਮੂਲੀ ਕੱਪੜਾ ਸਮਝ ਕੇ ਸ਼ਰੇਆਮ ਮਰਿਆਦਾ ਦੀ ਉਲੰਘਣਾ ਕਰ ਰਹੇ ਹਨ । ਜੋ ਅਸੀਂ ਰੋਜ਼ ਅਖਬਾਰਾਂ ਤੋਂ ਸੋਸ਼ਲ ਮੀਡੀਆ ਰਾਹੀਂ ਦੇਖ ਰਹੇ ਹਾਂ ਪਰ ਚੁੱਪ ਹਾਂ। ਪੰਜਾਬ ਵਿੱਚ ਜਦੋਂ ਵੀ ਇਲੈਕਸ਼ਨ ਦਾ ਦੌਰ ਆਉਂਦਾ ਹੈ ਤਾਂ ਪਾਰਟੀਆਂ ਬਦਲਣ ਵਾਲੇ ਲੋਕ ਆਪਣੇ ਆਪ ਨੂੰ ਵਫਾਦਾਰ ਸਿਪਾਹੀ ਵਜੋਂ ਪੇਸ ਕਰਨ ਲਈ ਸਿਆਸੀ ਨੁਮਾਇੰਦਿਆ ਕੋਲੋਂ ਸਿਰਪਾਓ ਪਵਾਉਂਦੇ ਹਨ ਜਿਸ ਵਿੱਚ ਅੱਜ ਕੱਲ੍ਹ ਪਾਰਟੀਆਂ ਬਦਲਣ ਦਾ ਆਮ ਦੌਰ ਚੱਲਿਆ ਹੋਇਆ ਹੈ। ਅਤੇ ਪਹਿਲੀ ਪਾਰਟੀ ਵਿੱਚ ਵਫਾਦਾਰ ਸਿਪਾਹੀ ਵਜੋਂ ਸਮਾਂ ਗੁਜ਼ਾਰਨ ਤੋਂ ਬਾਅਦ ਉਸ ਪਾਰਟੀ ਨੂੰ ਛੱਡ ਕੇ ਦੂਜੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਅਤੇ ਦੂਜੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਆਗੂ ਇਸ ਨੂੰ ਬਹੁਤ ਵੱਡੀ ਕੁਰਬਾਨੀ ਸਮਝ ਕੇ ਸ਼ਾਮਿਲ ਹੋਣ ਵਾਲੇ ਵਿਅਕਤੀਆਂ ਨੂੰ ਸਿਰਪਾਓ ਨਾਲ ਸਨਮਾਨਿਤ ਕਰ ਰਹੇ ਹਨ। ਪਰ ਸਨਮਾਨਿਤ ਦੇ ਨਾਲ ਨਾਲ ਉਹ ਸਿਰਪਾਓ ਦੀ ਮਰਿਆਦਾ ਨੂੰ ਨਹੀਂ ਸਮਝਦੇ, ਜਾਂ ਜਾਣਬੁੱਝ ਕਿ ਮਰਿਆਦਾ ਦੀਆਂ ਧੱਜੀਆਂ ਉਡਾਈਆਂ ਜਾਂਦੀਆਂ ਹਨ ਉਹ ਇਹ ਨਹੀਂ ਦੇਖਦੇ ਕਿ ਜਿਸ ਵਿਅਕਤੀ ਨੂੰ ਸਿਰਪਾਓ ਦਿੱਤਾ ਜਾ ਰਿਹਾ ਉਹ ਵਿਅਕਤੀ ਪਤਿੱਤ ਹੋਣ ਦੇ ਨਾਲ ਨਾਲ ਉਸ ਵਿਅਕਤੀ ਨੇ ਸਿਰ ਢੱਕਿਆ ਹੋਇਆ ਹੈ ਜਾਂ ਨੰਗੇ ਸਿਰ ਤਾਂ ਨਹੀਂ ਹਨ । ਸਿਰਪਾਓ ਲੈਣ ਵਾਲੇ ਵਿਅਕਤੀ ਕੋਲ ਕੋਈ ਨਸ਼ਾ ਜਾਂ ਨਸ਼ਾ ਰੂਪੀ ਕੋਈ ਵਸਤੂ ਤਾਂ ਨਹੀਂ ਹੈ । ਪਰ ਨਹੀਂ ਉਸ ਟਾਈਮ ਤੇ ਇਹ ਸਭ ਕੁਝ ਇਸ ਦੇ ਉਲਟ ਹੀ ਵੇਖਣ ਨੂੰ ਮਿਲਦਾ ਹੈ ਉਸ ਟਾਈਮ ਤੇ ਤਾਂ ਇਹਨਾਂ ਰਾਜਨੀਤਿਕ ਲੋਕਾਂ ਨੂੰ, ਸੱਤਾ ਦਾ ਨਸ਼ਾ ਚੜਿਆ ਹੁੰਦਾ ਹੈ ਅਤੇ ਉਸ ਟਾਈਮ ਤੇ ਇਹ ਰਾਜਨੀਤਿਕ ਲੋਕ ਸਿਰਪਾਓ ਨੂੰ ਮਮੂਲੀ ਦੋ ਢਾਈ ਮੀਟਰ ਦਾ ਕੱਪੜਾ ਸਮਝ ਕੇ ਲੋਕਾਂ ਨੂੰ ਨਿਵਾਜਦੇ ਹਨ। ਉਸ ਟਾਈਮ ਤੇ ਸਿੱਖੀ ਸਿਧਾਂਤਾਂ ਤੇ ਤਿੱਖੇ ਤੀਰ ਚੱਲਦੇ ਹਨ। ਪਰ ਸਾਡੇ ਪੰਥਕ ਲੀਡਰ ਫਿਰ ਵੀ ਚੁੱਪ ਹਨ। ਕਿਉਂ ਨਹੀਂ ਇਸ ਪ੍ਰਤੀ ਵੀ ਕਾਨੂੰਨ ਬਣਾਉਂਦੇ ਅਤੇ ਇਸ ਤੇ ਰੋਕ ਲਾਉਂਦੇ। ਇਨਾਂ ਸਿਆਸੀ ਪਾਰਟੀਆਂ ਵੱਲੋਂ ਸਿਰਪਾਓ ਦੀ ਵਰਤੋਂ ਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਪੂਰਨ ਰੋਕ ਲੱਗਣੀ ਚਾਹੀਦੀ ਹੈ ਅਤੇ ਨਾਲ ਹੀ ਇਸ ਤੇ ਹੁਕਮਨਾਮਾ ਜਾਰੀ ਹੋਣਾ ਚਾਹੀਦਾ ਹੈ ,ਕਿਸੇ ਵੀ ਪਾਰਟੀ ਦੇ ਨੁਮਾਇੰਦੇ ਪਾਰਟੀ ਬਦਲਦੇ ਹਨ ਅਤੇ ਦੂਸਰੀ ਪਾਰਟੀ ਵਿੱਚ ਸ਼ਾਮਿਲ ਹੁੰਦੇ ਹਨ ਤਾਂ ਕੋਈ ਵੀ ਪਾਰਟੀ ਦਾ ਆਗੂ ਉਨਾਂ ਨੂੰ ਸਿਰਪਾਓ ਨਾਲ ਸਨਮਾਨਿਤ ਨਹੀਂ ਕਰੇਗਾ ਅਤੇ ਇਸ ਗੱਲ ਵੱਲ ਸਾਰੀਆਂ ਧਾਰਮਿਕ ਜਥੇਬੰਦੀਆਂ ਧਾਰਮਿਕ ਸੰਸਥਾਵਾਂ ਨੂੰ ਧਿਆਨ ਦੇਣਾ ਚਾਹੀਦਾ ਹੈ। ਅਤੇ ਅਕਾਲ ਤਖਤ ਸਾਹਿਬ ਅਤੇ ਸਾਰੇ ਤਖਤਾ ਦੇ ਜਥੇਦਾਰਾਂ ਸਾਹਿਬਾਨਾਂ ਨੂੰ ਇਸ ਪ੍ਰਤੀ ਮੰਗ ਪੱਤਰ ਵੀ ਦੇਣੇ ਚਾਹੀਦੇ ਹਨ ਤਾਂ ਜੋ ਸਾਨੂੰ ਗੁਰੂਆ ਵੱਲੋਂ ਬਖਸ਼ੀ ਹੋਈ ਸਿਰੋਪਾਓ ਦੀ ਦਾਤ ਨੂੰ ਮਰਿਆਦਾ ਸਹਿਤ ਬਹਾਲ ਰੱਖਿਆ ਜਾਵੇ। ਅਤੇ ਜੇਕਰ ਸਿਆਸਤ ਦਾਨ ਆਪਣੇ-ਆਪ ਸਿਰਪਾਓ ਦੀ ਮਰਿਆਦਾ ਨੂੰ ਬਹਾਲ ਰੱਖਣ ਵਿੱਚ ਸਹਿਯੋਗ ਕਰਦੇ ਹਨ ਤਾਂ ਉਨਾਂ ਦੇ ਪੈਸੇ ਵੀ ਬਚ ਸਕਦੇ ਹਨ!

# ਡੈਮੋਕੇਟਿਕ ਟੀਚਰਜ਼ ਫਰੰਟ ਡੀ.ਟੀ.ਐੱਫ.5178 ਵੱਲੋਂ ਮੁੱਖ ਮੰਤਰੀ, ਸਿੱਖਿਆ ਮੰਤਰੀ ਦੇ ਨਾਮ ਤੇ ਡੀ ਸੀ ਸੰਗਰੂਰ ਰਾਹੀ ਦਿੱਤਾ ਮੰਗ ਪੱਤਰ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡੈਮੋਕੇਟਿਕ ਟੀਚਰਜ਼ ਫਰੰਟ ਡੀ.ਟੀ.ਐੱਫ ਜਥੇਬੰਦੀ ਦੇ ਪ੍ਰਧਾਨ ਵਿਕਰਮ ਦੇਵ ਸਿੰਘ, ਅਸ਼ਵਨੀ ਅਵਸਥੀ (ਵਿੱਤ ਸਕੱਤਰ), ਰਾਜੀਵ ਕੁਮਾਰ ਬਰਨਾਲਾ, ਜਗਪਾਲ ਸਿੰਘ ਬੰਗੀ,ਹਰਜਿੰਦਰ ਵਡਾਲਾ ਬਾਂਗਰ ਰਖਵੀਰ ਸਿੰਘ ਭਵਾਨੀਗੜ੍ਹ ਮੁਕੇਸ਼ ਕੁਮਾਰ (ਸੰਯੁਕਤ ਸਕੱਤਰ) ਜਸਵਿੰਦਰ ਸਿੰਘ ਔਜਲਾ (ਸੰਯੁਕਤ ਸਕੱਤਰ) ਕੁਲਵਿੰਦਰ ਸਿੰਘ ਜੋਸ਼ਨ (ਸੰਯੁਕਤ ਸਕੱਤਰ) ਪਵਨ ਕੁਮਾਰ ਮੁਕਤਸਰ (ਪ੍ਰੈੱਸ ਸਕੱਤਰ) ਤਜਿੰਦਰ ਸਿੰਘ ਕਪੂਰਥਲਾ (ਸਹਾਇਕ ਵਿੱਤ ਸਕੱਤਰ) ਸੁਖਦੇਵ ਸਿੰਘ ਡਾਨਸੀਵਾਲ (ਪ੍ਰਚਾਰ ਸਕੱਤਰ) ਦੀ ਅਗਵਾਈ ਹੇਠ 5178 ਅਧਿਆਪਕਾਂ (ਨਾਨ-ਪਟੀਸ਼ਨਰਜ਼) ਨੂੰ ਪਰਖ ਸਮੇਂ ਦੇ ਪੂਰੀ ਤਨਖਾਹ ਅਨੁਸਾਰ ਬਕਾਏ ਜਾਰੀ ਕਰਨ ਵਿੱਚ ਹੋ ਰਹੀ ਦੇਰੀ ਸੰਬੰਧੀ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਅਧਿਆਪਕਾਂ ਨੂੰ ਪ੍ਰੋਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਜਮਾ ਕਰਵਾਈ ਰਿਪੋਰਟ ਵਿੱਚ ਵੀ ਸਿੱਖਿਆ ਵਿਭਾਗ ਵੱਲੋਂ ਇਸ ਫੈਸਲੇ ਨੂੰ ਜਰਨਲਾਇਜ਼ ਕਰਨਾ ਅੰਕਿਤ ਕੀਤਾ ਗਿਆ ਸੀ। ਪ੍ਰੰਤੂ ਹਾਲੇ ਤੱਕ 5178 ਭਰਤੀ ਵਿੱਚਲੇ ਨਾਨ-ਪਟੀਸ਼ਨਰ ਅਧਿਆਪਕਾਂ ਨੂੰ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਨਹੀਂ ਦਿੱਤੇ ਗਏ ਹਨ। ਆਗੂਆਂ ਨੇ ਕਿਹਾ ਕਿ ਜੂਨ 2025 ਦਰਮਿਆਨ ਸਿੱਖਿਆ ਸਕੱਤਰ (ਸਕੂਲਜ਼) ਅਤੇ ਕੈਬਨਿਟ ਸਬ ਕਮੇਟੀ ਨਾਲ ਹੋਈਆਂ ਮੀਟਿੰਗਾਂ ਵਿੱਚ ਇੱਕ ਕਾਡਰ 'ਤੇ ਇੱਕੋ ਜਿਹਾ ਤਨਖ਼ਾਹ ਸਕੇਲ ਲਾਗੂ ਹੋਣ ਦੇ ਤੈਅ ਸ਼ੁਦਾ ਨਿਯਮ ਤਹਿਤ ਮਸਲਾ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਹੈ।

**ਆਗੂਆਂ ਨੇ ਦੱਸਿਆ ਕਿ ਜਥੇਬੰਦੀ ਦੀਆਂ ਮੰਗਾਂ**

(1) ਸਮੂਹ 5178 ਅਧਿਆਪਕਾਂ ਨੂੰ ਪ੍ਰੋਬੇਸ਼ਨ ਪੀਰੀਅਡ ਦੌਰਾਨ ਪੂਰੇ ਤਨਖ਼ਾਹ ਸਕੇਲ ਅਨੁਸਾਰ ਬਣਦੇ ਬਕਾਏ ਬਿਨਾਂ ਕਿਸੇ ਪਟੀਸ਼ਨਰ ਜਾਂ ਨਾਨ-ਪਟੀਸ਼ਨਰ ਦਾ ਵਖਰੇਵਾਂ ਕੀਤਿਆਂ ਜਾਰੀ ਕਰਨ ਲਈ ਜਲਦ ਲੋੜੀਂਦਾ ਸਪੱਸ਼ਟੀਕਰਨ ਪੱਤਰ ਜਾਰੀ ਕੀਤਾ ਜਾਵੇ।

(2) 5178 ਭਰਤੀ ਤਹਿਤ ਹੀ ਨਿਯੁਕਤ ਆਰਟ ਐਂਡ ਕਰਾਫਟ ਅਧਿਆਪਕਾਂ ਦੀ ਪ੍ਰੋਬੇਸ਼ਨ ਪੀਰੀਅਡ ਦੌਰਾਨ ਤਨਖ਼ਾਹ ਫਿਕਸੇਸ਼ਨ ਨੂੰ ਭਰਤੀ ਦੇ ਨਿਯਮਾਂ ਅਤੇ ਰੈਗੂਲਰਾਇਜੇਸ਼ਨ ਦੇ ਆਰਡਰਾਂ ਅਨੁਸਾਰ 4400 ਤਨਖ਼ਾਹ ਗ੍ਰੇਡ ਅਨੁਸਾਰ ਹੀ ਫਿਕਸ ਕਰਨ ਦੇ ਨਿਰਦੇਸ਼ ਜਿਲ੍ਹਾ ਅਧਿਕਾਰੀਆਂ ਨੂੰ ਦਿੱਤੇ ਜਾਣ।

# ਚੇਅਰਮੈਨ ਖੁੱਲੀ ਦਾ ਆਸਟਰੇਲੀਆ ਪਹੁੰਚਣ ਤੇ ਸੰਗੀਤ ਪ੍ਰਮੋਟਰਾਂ ਨੇ ਕੀਤਾ ਸਵਾਗਤ

## ਮਾਨ ਸਰਕਾਰ ਨੇ 10 ਲੱਖ ਤੱਕ ਦਾ ਫ੍ਰੀ ਕੀਤਾ ਇਲਾਜ, ਗਰੀਬ ਲੋਕਾਂ ਖੁਸੀ ਦੀ ਲਹਿਰ ਚੇਅਰਮੈਨ ਖੁੱਲੀ



**ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫਤਰ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਖੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦਾ ਆਸਟਰੇਲੀਆ ਵਿਖੇ ਪਹੁੰਚਣ ਤੇ ਸੰਗੀਤ ਦੀ ਦੁਨੀਆ ਦੇ ਪ੍ਰਸਿੱਧ ਪ੍ਰਮੋਟਰ ਮਨਮੋਹਨ ਸਿੰਘ ਤੇ ਉਹਨਾ ਦੇ ਸਾਥੀਆਂ ਅਤੇ ਸਮੁੱਚੀ ਟੀਮ ਵਲੋਂ ਆਸਟ੍ਰੇਲੀਆ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਖੁੱਲੀ ਨੇ ਕਿਹਾ ਕਿ ਪੰਜਾਬ 'ਚ ਹਰ ਪਰਿਵਾਰ ਨੂੰ ਹੁਣ ਮਿਲੇਗਾ 10 ਲੱਖ ਤੱਕ ਦਾ ਸਲਾਨਾ ਮੁਫ਼ਤ ਇਲਾਜ਼, ਸਰਕਾਰ ਦੇ ਦਾਅਵੇ ਮੁਤਾਬਕ ਪੰਜਾਬ ਦਾ ਹਰ ਇੱਕ ਵਾਸੀ ਇਸ ਸਕੀਮ ਅਧੀਨ ਇਲਾਜ਼ ਦੀ ਸਹੂਲਤ ਦਾ ਹੱਕਦਾਰ ਹੋਵੇਗਾ, ਬੱਚਾ ਹੋਵੇ ਜਾਂ ਬਜ਼ੁਰਗ ਜਾਂ ਕੋਈ ਬੇਸਹਾਰਾ। ਇਸ ਸਕੀਮ ਤਹਿਤ ਇਲਾਜ਼ ਲੈਣ ਲਈ ਕੋਈ ਕਾਗਜ਼ੀ ਕਾਰਵਾਈ 'ਚ ਉਲਝਣਾ ਨਹੀਂ ਪਏਗਾ, ਅਗਰ ਤੁਹਾਡੇ ਕੋਲ ਕਾਰਡ ਬਣਿਆ ਨਹੀਂ ਹੋਵੇਗਾ ਤਾਂ ਮੌਕੇ 'ਤੇ ਅਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟਰ ਕਰਵਾਉਣ ਉਪਰੰਤ ਇਲਾਜ਼ ਕਰਵਾਇਆ ਜਾ ਸਕੇਗਾ। ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਸਮੇਤ ਕਰੀਬ 1500 ਨਿੱਜੀ ਹਸਪਤਾਲ ਇਸ ਤਹਿਤ ਪੰਜਾਬੀਆਂ ਦਾ ਮੁਫ਼ਤ ਇਲਾਜ਼ ਕਰਨਗੇ, ਇਹ ਦਾਅਵਾ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ । ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਕੈਸ਼ਲੈੱਸ ਬੀਮੇ ਦੀ ਯੋਜਨਾ। ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਹਰ ਬੀਮਾਰੀ ਦਾ ਇਲਾਜ ਮੁਫ਼ਤ ਵਿੱਚ ਕੀਤਾ ਜਾਵੇਗਾ ।ਸਰਕਾਰੀ ਕਰਮਚਾਰੀ, ਆਂਗਣਵਾੜੀ, ਆਸ਼ਾ ਵਰਕਰ ਵੀ 100% ਕਵਰ ਹੋਣਗੇ। ਇਹ ਯੋਜਨਾ ਤਿੰਨ ਮਹੀਨੇ ਵਿੱਚ ਲਾਗੂ ਕੀਤੀ ਜਾਵੇਗੀ ।ਪੰਜਾਬ ਦੇ ਹਰ ਇਕ ਵਿਅਕਤੀ ਨੂੰ ਮਿਲੇਗਾ ਮੁੱਖ ਮੰਤਰੀ ਸਿਹਤ ਕਾਰਡ ਅਤੇ ਸਭ ਦਾ ਇਲਾਜ ਪੂਰੀ ਤਰ੍ਹਾਂ ਕੈਸ਼ਲੈੱਸ ਕੀਤਾ ਜਾਵੇਗਾ।

## ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਪਿੰਡ ਰੋਡੇ ਵਿਖੇ

# ਸਾਵਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ







ਆਵਾਜ਼ਿ ਕੌਮ AWAZE QAUM International Newspaper & WEB TV














ਪਿੰਡ ਰੋਡੇ (ਮੋਗਾ), 16 ਜੁਲਾਈ (ਆਵਾਜ਼ਿ ਕੌਮ ਬਿਊਰੋ)– ਸਲਾਨਾ ਹਰ ਮਹੀਨੇ ਦੀ ਤਰ੍ਹਾਂ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਮਨਾਇਆ ਗਿਆ ਸਾਵਣ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ। ਇਸ ਉਪਰੰਤ ਵਿਦਿਆਰਥੀਆਂ ਭਾਈ ਅਵਤਾਰ ਸਿੰਘ ਜੀ ਪਾਸੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਅਤੇ ਸਮਾਪਤੀ ਉਪਰੰਤ ਅਰਦਾਸ ਬੇਨਤੀ ਕੀਤੀ ਗਈ, ਇਸ ਅਖੰਡ ਪਾਠ ਸਾਹਿਬ ਦੀ ਸੇਵਾ ਇਗਲੈਂਡ ਨਿਵਾਸੀ ਭਾਈ ਅਪਿੰਦਰਪਾਲ ਸਿੰਘ ਹੈਪੀ ਦੇ ਪਰਿਵਾਰ ਵੱਲੋਂ ਕਰਵਾਈ ਗਈ। ਅਤੇ ਖਾਲਸਾ ਪੰਥ ਦੀ ਚੜ੍ਹਦੀ ਕਲਾ, ਏਕਤਾ ਤੇ ਕੌਮ ਨੂੰ ਕਹਿਨੀ ਤੇ ਕਰਨੀ ਵਾਲੇ ਲੀਡਰ ਦੀ ਅਗਵਾਈ ਅਕਾਲ ਪੁਰਖ ਬਖਸ਼ਿਸ਼ ਕਰਨ। ਇਸ ਉਪਰੰਤ ਮਾਲ ਪੂੜੇ ਅਤੇ ਖੀਰ ਦੇ ਲੰਗਰ ਅਤੁੱਟ ਵਰਤਾਏ ਗਏ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਥਕ ਦੁਬਿਧਾ ਅਤੇ ਆਪਸੀ ਵਿਵਾਦ ਨੂੰ ਖਤਮ ਕਰਨ ਲਈ

# ਡਰਬੀ ਵਿਖੇ ਹੋਈ ਪੰਥਕ ਕਾਨਫਰੰਸ

**ਡਰਬੀ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜ ਤਖਤ ਸਾਹਿਬਾਨ ਦਰਮਿਆਨ ਬਣੇ ਤਣਾਅ ਅਤੇ ਖਾਲਸਾ ਜੀ ਦੇ ਧਾਰਮਕ-ਰਾਜਨੀਤਿਕ ਗਲਿਆਰਿਆਂ ਵਿੱਚ ਪੈਦਾ ਹੋਈ ਦੁਬਿਧਾ ਵਾਲੀ ਸਥਿਤੀ ਨੂੰ ਦੂਰ ਕਰਨ ਲਈ ਪਿਛਲੇ ਦਿਨੀ ਸਿੰਘ ਸਭਾ ਗੁਰਦੁਆਰਾ ਸਾਹਿਬ ਡਰਬੀ ਵਿਖੇ ਪੰਥਕ ਕਾਨਫਰੰਸ ਕਰਵਾਈ ਗਈ ਜਿਸ ਵਿੱਚ ਇੰਗਲੈਂਡ ਦੇ ਵੱਖ ਵੱਖ ਸ਼ਹਿਰਾਂ ਵਿੱਚੋਂ ਆਏ ਪੰਥਕ ਵਿਦਵਾਨਾਂ ਅਤੇ ਪੰਥਕ ਬੁਲਾਰਿਆਂ ਨੇ ਖਾਲਸਾ ਪੰਥ ਵਿੱਚ ਏਕਤਾ ਅਤੇ ਇਤਫਾਕ ਨੂੰ ਬਣਾਈ ਰੱਖਣ ਲਈ ਆਪਣੇ ਵਿਚਾਰ ਪ੍ਰਗਟ ਕੀਤੇ। ਇਹ ਪੰਥਕ ਕਾਨਫਰੰਸ ਪੰਥਕ ਆਗੂ ਭਾਈ ਰਾਜਿੰਦਰ ਸਿੰਘ ਪੁਰੇਵਾਲ ਦੀ ਪਹਿਲ ਕਦਮੀ ਉੱਤੇ ਕਰਵਾਈ ਗਈ। ਇਸ ਕਾਨਫਰੰਸ ਵਿੱਚ ਲਗਭਗ ਹਰ ਕਿਸਮ ਦੇ ਵਿਚਾਰਾਂ ਅਤੇ ਵਿਚਾਰਧਾਰਾਵਾਂ ਵਾਲੇ ਆਗੂਆਂ ਨੇ ਪੰਥ ਦੇ ਭਲੇ ਅਤੇ ਏਕੇ ਲਈ ਆਪਣੇ ਵਿਚਾਰ ਪ੍ਰਗਟ ਕੀਤੇ।



ਹਫਤਾਵਾਰੀ ਪਾਠ ਦੇ ਭੋਗ ਤੋਂ ਉਪਰੰਤ ਗੁਰੂਘਰ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਰਸਭਿੰਨਾ ਕੀਰਤਨ ਸਰਵਣ ਕਰਵਾਇਆ ਗਿਆ। ਉਸਤੋਂ ਬਾਅਦ ਭਾਈ ਰਾਜਿੰਦਰ ਸਿੰਘ ਪੁਰੇਵਾਲ ਵੱਲੋਂ ਇਸ ਪੰਥਕ ਕਾਨਫਰੰਸ ਦਾ ਪ੍ਰਬੰਧ ਕਰਨ ਦੇ ਕਾਰਨਾ ਬਾਰੇ ਸੰਗਤਾਂ ਨੂੰ ਆਪਣੇ ਵਿਚਾਰ ਦਰਸਾਏ। ਭਾਈ ਪੁਰੇਵਾਲ ਜੀ ਨੇ ਆਖਿਆ ਕਿ ਵਰਤਮਾਨ ਸਮੇਂ ਦੋ ਤਖਤ ਸਾਹਿਬਾਨ ਦਰਮਿਆਨ ਜੋ ਤਕਰਾਰ ਚੱਲ ਰਿਹਾ ਹੈ ਉਹ ਖਾਲਸਾ ਪੰਥ ਦੀ ਏਕਤਾ ਅਤੇ ਪ੍ਰਤੀਬੱਧਤਾ ਨੂੰ ਢਾਹ ਲਗਾ ਰਿਹਾ ਹੈ ਇਸ ਲਈ, ਪੰਜ ਸਿੰਘ ਸਾਹਿਬਾਨ ਅਤੇ ਹੋਰ ਸੁਹਿਰਦ ਸਿੱਖ ਆਗੂਆਂ ਨੂੰ ਇਸ ਦੁਬਿਧਾ ਭਰੀ ਸਥਿਤੀ ਵਿੱਚ ਆਪਣੀ ਸਕਾਰਾਤਮਕ ਭੂਮਿਕਾ ਨਿਭਾਉਣੀ ਚਾਹੀਦੀ ਹੈ। ਆਪ ਜੀ ਵੱਲੋਂ ਕਾਨਫਰੰਸ ਵਿੱਚ ਪਾਸ ਕੀਤੇ ਜਾਣ ਵਾਲੇ ਮਤਿਆਂ ਬਾਰੇ ਵੀ ਸਿੱਖ ਸੰਗਤ ਨੂੰ ਜਾਣਕਾਰੀ ਦਿੱਤੀ ਗਈ। ਭਾਈ ਪੁਰੇਵਾਲ ਨੇ ਦਰਸਾਇਆ ਕਿ ਸਿੰਘ ਸਭਾ ਡਰਬੀ ਦਾ ਹਮੇਸ਼ਾ ਹੀ ਇਹ ਯਤਨ ਰਿਹਾ ਹੈ ਕਿ ਹਰ ਪੰਥਕ ਮਸਲੇ ਬਾਰੇ ਉਹ ਪਹਿਲਕਦਮੀ ਕਰਕੇ ਉਹ ਵਿਦੇਸ਼ੀ ਸਿੱਖਾਂ ਦੇ ਵਿਚਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜ ਤਖਤ ਸਾਹਿਬਾਨ ਤੱਕ ਪਹੁੰਚਦਾ ਕਰਦੀ ਹੈ।

ਉਨ੍ਹਾਂ ਤੋਂ ਬਾਅਦ ਡਾਕਟਰ ਦਲਜੀਤ ਸਿੰਘ ਵਿਰਕ ਨੇ ਸਿੱਖ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਆਖਿਆ ਕਿ ਵਰਤਮਾਨ ਪੰਥਕ ਸੰਕਟ ਜਿਆਦਾ ਤਾਂ ਕੁਝ ਲੋਕਾਂ ਦੀ ਨਿੱਜੀ ਹਉਮੈਂ ਵਿੱਚੋਂ ਉਭਰਿਆ ਹੋਇਆ ਨਜ਼ਰ ਆਉਂਦਾ ਹੈ। ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਅਤੇ ਤਖਤ ਸ੍ਰੀ ਪਟਨਾ ਜੀ ਦਰਮਿਆਨ ਪੈਦਾ ਹੋਏ ਭੁਲੇਖੇ ਕੁਝ ਸੁਹਿਰਦ ਸਿੱਖ ਵਿਦਵਾਨਾਂ ਦੇ ਸਹਿਯੋਗ ਨਾਲ ਨਿਪਟ ਗਏ ਸਨ ਪਰ ਕਿਸੇ ਵਿਅਕਤੀ ਨੇ ਆਪਣੀ ਵਿਸ਼ੇਸ਼ਤਾ ਨੂੰ ਉਜਾਗਰ ਕਰਨ ਲਈ ਇਨ੍ਹਾਂ ਨੂੰ ਤੂਲ ਦਿੱਤੀ ਹੈ। ਡਾਕਟਰ ਦਲਜੀਤ ਸਿੰਘ ਜੀ ਨੇ ਸਮੁੱਚੀ ਸਿੱਖ ਸੰਗਤ ਅਤੇ ਲੀਡਰ ਸਾਹਿਬਾਨ ਨੂੰ ਬੇਨਤੀ ਕੀਤੀ ਕਿ ਪੰਥਕ ਭਲੇ ਲਈ ਉਹ ਗੁਰੂ ਸਾਹਿਬਾਨ ਦੇ ਉਪਦੇਸ਼ਾਂ ਅਨੁਸਾਰ ਆਪਣਾਂ ਜੀਵਨ ਨਿਰਬਾਹ ਕਰਨ।

ਡਾਕਟਰ ਗੁਰਨਾਮ ਸਿੰਘ ਨੇ ਬਹੁਤ ਹੀ ਭਾਵਪੂਰਤ ਭਾਸ਼ਨ ਕਰਦਿਆਂ ਸਿੱਖ ਪੰਥ ਨੂੰ ਅਪੀਲ ਕੀਤੀ ਕਿ ਸਾਡੇ ਉੱਤੇ ਨਾ ਕੇਵਲ ਰਾਜਸੀ ਹਮਲੇ ਹੋ ਰਹੇ ਹਨ ਬਲਕਿ ਇਸਦੇ ਨਾਲ ਹੀ ਕੌਮ ਉੱਤੇ ਸਿਧਾਂਤਕ ਹਮਲੇ ਵੀ ਹੋ ਰਹੇ ਹਨ ਜਿਨ੍ਹਾਂ ਦੇ ਟਾਕਰੇ ਲਈ ਸਾਨੂੰ ਆਪਣੇ ਆਰਥਕ ਸਰੋਤਾਂ ਨੂੰ ਡੂੰਘੀ ਖੋਜ ਅਤੇ ਸਿੱਖ ਇਤਿਹਾਸਕਾਰੀ ਵੱਲ ਲਗਾਉਣਾਂ ਚਾਹੀਦਾ ਹੈ। ਉਨ੍ਹਾਂ ਦੁਖ ਪ੍ਰਗਟ ਕੀਤਾ ਕਿ ਸਾਡੇ ਜਿਆਦਾ ਸਰੋਤ ਇਮਾਰਤਾਂ ਉਸਾਰਨ ਤੇ ਹੀ ਲੱਗ ਰਹੇ ਹਨ, ਸਿੱਖ ਇਤਿਹਾਸ ਅਤੇ ਗੁਰਬਾਣੀ ਦੀ ਖੋਜ ਉੱਤੇ ਬਹੁਤ ਘੱਟ ਸਰੋਤ ਲੱਗ ਰਹੇ ਹਨ। ਜੇ ਇਹ ਸਥਿਤੀ ਜਾਰੀ ਰਹੀ ਤਾਂ ਕੁਝ ਸਮੇਂ ਬਾਅਦ ਸਾਡੀ ਹੋਂਦ ਦਾ ਸਵਾਲ ਬਹੁਤ ਵੱਡਾ ਹੋਕੇ ਸਾਡੇ ਸਾਹਮਣੇ ਆ ਜਾਵੇਗਾ। ਡਾਕਟਰ ਗੁਰਨਾਮ ਸਿੰਘ ਨੇ ਪੰਥਕ ਸੰਸਥਾਵਾਂ ਦੇ ਕਾਰਜ ਲਈ ਪੰਚ ਪਰਧਾਨੀ ਸਿਸਟਮ ਨੂੰ ਅਪਨਾਉਣ ਦੀ ਵਕਾਲਤ ਵੀ ਕੀਤੀ।

ਭਾਈ ਰਾਜਮਨਵਿੰਦਰ ਸਿੰਘ ਕੰਗ ਨੇ ਆਪਣੇ ਭਾਸ਼ਣ ਦੌਰਾਨ ਇਸ ਗੱਲ ਦੀ ਜੋਰਦਾਰ ਵਕਾਲਤ ਕੀਤੀ ਕਿ ਅਸੀਂ ਰਹਿਤ ਮਰਯਾਦਾ ਦੇ ਜਾਂ ਹੋਰ ਛੋਟੇ ਮੋਟੇ ਮੱਤਭੇਦ ਪਾਸੇ ਰੱਖਕ ਸਾਂਝੀ ਪੰਥਕ ਸ਼ਕਤੀ ਦੇ ਤੌਰ ਤੇ ਵਿਚਰੀਏ। ਉਨ੍ਹਾਂ ਆਖਿਆ ਕਿ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਵੀ ਪੰਥ ਦੇ ਓਨੇ ਹੀ ਸਤਕਾਰਯੋਗ ਹਨ ਜਿੰਨਾ ਕਿ ਕੋਈ ਹੋਰ ਆਗੂ। ਇਸ ਲਈ ਸਾਨੂੰ ਸਾਰੀਆਂ ਪੰਥਕ ਜਥੇਬੰਦੀਆਂ, ਟਕਸਾਲਾਂ , ਅਖੰਡ ਕੀਰਤਨੀ ਜਥਾ ਅਤੇ ਮਿਸ਼ਨਰੀ ਸਿੰਘਾਂ ਨੂੰ ਬਰਾਬਰ ਦਾ ਸਤਕਾਰ ਦੇਕੇ ਪੰਥਕ ਏਕਤਾ ਦਾ ਸਬੂਤ ਦੇਣਾਂ ਚਾਹੀਦਾ ਹੈ। ਭਾਈ ਰਾਜਮਨਵਿੰਦਰ ਸਿੰਘ ਨੇ ਆਖਿਆ ਕਿ ਪੰਥ ਨੂੰ ਨਵੀਂ ਸਿੱਖ ਲੀਡਰਸ਼ਿੱਪ ਪਰਦਾਨ ਕਰਨ ਲਈ 2 ਦਸੰਬਰ ਦੇ ਹੁਕਮਨਾਮੇ ਇੱਕ ਰਾਹ ਦਰਸਾਵਾ ਹਨ। ਜਿਹੜੇ ਉਨ੍ਹਾਂ ਹੁਕਮਨਾਮਿਆਂ ਨੂੰ ਪਿੱਠ ਦੇ ਰਹੇ ਹਨ ਉਹ ਪੰਥਕ ਕਾਜ ਦੇ ਸਹਾਈ ਨਹੀ ਹੋ ਰਹੇ। ਆਪ ਜੀ ਨੇ ਭਾਈ ਕੁਲਦੀਪ ਸਿੰਘ ਗੜਗੱਜ ਦੀ ਨਿਯੁਕਤੀ ਉੱਤੇ ਵੀ ਸਵਾਲ ਚੁੱਕੇ।

ਪੰਥਕ ਆਗੂ ਭਾਈ ਚੰਦਰ ਸ਼ੇਖਰ ਸਿੰਘ ਗੁਰੂ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਬੇਨਤੀ ਕੀਤੀ ਕਿ ਆਪਾਂ ਵਿਦੇਸ਼ੀ ਸਿੱਖਾਂ ਦਾ ਇੱਕ ਸੰਗਠਨ ਬਣਾਈਏ ਜਿਸ ਵਿੱਚ ਹਰ ਮੁਲਕ ਵਿੱਚੋ ਪੰਜ ਸਿੰਘਾਂ ਨੂੰ ਲੈ ਲਿਆ ਜਾਵੇ ਤਾਂ ਕਿ ਉਹ ਪੰਥਕ ਸੰਗਠਨ ਵਿਦੇਸ਼ੀ ਸਿੱਖਾਂ ਦੀ ਅਵਾਜ਼ ਤਖਤ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਤੱਕ ਪਹੁੰਚਦੀ ਕਰਨ। ਭਾਈ ਸਾਹਿਬ ਨੇ ਇਹ ਗਿਲਾ ਵੀ ਕੀਤਾ ਕਿ ਵਿਦੇਸ਼ੀ ਸਿੱਖਾਂ ਦੀ ਅਵਾਜ਼ ਉਸ ਸਤਿਕਾਰ ਨਾਲ ਨਹੀ ਸੁਣੀ ਜਾਂਦੀ ਜਿਵੇਂ ਸੁਣੀ ਜਾਣੀ ਚਾਹੀ ਹੈ ਪਰ ਫਿਰ ਵੀ ਸਾਨੂੰ ਵਿਦੇਸ਼ੀ ਸਿੱਖਾਂ ਦੇ ਮਸਲੇ ਸੰਗਠਿਤ ਅਵਾਜ਼ ਵਿੱਚ ਉਠਾਉਂਦੇ ਰਹਿਣਾਂ ਚਾਹੀਦਾ ਹੈ।

ਅਵਤਾਰ ਸਿੰਘ ਪੱਤਰਕਾਰ ਨੇ, ਸ੍ਰੀ ਅਕਾਲ ਤਖਤ ਸਾਹਿਬ ਦੇ ਰੁਹਾਨੀ ਸੰਕਲਪ ਦੀ ਫਿਲਾਸਫੀ ਅਤੇ ਇਸਦੇ ਸਿੱਖ ਮਾਨਸਿਕਤਾ ਨਾਲ ਗਹਿਰੇ ਰਿਸ਼ਤੇ ਦੀ ਵਿਆਖਿਆ ਕਰਦਿਆਂ ਆਖਿਆ ਕਿ ਦੁਸ਼ਮਣ ਸਾਨੂੰ ਆਪਣੇ ਅਧਿਆਤਮਕ ਸੋਮੇ ਤੋਂ ਤੋੜਨ ਲਈ ਕਾਫੀ ਸਰਗਰਮੀ ਨਾਲ ਕਾਰਜ ਕਰ ਰਿਹਾ ਹੈ। ਦੁਸ਼ਮਣ ਦੇ ਇਸ ਹਮਲੇ ਨੂੰ ਪਛਾੜਨ ਲਈ ਇੱਕ ਤਾਂ ਸਾਨੂੰ ਆਪਣੀ ਇਤਿਹਾਸਕਾਰੀ ਅਤੇ ਖੋਜਪਰੰਪਰਾ ਨੂੰ ਮੁੜ ਤੋਂ ਸੰਗਠਿਤ ਕਰਨਾ ਪਵੇਗਾ ਦੂਜਾ ਸਾਨੂੰ ਦਸਮ ਪਿਤਾ ਦੇ ਨਾਦੀ ਪੁੱਤਰ ਹੋਣ ਦੇ ਨਾਤੇ ਉਨ੍ਹਾਂ ਧਾਰਮਕ ਵਖਰੇਵਿਆਂ ਨੂੰ ਉਛਾਲਣ ਤੋਂ ਗੁਰੇਜ ਕਰਨਾ ਪਵੇਗਾ ਜਿਹੜੇ ਅਕਸਰ ਹੀ ਸਾਡੀ ਏਕਤਾ ਦਰਮਿਆਨ ਆ ਖੜ੍ਹਦੇ ਹਨ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਦੇ ਪੁੱਤਰ-ਧੀਆਂ ਹੋਣ ਦੀ ਸਾਡੀ ਸਾਂਝ ਉਨ੍ਹਾਂ ਵਖਰੇਵਿਆਂ ਨਾਲੋਂ ਬਹੁਤ ਮਜਬੂਤ ਹੈ ਜੋ ਦੁਸ਼ਮਣ ਨੇ ਸਾਡੇ ਦਰਮਿਆਨ ਪੈਦਾ ਕਰ ਦਿੱਤੇ ਹਨ। ਸਾਨੂੰ ਵਖਰੇਵਿਆਂ ਦੇ ਨਾਲ ਰਹਿਣ ਦੀ ਸੱਭਿਅਕ ਆਦਤ ਮਜਬੂਤ ਕਰਨੀ ਚਾਹੀਦੀ ਹੈ। ਉਨ੍ਹਾਂ ਆਖਿਆ ਕਿ ਵਰਤਮਾਨ ਪੰਥਕ ਸੰਕਟ ਦੇ ਸੰਦਰਭ ਵਿੱਚ ਸਰਬੱਤ ਖਾਲਸਾ ਨੂੰ ਮੁੜ ਕਾਰਜਸ਼ੀਲ ਕਰਨ ਬਾਰੇ ਵਿਚਾਰ ਕਰਨਾ ਚਾਹੀਦਾ ਹੈ।

ਪੰਥਕ ਵਿਦਵਾਨ ਭਾਈ ਕੁਲਵੰਤ ਸਿੰਘ ਢੇਸੀ ਨੇ ਵੀ ਵਰਤਮਾਨ ਪੰਥਕ ਸੰਕਟ ਦੇ ਸੰਦਰਭ ਵਿੱਚ ਮੱਤਭੇਦ ਤਿਆਗਕੇ ਗੁਰੂ ਮੱਤ ਅਨੁਸਾਰ ਕਾਰਜ ਕਰਨ ਦੀ ਬੇਨਤੀ ਕੀਤੀ। ਆਪ ਜੀ ਨੇ ਸਿੱਖ ਇਤਿਹਾਸਕਾਰੀ ਦੀ ਖੱਬੇਪੱਖੀ ਵਿਆਖਿਆ ਨੂੰ ਵੀ ਨਕਾਰਨ ਦੀ ਅਪੀਲ ਕੀਤੀ। ਭਾਈ ਰਣਜੀਤ ਸਿੰਘ ਸੀਹਰਾ ਨੇ ਵੀ ਆਪਣੇ ਵਿਚਾਰ ਪਰਗਟ ਕਰਦੇ ਹੋਏ ਪੰਥਕ ਏਕਤਾ ਨੂੰ ਮਜਬੂਤ ਕਰਨ ਦੀ ਗੱਲ ਕੀਤੀ।

ਇਸ ਸਮਾਗਮ ਨੂੰ ਭਾਈ ਮਨਪ੍ਰੀਤ ਸਿੰਘ ਅਤੇ ਪੰਥਕ ਵਿਦਵਾਨ ਭਾਈ ਭਗਵਾਨ ਸਿੰਘ ਜੌਹਲ ਨੇ ਵੀ ਸੰਬੋਧਨ ਕੀਤਾ।




ਗੁਰਦੁਆਰਾ ਸ਼ਹੀਦਾਂ ਜਸੋਵਾਲ ਬੱਬਰਾਂ ਦੇ ਹਾਈ ਕੋਰਟ ਜੋ ਵੱਡਾ ਦੀਵਾਨ ਹਾਲ ਦੇ ਮੂਹਰੇ 21 ਫੁੱਟ ਲੰਬਾ 50 ਫੁੱਟ ਚੌੜਾ ਬਰਾਂਡਾ ਬਣਾਉਣ ਵਾਸਤੇ ਮੋਟਾ ਪੱਥਰ ਗਟਕਾ ਬਜਰੀ ਇੱਟਾਂ ਥੋੜਾ ਸਮਾਨ ਲਿਆਂਦਾ ਹੈ ਗੁਰੂ ਦੀ ਸੰਗਤ ਅਤੇ ਦਾਨੀ ਸੱਜਣਾਂ ਨੂੰ ਬੇਨਤੀ ਹੈ ਕਿ ਅੱਠ ਦਸ ਦਿਨ ਬਾਅਦ ਕਾਰ ਸੇਵਾ ਆਰੰਭ ਹੋਵੇਗੀ ਸੇਵਾ ਵਿੱਚ ਯੋਗਦਾਨ ਜਰੂਰ ਪਾਉਣਾ ਜੀ ਬੇਨਤੀ ਕਰਤਾ ਚਰਨਜੀਤ ਸਿੰਘ ਜੱਸੋਵਾਲ

# ਆਲ ਪੰਜਾਬ ਡੀ ਐਸ ਟੀ/ਸੀ ਟੀ ਐਸ ਕੰਟੈਰਕਟ ਇੰਸਟਰਕਟਰ ਯੂਨੀਅਨ ਨੇ ਦਿੱਤਾ ਮੰਗ ਪੱਤਰ



**ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )**-ਆਲ ਪੰਜਾਬ ਡੀ ਐਸ ਟੀ/ਸੀ ਟੀ ਐਸ ਕੰਟੈਰਕਟ ਇੰਸਟਰਕਟਰ ਯੂਨੀਅਨ ਦੀ ਮੀਟਿੰਗ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਯੂਨੀਅਨ ਦੇ ਪ੍ਰਧਾਨ ਵੱਲੋ ਦੱਸਿਆ ਕਿ ਸਾਡੀ ਮੀਟਿੰਗ ਮਾਨਯੋਗ ਮੁੱਖ ਮੰਤਰੀ ਸਾਹਿਬ ਜੀ ਨਾਲ ਤਿੰਨ ਵਾਰ ਹੋ ਚੁੱਕੀ ਹੈ , ਮਾਨਯੋਗ ਵਿੱਤ ਮੰਤਰੀ ਸਾਹਿਬ ਨਾਲ ਸਾਡੀ ਮੀਟਿੰਗ 12 ਵਾਰ ਹੋ ਚੁੱਕੀ ਹੈ ਅਤੇ ਤਕਨੀਕੀ ਸਿੱਖਿਆ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਜੀ ਨਾਲ ਸਾਡੀ ਬਹੁਤ ਵਾਰ ਮੀਟਿੰਗ ਹੋ ਚੁੱਕੀ ਹੈ ਅਤੇ ਇਹਨਾਂ ਤੋ ਇਲਾਵਾ ਅਮਨ ਅਰੋੜਾ ਜੀ, ਲਾਲਜੀਤ ਭੁੱਲਰ ਜੀ , ਮੈਡਮ ਡਾਕਟਰ ਗੁਰਪ੍ਰੀਤ ਕੌਰ ਜੀ ਅਤੇ ਹੋਰ ਕਈ ਕੈਬਿਨੇਟ ਮੰਤਰੀ ਸਾਹਿਬ ਨਾਲ ਸਾਡੀ ਮੀਟਿੰਗ ਹੋ ਚੁੱਕੀ ਹੈ। ਇਹਨਾ ਸਾਰੀਆਂ ਮੀਟਿੰਗਾਂ ਵਿੱਚ ਸਾਨੂੰ ਸਾਡੀਆਂ ਮੰਗਾ ਪੂਰੀਆਂ ਕਰਨ ਲਈ ਵਿਸ਼ਵਾਸ਼ ਦਵਾਇਆ ਗਿਆ ਸੀ ਪਰ ਸਾਡੀਆਂ ਮੰਗਾ ਸਾਢੇ ਤਿੰਨ ਸਾਲ ਬੀਤਣ ਉਪਰੰਤ ਵੀ ਇਸ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੂਰੀਆਂ ਨਹੀਂ ਕੀਤੀਆਂ ਗਈਆਂ ਜਦੋਂ ਕੇ ਵੋਟਾਂ ਤੋਂ ਪਹਿਲਾ ਸਾਡੇ ਨਾਲ ਵਾਧੇ ਕੀਤੇ ਗਏ ਸਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਪਹਿਲ ਦੇ ਅਧਾਰ ਤੇ ਕੰਮ ਕੀਤੇ ਜਾਣਗੇ। ਸਾਡੀ ਆਖਰੀ ਮੀਟਿੰਗ 29/05/2025 ਨੂੰ ਮਾਨਯੋਗ ਹਰਪਾਲ ਸਿੰਘ ਚੀਮਾ ਜੀ ਨਾਲ ਪੈਨਲ ਮੀਟਿੰਗ ਹੋਈ ਸੀ ਜਿਸ ਵਿੱਚ ਤਕਨੀਕੀ ਸਿੱਖਿਆ ਵਿਭਾਗ ਦੇ ਮਾਨਯੋਗ ਡਾਇਰੈਕਟਰ ਸਾਹਿਬ ਅਤੇ ਵਿੱਤ ਵਿਭਾਗ ਦੇ ਸਕੱਤਰ ਸਾਹਿਬ ਮੌਜੂਦ ਸਨ। ਹਰ ਵਾਰ ਦੀ ਤਰ੍ਹਾਂ ਸਾਨੂੰ ਮੀਟਿੰਗ ਵਿੱਚ ਮੰਗਾ ਪੂਰੀਆਂ ਕਰਨ ਲਈ ਭਰੋਸਾ ਦਵਾਇਆ ਗਿਆ ਸੀ ਪਰ ਅੱਜ 2 ਮਹੀਨੇ ਬੀਤਣ ਤੇ ਵੀ ਸਾਡਾ ਕੋਈ ਹੱਲ ਨਹੀਂ ਹੋਇਆ।

ਅਸੀ ਆਪਣੀ ਨੌਕਰੀ ਨੂੰ ਸੁਰੱਖਿਅਤ ਕਰਨ , ਤਨਖਾਹਾਂ ਵਿਚ ਵਾਧਾ ਕਰਨ ਲਈ ਬੇਨਤੀ ਕੀਤੀ ਸੀ ਪਰ ਸਾਡੇ ਪੱਲੇ ਕੁਸ਼ ਨਾ ਪਿਆ। ਵਿਭਾਗ ਵਿਚ ਪਤਾ ਕਰਨ ਤੇ ਸਾਨੂੰ ਪਤਾ ਲੱਗਾ ਕਿ ਵਿਭਾਗ ਵੱਲੋਂ ਸਾਡੀਆਂ ਮੰਗਾ ਸਬੰਧੀ ਫਾਈਲ ਵਿੱਤ ਵਿਭਾਗ ਵਿਚ ਭੇਜੀ ਹੋਈ ਹੈ ਅਤੇ ਵਿੱਤ ਮੰਤਰੀ ਵੱਲੋਂ ਰੋਕ ਲਾਈ ਗਈ ਹੈ। ਅਤੇ ਮੰਤਰੀ ਸਾਹਿਬ ਵੱਲੋ ਇਹ ਕਿਹਾ ਜਾ ਰਿਹਾ ਹੈ ਕਿ ਅਸੀਂ ਫਾਈਲ ਮੁੱਖ ਮੰਤਰੀ ਸਾਹਿਬ ਕੋਲ ਭੇਜੀ ਹੋਈ ਹੈ। ਇਸ ਤੋਂ ਇਹ ਪਤਾ ਲਗਦਾ ਹੈ ਕਿ ਦੋਨਾਂ ਪਾਸਿਆਂ ਤੋਂ ਯੂਨੀਅਨ ਨੂੰ ਉਲਝਾ ਕੇ ਰੱਖਿਆ ਗਿਆ ਹੈ ਅਤੇ ਸਾਨੂੰ ਲਾਰੇ ਲੱਪੇ ਲਗਾਏ ਜਾ ਰਹੇ ਹਨ । ਇਸੇ ਤੋਂ ਤੰਗ ਆ ਕੇ ਯੂਨੀਅਨ ਵੱਲੋਂ ਵਿੱਤ ਮੰਤਰੀ ਸਾਹਿਬ ਦੇ ਹਲਕਾ ਦਿੜ੍ਹਬਾ ਵਿਚ ਮਿਤੀ 27/07/2025 ਨੂੰ ਰੋਸ ਪ੍ਰਦਰਸ਼ਨ ਕਰਨ ਲਈ ਤਿਆਰੀ ਵਿੱਢ ਲਈ ਗਈ ਹੈ। ਯੂਨੀਅਨ ਆਗੂ ਵੱਲੋ ਇਹ ਚੇਤਾਵਨੀ ਦਿੱਤੀ ਗਈ ਕੇ ਜੇਕਰ ਸਰਕਾਰ ਸਾਡੀਆਂ ਮੰਗਾ ਜਲਦੀ ਪੂਰੀਆਂ ਨਹੀਂ ਕਰਦੀ ਤਾਂ ਇਹ ਸੰਘਰਸ਼ ਤਿੱਖਾ ਕਰਦੇ ਹੋਏ ਪੱਕੇ ਤੌਰ ਤੇ ਕੰਮ ਬੰਦ ਕਰਕੇ ਧਰਨਾ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਯੂਨੀਅਨ ਪ੍ਰਧਾਨ ਸੰਦੀਪ ਸਿੰਘ ਗਗੜੇਵਾਲ , ਸਿਮਰਨਜੀਤ ਸਿੰਘ ਫਿਰੋਜ਼ਪੁਰ ,ਕਿਰਨਦੀਪ ਸਿੰਘ ਰੁਪਾਣਾ, ਮਨਜਿੰਦਰ ਸਿੰਘ ਅਤੇ ਯੂਨੀਅਨ ਦੇ ਹੋਰ ਮੈਂਬਰ ਹਾਜਰ ਸਨ।

## ਨਸ਼ਿਆਂ ਦੇ ਖਾਤਮੇ ਰਹੀ ਸਰਕਾਰ ਦਾ ਤੇ ਹਲਕਾ ਚਾਰਜ ਗਿੱਲ ਦਾ ਸਾਥ ਦਿਆਂਗੇ ਬੱਬਰ ਮੱਤੇਵਾਲ





**ਚੌਕ ਮਹਿਤਾ, 15 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੂਬਾ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਦਿਨ ਪ੍ਰਤੀ ਦਿਨ ਵੱਡੇ ਵੱਡੇ ਨਸ਼ੇ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਜੇਲਾਂ ਵਿੱਚ ਭੇਜ ਰਹੇ ਹਨ ਇਸੇ ਹੀ ਲੜੀ ਤਹਿਤ ਹਲਕਾ ਮਜੀਠਾ ਦੇ ਇੰਚਾਰਜ ਤਲਵੀਰ ਸਿੰਘ ਗਿੱਲ ਦੀ ਅਗਵਾਈ ਵਿੱਚ ਉਹਨਾਂ ਨੂੰ ਨਸ਼ਾ ਖਾਤਮੇ ਲਈ ਪੂਰਨ ਸਹਿਯੋਗ ਦਿੱਤਾ ਜਾਵੇਗਾ ਇਨਾ ਸ਼ਬਦਾਂ ਦਾ ਪ੍ਰਗਟਾਵਾ ਸੁਲੱਖਣ ਸਿੰਘ ਬੱਬਰ ਮੱਤੇਵਾਲ ਅਤੇ ਤਰਸੇਮ ਸਿੰਘ ਗਾਡ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਹਲਕਾ ਮਜੀਠਾ ਬਹੁਤ ਹੀ ਮਿਹਨਤੀ ਹਲਕਾ ਇਨਚਾਰਜ ਮਿਲਿਆ ਹੈ ਜਿਸ ਨਾਲ ਹਲਕੇ ਦੀ ਵਿਕਾਸ ਕਾਰਜਾਂ ਨਕਸ਼ਾ ਹੀ ਬਦਲ ਜਾਵੇਗਾ ਤੇ ਹਲਕੇ ਦੇ ਲੋਕ ਦਿਨ ਪ੍ਰਤੀ ਦਿਨ ਤਲਬੀਰ ਸਿੰਘ ਗਿੱਲ ਨਾਲ ਚਟਾਨ ਵਾਂਗ ਖੜ ਰਹੇ ਹਨ ਉਹਨਾਂ ਕਿਹਾ ਕਿ ਤਲਬੀਰ ਸਿੰਘ ਗਿੱਲ ਹਲਕੇ ਚ ਆਉਣ ਨਾਲ ਲੋਕਾਂ ਵਿੱਚ ਕਾਫੀ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ ਅਤੇ ਲੋਕ ਦਿਨ ਪ੍ਰਤੀ ਦਿਨ ਆਪ ਪਾਰਟੀ ਨਾਲ ਜੁੜ ਰਹੇ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV